ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

https://youtu.be/LQwolgxDu7I

awazeqaumtvpunjab@gmail.com

ਸੋਮਵਾਰ, 21 ਜੁਲਾਈ 2025 (ਨਾਨਕਸ਼ਾਹੀ ਸੰਮਤ : ੫੫੭, ੬ ਸਾਵਣ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## ਪੰਜਾਬ 'ਚ ਭੀਖ ਮੰਗਣ ਵਾਲੀ ਔਰਤ ਸਮੇਤ 6 ਬੱਚੇ ਗ੍ਰਿਫਤਾਰ, ਅਗਲੀ ਕਾਰਵਾਈ ਲਈ ਤਿਆਰੀ ਜਾਰੀ

**ਅੰਮ੍ਰਿਤਸਰ, 20 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਗੁਰੂ ਕੀ ਨਗਰੀ ਨੂੰ ਭਿਖਾਰੀ ਮੁਕਤ ਬਣਾਉਣ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸ਼ੁਰੂ ਕੀਤੀ ਗਈ ਮੁਹਿੰਮ ਤਹਿਤ ਮਹਾਨਗਰ ਦੇ ਮੁੱਖ ਚੌਕਾਂ ਅਤੇ ਚੌਰਾਹਿਆਂ 'ਤੇ ਭੀਖ ਮੰਗਣ ਵਾਲੇ ਬੱਚਿਆਂ ਅਤੇ ਔਰਤਾਂ ਨੂੰ ਗ੍ਰਿਫ਼ਤਾਰ ਕੀਤਾ ਜਾ ਰਿਹਾ ਹੈ। ਉਥੇ ਹੀ ਇਸ ਸਬੰਧ 'ਚ ਹੋਰ ਅੱਗੇ ਵਧਦੇ ਹੋਏ ਡੀ. ਸੀ. ਪੀ. ਓ. ਦਫ਼ਤਰ ਦੀ ਟੀਮ ਨੇ ਸ੍ਰੀ ਹਰਿਮੰਦਰ ਸਾਹਿਬ ਦੇ ਆਲੇ-ਦੁਆਲੇ ਦੇ ਖੇਤਰ 'ਚ ਰੇਡ ਕਰਕੇ ਇਕ ਔਰਤ ਨੂੰ ਭੀਖ ਮੰਗਣ ਵਾਲੇ 6 ਬੱਚਿਆਂ ਸਮੇਤ ਗ੍ਰਿਫ਼ਤਾਰ ਕੀਤਾ ਹੈ। ਇਨ੍ਹਾਂ ਬੱਚਿਆਂ ਨੂੰ ਪ੍ਰਸ਼ਾਸਨ ਵੱਲੋਂ ਪਿੰਗਲਵਾੜਾ 'ਚ ਭੇਜ ਦਿੱਤਾ ਗਿਆ ਹੈ, ਜਦੋਂ ਕਿ ਉਨ੍ਹਾਂ ਦੀ ਮਾਂ ਉਰਫ਼ ਸਰਗਣਾ ਨੂੰ ਕਿਸੇ ਹੋਰ ਸੈਂਟਰ 'ਚ ਭੇਜ ਦਿੱਤਾ ਗਿਆ ਹੈ। ਇਨ੍ਹਾਂ ਸਾਰੇ ਬੱਚਿਆਂ ਦੇ ਦਸਤਾਵੇਜ਼ਾਂ ਦੀ ਜਾਂਚ ਕਰਨ ਤੋਂ ਬਾਅਦ ਉਨ੍ਹਾਂ ਦਾ ਡੀ. ਐੱਨ. ਏ. ਟੈਸਟ ਕਰਵਾਉਣ ਦੀ ਪ੍ਰਕਿਰਿਆ ਸ਼ੁਰੂ ਕੀਤੀ ਜਾਵੇਗੀ। ਜ਼ਿਲ੍ਹਾ ਬਾਲ ਸੁਰੱਖਿਆ ਅਧਿਕਾਰੀ ਤਰਨਜੀਤ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਮਹਾਨਗਰ 'ਚ ਭੀਖ ਮੰਗਣ ਵਾਲਿਆਂ ਅਤੇ ਭੀਖ ਮੰਗਵਾਉਣ ਵਾਲਿਆਂ ਵਿਰੁੱਧ ਸਖ਼ਤ ਕਾਰਵਾਈ ਕਰਨ ਦੇ ਹੁਕਮ ਜਾਰੀ ਕੀਤੇ ਹਨ। ਇਸ ਤੋਂ ਪਹਿਲਾਂ ਵੀ ਗੋਲਡਨ ਗੇਟ ਨੇੜੇ ਇਕ ਭਿਖਾਰੀ ਸਰਗਣੇ ਨੂੰ ਕੁਝ ਬੱਚਿਆਂ ਸਮੇਤ ਫੜਿਆ ਗਿਆ ਸੀ। ਫਿਲਹਾਲ ਮਾਮਲੇ ਦੀ ਜਾਂਚ ਜਾਰੀ ਹੈ। ਜ਼ਿਕਰਯੋਗ ਹੈ ਕਿ ਇਸ ਤੋਂ ਪਹਿਲਾਂ ਵੀ 4 ਜੁਲਾਈ ਨੂੰ ਜ਼ਿਲ੍ਹਾ ਪ੍ਰਸ਼ਾਸਨ ਨੇ ਸਥਾਨਕ ਰਣਜੀਤ ਐਵੇਨਿਊ ਇਲਾਕੇ ਤੋਂ ਨਿਰਮਲਾ ਨਾਂ ਦੀ ਇਕ ਔਰਤ ਨੂੰ ਗ੍ਰਿਫ਼ਤਾਰ ਕੀਤਾ ਸੀ, ਜੋ ਬੱਚਿਆਂ ਕੋਲੋਂ ਜ਼ਬਰਦਸਤੀ ਭੀਖ ਮੰਗਵਾਉਂਦੀ ਸੀ।

## ਅਹਿਮਦਾਬਾਦ ਜਹਾਜ਼ ਹਾਦਸਾ

# ਜਾਂਚ ਦੌਰਾਨ ਹੋਰ ਹੈਰਾਨੀਜਨਕ ਤੱਥ ਆਏ ਸਾਹਮਣੇ

**ਨਵੀਂ ਦਿੱਲੀ, 20 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਏਅਰ ਇੰਡੀਆ ਦੀ ਉਡਾਣ 19-171 ਦੀ ਜਾਂਚ ਵਿੱਚ ਹੁਣ ਕਈ ਹੈਰਾਨ ਕਰਨ ਵਾਲੇ ਖੁਲਾਸੇ ਸਾਹਮਣੇ ਆ ਰਹੇ ਹਨ, ਜੋ 12 ਜੂਨ ਨੂੰ ਅਹਿਮਦਾਬਾਦ ਤੋਂ ਉਡਾਣ ਭਰਨ ਤੋਂ ਤੁਰੰਤ ਬਾਅਦ ਹਾਦਸਾਗ੍ਰਸਤ ਹੋ ਗਈ ਸੀ। ਬੋਇੰਗ ਡ੍ਰੀਮਲਾਈਨਰ ਜਹਾਜ਼ ਦੇ ਮਲਬੇ ਦੀ ਜਾਂਚ ਕਰ ਰਹੀ ਟੀਮ ਨੂੰ ਜਹਾਜ਼ ਦੇ ਟੇਲ ਸੈਕਸ਼ਨ ਵਿੱਚ ਸੀਮਤ ਬਿਜਲੀ ਦੀ ਅੱਗ ਦੇ ਸੰਕੇਤ ਮਿਲੇ ਹਨ। ਜਹਾਜ਼ ਹਾਦਸੇ ਅਤੇ ਬਾਲਣ ਧਮਾਕੇ ਤੋਂ ਟੇਲ ਸੈਕਸ਼ਨ ਨੂੰ ਮੁਕਾਬਲਤਨ ਘੱਟ ਨੁਕਸਾਨ ਹੋਇਆ। ਕੁਝ ਬਿਜਲੀ ਦੇ ਹਿੱਸਿਆਂ ਵਿੱਚ ਸੀਮਤ ਅੱਗ ਲੱਗੀ ਸੀ, ਜੋ ਦਰਸਾਉਂਦੀ ਹੈ ਕਿ ਉਡਾਣ ਦੌਰਾਨ ਬਿਜਲੀ ਸਪਲਾਈ ਦੀ ਸਮੱਸਿਆ ਹੋ ਸਕਦੀ ਹੈ। ਇੱਕ ਰਿਪੋਰਟ ਵਿੱਚ ਜਾਂਚ ਅਧਿਕਾਰੀਆਂ ਦੇ ਹਵਾਲੇ ਨਾਲ ਕਿਹਾ ਹੈ ਕਿ ਟੇਲ ਸੈਕਸ਼ਨ ਤੋਂ ਬਰਾਮਦ ਕੀਤੀ ਗਈ ਸਮੱਗਰੀ ਨੂੰ ਅਹਿਮਦਾਬਾਦ ਵਿੱਚ ਸੁਰੱਖਿਅਤ ਰੱਖਿਆ ਗਿਆ ਹੈ ਅਤੇ ਇਸ ਰਾਹੀਂ ਇਹ ਪਤਾ



ਲਗਾਇਆ ਜਾਵੇਗਾ ਕਿ ਬਿਜਲੀ ਪ੍ਰਣਾਲੀ ਵਿੱਚ ਕੀ ਤਕਨੀਕੀ ਨੁਕਸ ਆਇਆ ਸੀ। ਜਹਾਜ਼ ਦਾ ਪਿਛਲਾ ਬਲੈਕ ਬਾਕਸ ਬੀਜੇ ਮੈਡੀਕਲ ਕਾਲਜ ਦੇ ਹੋਸਟਲ ਦੀ ਛੱਤ ਤੋਂ ਮਿਲਿਆ ਸੀ ਪਰ ਇਸ ਵਿੱਚ ਇੰਨਾ ਜ਼ਿਆਦਾ ਥਰਮਲ ਨੁਕਸਾਨ ਸੀ ਕਿ ਡੇਟਾ ਕੱਢਣਾ ਸੰਭਵ ਨਹੀਂ ਸੀ। ਜਦੋਂ ਕਿ ਸਾਹਮਣੇ ਵਾਲਾ ਬਲੈਕ ਬਾਕਸ 16 ਜੂਨ ਨੂੰ ਮਲਬੇ ਵਿੱਚੋਂ ਬਰਾਮਦ ਕੀਤਾ ਗਿਆ ਸੀ ਅਤੇ 49 ਘੰਟਿਆਂ ਦੀ ਉਡਾਣ ਦੀ ਜਾਣਕਾਰੀ ਅਤੇ 6 ਉਡਾਣਾਂ ਦਾ ਡੇਟਾ, ਕਰੈਸ਼ ਤੋਂ ਦੋ ਘੰਟੇ ਪਹਿਲਾਂ ਦੀ ਆਡੀਓ ਰਿਕਾਰਡਿੰਗ ਦੇ ਨਾਲ, ਇਸ ਵਿੱਚੋਂ ਕੱਢਿਆ ਜਾ ਸਕਿਆ। ਹਾਦਸੇ ਤੋਂ ਪਹਿਲਾਂ, ਉਡਾਣ 19-423 (ਦਿੱਲੀ ਤੋਂ ਅਹਿਮਦਾਬਾਦ) ਦੌਰਾਨ ਸਟੈਬੀਲਾਈਜ਼ਰ ਪੋਜੀਸ਼ਨ ਟ੍ਰਾਂਸਡਿਊਸਰ ਵਿੱਚ ਇੱਕ ਨੁਕਸ ਦਰਜ ਕੀਤਾ ਗਿਆ ਸੀ, ਜਿਸਨੂੰ ਅਹਿਮਦਾਬਾਦ ਵਿੱਚ ਰੱਖ-ਰਖਾਅ ਟੀਮ ਦੁਆਰਾ ਠੀਕ ਕੀਤਾ ਗਿਆ ਸੀ। ਪਰ ਹਾਦਸੇ ਦੇ ਸਮੇਂ, ਇਹ ਕੰਪੋਨੈਂਟ ਜਹਾਜ਼ ਦੇ ਟੇਲ ਸੈਕਸ਼ਨ ਵਿੱਚ ਸਥਿਤ ਸੀ, ਜੋ ਹੁਣ ਜਾਂਚ ਦਾ ਕੇਂਦਰ ਬਣ ਗਿਆ ਹੈ। ਦੱਸ ਦਈਏ ਕਿ ਜਹਾਜ਼ ਦਾ ਆਕਜ਼ੀਲਰੀ ਪਾਵਰ ਯੂਨਿਟ ਵੀ ਟੇਲ ਸੈਕਸ਼ਨ ਵਿੱਚ ਸਥਿਤ ਹੈ, ਜਿਸਨੂੰ ਸੁਰੱਖਿਅਤ ਅਤੇ ਬਰਕਰਾਰ ਪਾਇਆ ਗਿਆ ਹੈ।

## 280 ਯਾਤਰੀਆਂ ਨਾਲ ਭਰੇ ਜਹਾਜ਼ ਨੂੰ ਲੱਗੀ ਭਿਆਨਕ ਅੱਗ, ਲੋਕਾਂ 'ਚ ਪੈ ਗਿਆ ਚੀਕ-ਚਿਹਾੜਾ

**ਬਾਲੀ (ਇੰਡੋਨੇਸ਼ੀਆ), 20 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਇੰਡੋਨੇਸ਼ੀਆ ਦੇ ਉੱਤਰੀ ਸੁਲਾਵੇਸੀ ਸੂਬੇ ਦੇ ਨੇੜੇ ਇੱਕ ਵੱਡਾ ਹਾਦਸਾ ਵਾਪਰਿਆ। ਟੈਲਿਸ ਟਾਪੂ ਦੇ ਨੇੜੇ ਕੇਐਮ ਬਾਰਸੀਲੋਨਾ ਵੀਏ ਨਾਮਕ ਇੱਕ ਜਹਾਜ਼ ਵਿੱਚ ਅਚਾਨਕ ਭਿਆਨਕ ਅੱਗ ਲੱਗ ਗਈ। ਅੱਗ ਲੱਗਦੇ ਹੀ ਜਹਾਜ਼ ਵਿੱਚ ਸਵਾਰ ਲੋਕਾਂ ਵਿੱਚ ਦਹਿਸ਼ਤ ਫੈਲ ਗਈ ਅਤੇ ਕਈ ਯਾਤਰੀਆਂ ਨੇ ਆਪਣੀ ਜਾਨ ਬਚਾਉਣ ਲਈ ਸਮੁੰਦਰ ਵਿੱਚ ਛਾਲ ਮਾਰ ਦਿੱਤੀ। ਜਾਣਕਾਰੀ ਅਨੁਸਾਰ, ਉਸ ਸਮੇਂ ਜਹਾਜ਼ ਵਿੱਚ 280 ਤੋਂ ਵੱਧ ਲੋਕ ਸਵਾਰ ਸਨ, ਜਿਨ੍ਹਾਂ ਵਿੱਚ ਔਰਤਾਂ ਅਤੇ ਬੱਚੇ ਵੀ ਸ਼ਾਮਲ ਸਨ। ਅੱਗ ਲੱਗਣ ਕਾਰਨ ਜਹਾਜ਼ ਵਿੱਚ ਧੂੰਆਂ ਫੈਲ ਗਿਆ ਅਤੇ ਯਾਤਰੀ ਬਹੁਤ ਘਬਰਾ ਗਏ। ਕਈ ਲੋਕ ਅੱਗ ਤੋਂ ਬਚਣ ਲਈ ਸਮੁੰਦਰ ਵਿੱਚ ਛਾਲ ਮਾਰਦੇ ਦੇਖੇ ਗਏ। ਇੰਡੋਨੇਸ਼ੀਆ ਵਿੱਚ



ਇੱਕ ਜਹਾਜ਼ ਵਿੱਚ ਭਿਆਨਕ ਅੱਗ ਲੱਗ ਗਈ, ਲੋਕਾਂ ਨੇ ਆਪਣੀ ਜਾਨ ਬਚਾਉਣ ਲਈ ਸਮੁੰਦਰ ਵਿੱਚ ਛਾਲ ਮਾਰ ਦਿੱਤੀ ਹੈ! ਘਟਨਾ ਦੀ ਸੂਚਨਾ ਮਿਲਦੇ ਹੀ ਬਚਾਅ ਟੀਮਾਂ ਮੌਕੇ 'ਤੇ ਪਹੁੰਚ ਗਈਆਂ ਅਤੇ ਸਮੁੰਦਰ ਵਿੱਚ ਖੋਜ ਕਾਰਜ ਸ਼ੁਰੂ ਕਰ ਦਿੱਤੇ ਗਏ। ਅਧਿਕਾਰੀਆਂ ਅਨੁਸਾਰ ਰਾਹਤ ਅਤੇ ਬਚਾਅ ਕਾਰਜ ਤੇਜ਼ੀ ਨਾਲ ਚੱਲ ਰਹੇ ਹਨ ਅਤੇ ਵੱਡੀ ਗਿਣਤੀ ਵਿੱਚ ਲੋਕਾਂ ਨੂੰ ਸਮੁੰਦਰ ਵਿੱਚੋਂ ਸੁਰੱਖਿਅਤ ਕੱਢ ਲਿਆ ਗਿਆ ਹੈ। ਹਾਲਾਂਕਿ, ਅੱਗ ਲੱਗਣ ਦੇ ਕਾਰਨਾਂ ਦਾ ਅਜੇ ਪਤਾ ਨਹੀਂ ਲੱਗ ਸਕਿਆ ਹੈ। ਪ੍ਰਸ਼ਾਸਨ ਨੇ ਘਟਨਾ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ। ਇਸ ਹਾਦਸੇ ਨੇ ਇੱਕ ਵਾਰ ਫਿਰ ਜਹਾਜ਼ ਦੇ ਸੁਰੱਖਿਆ ਪ੍ਰਬੰਧਾਂ 'ਤੇ ਸਵਾਲ ਖੜ੍ਹੇ ਕਰ ਦਿੱਤੇ ਹਨ। ਸਥਾਨਕ ਅਧਿਕਾਰੀ ਅਤੇ ਸਮੁੰਦਰੀ ਸੁਰੱਖਿਆ ਏਜੰਸੀਆਂ ਇਸ ਮਾਮਲੇ ਦੀ ਗੰਭੀਰਤਾ ਨਾਲ ਜਾਂਚ ਕਰ ਰਹੀਆਂ ਹਨ।

## ਅਕਾਲੀ ਦਲ ਨੇ ਤਰਨ ਤਾਰਨ ਜ਼ਿਮਨੀ ਚੋਣ ਲਈ ਐਲਾਨਿਆਂ ਉਮੀਦਵਾਰ, ਜਾਣੋ ਕਿਸ ਨੂੰ ਸੌਂਪੀ ਜ਼ਿੰਮੇਵਾਰੀ ?



**ਚੰਡੀਗੜ੍ਹ, 20 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਤਰਨਤਾਰਨ ਦੇ ਝਬਾਲ ਵਿੱਚ ਸ਼੍ਰੋਮਣੀ ਅਕਾਲੀ ਦਲ ਨੇ ਵੱਡੀ ਰੈਲੀ ਕੀਤੀ। ਇਸ ਮੌਕੇ ਪਾਰਟੀ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਬੀਬੀ ਸੁਖਵਿੰਦਰ ਕੌਰ ਰੰਧਾਵਾ ਨੂੰ ਤਰਨਤਾਰਨ ਹਲਕੇ ਦਾ ਇੰਚਾਰਜ ਲਾਇਆ ਜਾਂਦਾ ਹੈ। ਬਾਦਲ ਨੇ ਕਿਹਾ ਕਿ ਬੀਬੀ ਰੰਧਾਵਾ ਤਰਨਤਾਰਨ ਹਲਕੇ ਦੀ ਜ਼ਿਮਨੀ ਚੋਣ ਵਿੱਚ ਪਾਰਟੀ ਦੇ ਉਮੀਦਵਾਰ ਹੋਣਗੇ। ਸ਼੍ਰੋਮਣੀ ਅਕਾਲੀ ਦਲ ਵੱਲੋਂ ਵਿਧਾਨ ਸਭਾ ਹਲਕਾ ਤਰਨ ਤਾਰਨ ਦੀ ਸੀਟ ਨੂੰ ਆਪਣੀ ਮਜ਼ਬੂਤ ਸੀਟਾਂ ਵਿੱਚੋਂ ਇਕ ਗਿਣਿਆਂ ਜਾਂਦਾ ਹੈ ਪਰ ਇਸ ਵਾਰ ਜ਼ਿਮਨੀ ਚੋਣ ਵਿੱਚ ਅਕਾਲੀ ਦਲ ਲਈ ਰਾਹ ਸੌਖਾ ਨਹੀਂ ਹੈ। ਸ਼੍ਰੋਮਣੀ ਅਕਾਲੀ ਦਲ ਵੱਲੋਂ ਤਰਨ ਤਾਰਨ ਤੋਂ ਚੋਣ ਲੜਨ ਵਾਲੇ ਅਤੇ ਕਈ ਵਾਰ ਵਿਧਾਇਕ ਚੁਣੇ ਗਏ ਹਰਮੀਤ ਸਿੰਘ ਸੰਧੂ ਪਿਛਲੇ ਦਿਨੀਂ 'ਆਪ' ਵਿੱਚ ਸ਼ਾਮਲ ਹੋ ਗਏ ਹਨ। ਅਜਿਹੇ ਹਾਲਾਤ ਵਿੱਚ ਅਕਾਲੀ ਦਲ ਨੂੰ ਇੱਥੋਂ ਨਵੇਂ ਚਿਹਰੇ 'ਤੇ ਦਾਅ ਖੇਡਿਆ ਹੈ। ਜ਼ਿਕਰ ਕਰ ਦਈਏ ਕਿ ਤਰਨਤਾਰਨ ਵਿੱਚ ਹੋਣ ਵਾਲੀਆਂ ਉਪ ਚੋਣਾਂ ਲਈ, ਅਕਾਲੀ ਦਲ ਨੇ ਆਜ਼ਾਦ ਗਰੁੱਪ ਨਾਲ ਹੱਥ ਮਿਲਾਇਆ ਹੈ ਤੇ ਪ੍ਰਿੰਸੀਪਲ ਸੁਖਵਿੰਦਰ ਕੌਰ ਰੰਧਾਵਾ ਨੂੰ ਆਪਣਾ ਉਮੀਦਵਾਰ ਬਣਾਇਆ ਹੈ। ਅਕਾਲੀ ਦਲ ਨੇ ਅੱਜ ਤਰਨਤਾਰਨ ਵਿੱਚ ਉਪ ਚੋਣਾਂ ਲਈ ਇੱਕ ਰੈਲੀ ਕੀਤੀ ਅਤੇ ਤਿਆਰੀਆਂ ਦਾ ਐਲਾਨ ਕੀਤਾ। ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਬਾਦਲ ਨੇ ਅੱਜ ਰੈਲੀ ਵਿੱਚ ਆਮ ਆਦਮੀ ਪਾਰਟੀ 'ਤੇ ਬੇਅਦਬੀ ਦੀਆਂ ਘਟਨਾਵਾਂ ਪਿੱਛੇ ਹੱਥ ਹੋਣ ਦਾ ਦੋਸ਼ ਲਗਾਇਆ ਹੈ। ਧਿਆਨ ਦੇਣ ਯੋਗ ਹੈ ਕਿ ਤਰਨਤਾਰਨ ਨਗਰ ਕੌਂਸਲ ਦੇ 25 ਵਾਰਡਾਂ ਵਿੱਚੋਂ 8 ਆਜ਼ਾਦ ਗਰੁੱਪ ਦੇ ਕੌਂਸਲਰ ਹਨ ਅਤੇ ਉਨ੍ਹਾਂ ਨੂੰ ਕਈ ਪੰਚਾਂ ਅਤੇ ਸਰਪੰਚਾਂ ਦਾ ਸਮਰਥਨ ਵੀ ਪ੍ਰਾਪਤ ਹੈ।

## 114 ਸਾਲਾ ਸਿੱਖ ਦੌੜਾਕ ਫੌਜਾ ਸਿੰਘ ਪੰਜ ਤੱਤਾਂ 'ਚ ਵਿਲੀਨ; ਪੁੱਤਰਾਂ ਨੇ ਕੀਤਾ ਅੰਤਿਮ ਸਸਕਾਰ



**ਜਲੰਧਰ, 20 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਦੁਨੀਆ ਦੇ ਸਭ ਤੋਂ ਬਜ਼ੁਰਗ ਐਥਲੀਟ 114 ਸਾਲ ਦੀ ਉਮਰ ਦੇ ਫੌਜਾ ਸਿੰਘ ਐਤਵਾਰ ਨੂੰ ਪੰਜ ਤੱਤਾਂ ਵਿੱਚ ਲੀਨ ਹੋ ਗਏ। ਉਨ੍ਹਾਂ ਨੂੰ ਪੰਜਾਬ ਦੇ ਜਲੰਧਰ ਵਿੱਚ ਸਥਿਤ ਉਨ੍ਹਾਂ ਦੇ ਜੱਦੀ ਪਿੰਡ ਬਿਆਸ ਪਿੰਡ ਵਿੱਚ ਸਰਕਾਰੀ ਸਨਮਾਨਾਂ ਨਾਲ ਅੰਤਿਮ ਵਿਦਾਈ ਦਿੱਤੀ ਗਈ। ਉਨ੍ਹਾਂ ਦੇ ਪੁੱਤਰਾਂ ਨੇ ਚਿਤਾ ਨੂੰ ਅਗਨੀ ਦਿੱਤੀ। ਮ੍ਰਿਤਕ ਦੇਹ ਨੂੰ ਸਵੇਰੇ 9 ਵਜੇ ਤੋਂ ਦੁਪਹਿਰ 12:30 ਵਜੇ ਤੱਕ ਅੰਤਿਮ ਦਰਸ਼ਨ ਲਈ ਰੱਖਿਆ ਗਿਆ, ਜਿਸ ਤੋਂ ਬਾਅਦ ਅੰਤਿਮ ਸਸਕਾਰ ਕੀਤੇ ਗਏ। ਇਸ ਤੋਂ ਬਾਅਦ, ਪਿੰਡ ਦੇ ਸ਼ਮਸ਼ਾਨਘਾਟ ਵਿੱਚ ਅੰਤਿਮ ਸਸਕਾਰ ਕੀਤੇ ਗਏ। ਮੁੱਖ ਮੰਤਰੀ ਭਗਵੰਤ ਮਾਨ, ਰਾਜਪਾਲ ਗੁਲਾਬ ਚੰਦ ਕਟਾਰੀਆ ਸਮੇਤ ਕਈ ਆਗੂ ਸ਼ਰਧਾਂਜਲੀ ਦੇਣ ਲਈ ਪਹੁੰਚੇ। ਪ੍ਰਧਾਨ ਮੰਤਰੀ ਦਫ਼ਤਰ ਤੋਂ ਪਰਿਵਾਰ ਨੂੰ ਇੱਕ ਸ਼ੋਕ ਸੰਦੇਸ਼ ਵੀ ਭੇਜਿਆ ਗਿਆ। ਮੀਡੀਆ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪਿੰਡ ਦੇ ਸਟੇਡੀਅਮ ਵਿੱਚ ਫੌਜਾ ਸਿੰਘ ਦਾ ਬੁੱਤ ਲਗਾਇਆ ਜਾਵੇਗਾ। 114 ਸਾਲਾ ਐਥਲੀਟ ਫੌਜਾ ਸਿੰਘ ਨੂੰ ਆਪਣੇ ਘਰ ਤੋਂ 120



ਮੀਟਰ ਦੀ ਦੂਰੀ 'ਤੇ ਹਾਈਵੇਅ ਪਾਰ ਕਰਦੇ ਸਮੇਂ ਫਾਰਚੂਨਰ ਸਵਾਰ ਐਨਆਰਆਈ ਅੰਮ੍ਰਿਤਪਾਲ ਸਿੰਘ ਢਿੱਲੋਂ (27) ਨੇ ਟੱਕਰ ਮਾਰ ਦਿੱਤੀ। ਇਸ ਵਿੱਚ ਉਹ ਬੁਰੀ ਤਰ੍ਹਾਂ ਜ਼ਖਮੀ ਹੋ ਗਏ ਅਤੇ ਇਲਾਜ ਦੌਰਾਨ ਉਨ੍ਹਾਂ ਦੀ ਮੌਤ ਹੋ ਗਈ। ਜਲੰਧਰ ਦਿਹਾਤੀ ਪੁਲਿਸ ਨੇ ਹਾਦਸੇ ਤੋਂ 30 ਘੰਟੇ ਬਾਅਦ ਭੋਗਪੁਰ ਨੇੜੇ ਫਾਰਚੂਨਰ (ਪੀਬੀ20ਸੀ-7100) ਅਤੇ ਕਪੂਰਥਲਾ ਦੇ ਰਹਿਣ ਵਾਲੇ ਐਨਆਰਆਈ ਅੰਮ੍ਰਿਤਪਾਲ ਸਿੰਘ ਨੂੰ ਗ੍ਰਿਫ਼ਤਾਰ ਕਰ ਲਿਆ। ਅਦਾਲਤ ਵਿੱਚ ਪੇਸ਼ ਕਰਨ ਤੋਂ ਬਾਅਦ ਪੁਲਿਸ ਨੇ ਉਸਨੂੰ ਜੇਲ੍ਹ ਭੇਜ ਦਿੱਤਾ।

## ਅਨਮੋਲ ਗਗਨ ਮਾਨ ਦਾ ਅਸਤੀਫਾ ਨਾਮਨਜ਼ੂਰ ; ਵਿਧਾਇਕਾ ਨੇ ਮੰਨਿਆ ਪਾਰਟੀ ਦਾ ਫੈਸਲਾ

**ਚੰਡੀਗੜ੍ਹ, 20 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਖਰੜ ਤੋਂ ਵਿਧਾਇਕ ਅਤੇ ਸਾਬਕਾ ਮੰਤਰੀ ਅਨਮੋਲ ਗਗਨ ਮਾਨ ਨੇ ਆਪਣਾ ਅਸਤੀਫਾ ਵਾਪਸ ਲੈ ਲਿਆ ਹੈ। ਦਰਅਸਲ ਉਨ੍ਹਾਂ ਦੀ ਆਮ ਆਦਮੀ ਪਾਰਟੀ ਦੇ ਪ੍ਰਧਾਨ ਅਮਨ ਅਰੋੜਾ ਦੇ ਨਾਲ ਮੁਲਾਕਾਤ ਹੋਈ। ਇਸ ਦੌਰਾਨ ਉਨ੍ਹਾਂ ਦਾ ਅਸਤੀਫਾ ਨੂੰ ਨਾਮਨਜ਼ੂਰ ਕਰ ਦਿੱਤਾ ਹੈ। ਅਨਮੋਲ ਗਗਨ, ਜਿਸਨੇ ਪੰਜਾਬ ਸਰਕਾਰ ਵਿੱਚ ਵਿਧਾਇਕ ਦੇ ਅਹੁਦੇ ਤੋਂ ਅਸਤੀਫਾ ਦੇਣ ਅਤੇ ਰਾਜਨੀਤੀ ਛੱਡਣ ਦਾ ਐਲਾਨ ਕੀਤਾ ਸੀ, ਨੇ ਹੁਣ ਆਪਣਾ ਫੈਸਲਾ ਬਦਲ ਲਿਆ



ਹੈ। ਪਾਰਟੀ ਮੁਖੀ ਅਮਨ ਅਰੋੜਾ ਨੇ ਪਰਿਵਾਰਕ ਮਾਹੌਲ ਵਿੱਚ ਉਨ੍ਹਾਂ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਦੇ ਅਸਤੀਫੇ ਨੂੰ ਰੱਦ ਕਰਨ ਦੇ ਫੈਸਲੇ ਦਾ ਐਲਾਨ ਕੀਤਾ। ਮੀਟਿੰਗ ਤੋਂ ਬਾਅਦ, ਅਨਮੋਲ ਗਗਨ ਨੇ ਪਾਰਟੀ ਦੇ ਫੈਸਲੇ ਨੂੰ ਸਵੀਕਾਰ ਕਰ ਲਿਆ ਹੈ। ਅਮਨ ਅਰੋੜਾ ਨੇ ਕਿਹਾ ਕਿ ਉਨ੍ਹਾਂ ਨੇ ਅਨਮੋਲ ਗਗਨ ਨੂੰ ਪਾਰਟੀ ਅਤੇ ਖੇਤਰ ਦੀ ਤਰੱਕੀ ਲਈ ਇਕੱਠੇ ਕੰਮ ਕਰਨ ਦੀ ਅਪੀਲ ਕੀਤੀ, ਜਿਸਨੂੰ ਉਨ੍ਹਾਂ ਨੇ ਸਵੀਕਾਰ ਕਰ ਲਿਆ। ਹੁਣ ਉਹ ਪਾਰਟੀ ਨਾਲ ਸਰਗਰਮੀ ਨਾਲ ਕੰਮ ਕਰਦੇ ਰਹਿਣਗੇ।

**ਸਾਲ 2022 'ਚ ਪਹਿਲੀ ਵਾਰ ਜਿੱਤੀ ਸੀ ਚੋਣ :** ਸਾਲ 2022 'ਚ ਪਹਿਲੀ ਵਾਰ ਚੋਣ ਜਿੱਤਣ ਤੋਂ ਬਾਅਦ ਮੰਤਰੀ ਬਣੀ ਅਨਮੋਲ ਗਗਨ ਮਾਨ ਦਾ ਪਰਿਵਾਰ ਮੂਲ ਰੂਪ ਵਿੱਚ ਮਾਨਸਾ ਜ਼ਿਲ੍ਹੇ ਦੀ ਰਹਿਣ ਵਾਲੀ ਹੈ। ਹਾਲਾਂਕਿ, ਉਨ੍ਹਾਂ ਨੇ ਆਪਣਾ ਜ਼ਿਆਦਾਤਰ ਸਮਾਂ ਚੰਡੀਗੜ੍ਹ ਅਤੇ ਮੁਹਾਲੀ ਵਿੱਚ ਬਿਤਾਇਆ ਹੈ। ਉਸਨੇ ਆਪਣੀ ਪੜ੍ਹਾਈ ਚੰਡੀਗੜ੍ਹ ਤੋਂ ਪੂਰੀ ਕੀਤੀ। ਇਸ ਤੋਂ ਬਾਅਦ ਉਹ ਪੰਜਾਬੀ ਸੰਗੀਤ ਉਦਯੋਗ ਵਿੱਚ ਆਈ ਅਤੇ ਇੱਕ ਤੋਂ ਬਾਅਦ ਇੱਕ ਕਈ ਪੰਜਾਬੀ ਐਲਬਮਾਂ ਵਿੱਚ ਕੰਮ ਕੀਤਾ।

**ਮੰਤਰੀ ਅਹੁਦੇ ਤੋਂ ਹਟਾ ਦਿੱਤਾ ਗਿਆ ਸੀ :** ਅਨਮੋਲ ਗਗਨ ਮਾਨ ਨੇ ਸਾਲ 2022 ਵਿੱਚ ਖਰੜ ਤੋਂ ਪਹਿਲੀ ਵਾਰ ਵਿਧਾਨ ਸਭਾ ਚੋਣਾਂ ਜਿੱਤੀਆਂ। ਇਸ ਤੋਂ ਬਾਅਦ ਉਨ੍ਹਾਂ ਨੂੰ ਮੰਤਰੀ ਬਣਾਇਆ ਗਿਆ। ਹਾਲਾਂਕਿ, ਸਤੰਬਰ 2024 ਵਿੱਚ ਮੰਤਰੀ ਮੰਡਲ ਦੇ ਫੇਰਬਦਲ ਤੋਂ ਬਾਅਦ, ਉਸਨੂੰ ਮੰਤਰੀ ਦੇ ਅਹੁਦੇ ਤੋਂ ਹਟਾ ਦਿੱਤਾ ਗਿਆ ਸੀ। ਹੁਣ ਉਹ ਆਪਣੇ ਪਤੀ ਨਾਲ ਚੰਡੀਗੜ੍ਹ ਵਿੱਚ ਰਹਿੰਦੀ ਹੈ।

# ਚਰਨ ਸਰਨਿ ਗੁਰ ਏਕ ਪੈਡਾ ਜਾਇ ਚਲ
# ਸਤਿਗੁਰ ਕੋਟਿ ਪੈਡਾ ਆਗੇ ਹੋਇ ਲੇਤ ਹੈ

ਵਾਹਿਗੁਰੂ ਜੀ ਕਾ ਖ਼ਾਲਸਾ।

ਆਵਾਜ਼ਿ ਕੌਮ
AWAZE QAUM

## ਆਵਾਜ਼ਿ-ਕੌਮ ਟੂਰ ਐਂਡ ਟਰੈਵਲਜ਼

ਵਾਹਿਗੁਰੂ ਜੀ ਕੀ ਫ਼ਤਹਿ॥


**RAGHBIR SINGH (Call : +44 7976 210161)**
**121. Broadway west Walsall, West Midlands, WS1 4DW, England uk**



ਸ੍ਰੀ ਅਕਾਲ ਤਖ਼ਤ ਸਾਹਿਬ
SRI AKAL TAKHAT SAHIB


ਸ੍ਰੀ ਪਟਨਾ ਸਾਹਿਬ
SRI PATNA SAHIB


ਸ੍ਰੀ ਕੇਸਗੜ੍ਹ ਸਾਹਿਬ
SRI KESGARH SAHIB


ਸ੍ਰੀ ਦਮਦਮਾ ਸਾਹਿਬ
SRI DAMDAMA SAHIB


ਸ੍ਰੀ ਹਜ਼ੂਰ ਸਾਹਿਬ
SRI HAZUR SAHIB

# ਪੰਜ ਤਖ਼ਤ ਯਾਤਰਾ

ਬੜੇ ਮਾਣ ਅਤੇ ਸਤਿਕਾਰ ਨਾਲ ਆਪ ਜੀ ਨੂੰ ਸੂਚਿਤ ਕੀਤਾ ਜਾ ਰਿਹਾ ਹੈ ਕਿ **ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼** ਵਾਹਿਗੁਰੂ ਜੀ ਕੀ ਕ੍ਰਿਪਾ ਸਦਕਾ 15 ਫਰਵਰੀ 2026 ਤੋਂ 25 ਫਰਵਰੀ 2026 (10 ਰਾਤ, 11 ਦਿਨ) ਤੱਕ ਪੰਜ ਤਖਤ ਸਹਿਬਾਨ ਦੀ ਮਹਾਂ ਯਾਤਰਾ ਕਰਵਾਉਣ ਜਾ ਰਿਹਾ ਹੈ। ਆਪ ਸਭ ਨੂੰ ਬੇਨਤੀ ਹੈ ਕਿ ਤੁਸੀ ਵੀ ਇਸ ਯਾਤਰਾ ਦਾ ਹਿੱਸਾ ਬਣੋ ਅਤੇ ਪੰਜ ਤਖ਼ਤ ਸਾਹਿਬਾਨ ਦੀ ਯਾਤਰਾ ਕਰਕੇ ਆਪਣੇ ਜੀਵਨ ਨੂੰ ਸਫਲਾ ਕਰੋ ਜੀ। ਤੁਹਾਡੀ ਇਸ ਯਾਤਰਾ ਨੂੰ ਯਾਦਗਾਰੀ ਤੇ ਬਿਹਤਰੀਨ ਬਨਾਉਣ ਲਈ **ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼** ਦੀ ਟੀਮ ਹਰ ਸੰਭਵ ਯਤਨ ਕਰਕੇ ਤੁਹਾਨੂੰ ਸ਼ਾਨਦਾਰ ਸਹੂਲਤਾਂ ਪ੍ਰਦਾਨ ਕਰੇਗੀ। ਯਾਤਰਾ ਗੁਰਦਾਵਾਰਾ ਸ਼੍ਰੀ ਦੁਖ ਨਿਵਾਰਨ ਪਾਤਸ਼ਾਹੀ 9ਵੀਂ ਗੁਰੂ ਤੇਗ ਬਹਾਦੁਰ ਨਗਰ, ਜਲੰਧਰ ਤੋਂ ਅਰਦਾਸ ਅਤੇ ਜੈਕਾਰਿਆਂ ਦੀ ਗੂੰਜ ’ਚ 15 ਫਰਵਰੀ, 2026 ਨੂੰ ਸ਼ੁਰੂ ਹੋਵੇਗੀ ਤੇ ਇੱਥੇ ਹੀ 25 ਫਰਵਰੀ, 2026 ਨੂੰ ਸੰਪੰਨ ਹੋਵੇਗੀ।

## ਟੂਰ ਪੈਕੇਜ

ਧਾਰਮਿਕ ਤੇ ਇਤਿਹਾਸਕ ਟੂਰ ਜਲੰਧਰ ਤੋਂ ਸ਼ੁਰੂ ਹੋ ਕੇ ਸ਼੍ਰੀ ਅੰਮ੍ਰਿਤਸਰ ਸਾਹਿਬ, ਹੈਦਰਾਬਾਦ, ਗੁਰਦਵਾਰਾ ਨਾਨਕ ਝੀਰਾ ਬਿਦਰ ਤੋਂ ਬਾਅਦ ਸ਼੍ਰੀ ਹਜ਼ੂਰ ਸਾਹਿਬ ਪਹੁੰਚੇਗਾ, ਜਿਥੇ ਤਖ਼ਤ ਸ਼੍ਰੀ ਹਜ਼ੂਰ ਸਾਹਿਬ ਤੋਂ ਇਲਾਵਾ ਹੋਰ ਵੀ 9 ਇਤਿਹਾਸਕ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ ਕਰਵਾਏ ਜਾਣਗੇ। ਹੈਦਰਾਬਾਦ ਪਹੁੰਚ ਕੇ ਹਵਾਈ ਜਹਾਜ ਦੇ ਰਾਹੀ ਤਖ਼ਤ ਸ੍ਰੀ ਪਟਨਾ ਸਾਹਿਬ ਪਹੁੰਚਿਆ ਜਾਵੇਗਾ। ਤਖ਼ਤ ਸ੍ਰੀ ਪਟਨਾ ਸਾਹਿਬ ਤੋਂ ਚੰਡੀਗੜ੍ਹ ਵਾਪਸੀ ਵੀ ਹਵਾਈ ਸਫ਼ਰ ਰਾਹੀਂ ਹੋਵੇਗੀ। ਉਪਰੰਤ ਸ਼੍ਰੀ ਆਨੰਦਪੁਰ ਸਾਹਿਬ, ਸ਼੍ਰੀ ਦਮਦਮਾ ਸਾਹਿਬ, ਸ਼੍ਰੀ ਅੰਮ੍ਰਿਤਸਰ ਸਾਹਿਬ ਪਹੁੰਚਿਆ ਜਾਵੇਗਾ। ਇਸ ਯਾਤਰਾ ਦੇ ਦੌਰਾਨ ਸਿੱਖ ਗੁਰੂ ਸਾਹਿਬਾਨ ਦੀ ਚਰਨਛੋਹ ਪ੍ਰਾਪਤ 32 ਇਤਿਹਾਸਕ ਗੁਰਦਾਵਾਰਾ ਸਾਹਿਬਾਨ ਦੇ ਦਰਸ਼ਨ ਕਰਵਾਏ ਜਾਣਗੇ। ਇਸ ਤੋਂ ਇਲਾਵਾ ਕੁਝ ਅਜਾਇਬ ਘਰ, ਜਲ੍ਹਿਆਂਵਾਲਾ ਬਾਗ, ਵਾਹਗਾ ਬਾਰਡਰ ਦੀ ਰੀਟਰੀਟ ਸੇਰੇਮਨੀ ਤੇ ਹੋਰ ਇਤਿਹਸਕ ਸਥਾਨਾਂ ਦੀ ਯਾਤਰਾ ਵੀ ਕਰਵਾਈ ਜਾਵੇਗੀ।

- ਲਗਜਰੀ ਹੋਟਲਾਂ ’ਚ ਸਟੇਅ
- ਲਗਜ਼ਰੀ ਏ. ਸੀ. ਕੋਚ
- ਡੋਮੈਸਟਿਕ ਫਲਾਈਟਾਂ
- ਗਾਈਡ
- ਯਾਤਰਾਂ ਤੋਂ ਪਹਿਲਾਂ ਅਤੇ ਬਾਅਦ ਵਿੱਚ ਇੰਡੀਆ ’ਚ ਸਟੇਅ ਕੀਤਾ ਜਾ ਸਕਦਾ ਹੈ।
- ਪਹਿਲਾ ਅਤੇ ਅੰਤਿਮ ਪੜਾਅ ਜਲੰਧਰ ਵਿਖੇ।

**ਬੁੱਕ ਕਰਨ ਲਈ 600 ਪੌਂਡ ਐਡਵਾਂਸ ਦੇ ਤੌਰ ’ਤੇ ਜਮ੍ਹਾਂ ਕਰਵਾਉਣੇ ਜ਼ਰੂਰੀ ਹਨ। ਬੁਕਿੰਗ ਫੀਸ ਜਮ੍ਹਾ ਕਰਵਾਉਣ ਉਪਰੰਤ ਰੈਫਰੈਂਸ ਨੰਬਰ ਭੇਜਣਾ ਹੋਵੇਗਾ ਅਤੇ ਬਾਕੀ ਰਹਿੰਦੀ ਫੀਸ ਯਾਤਰਾ ਤੋਂ ਦੋ ਹ਼ਫਤਿਆਂ ਦੇ ਅੰਦਰ-ਅੰਦਰ ਜਮ੍ਹਾ ਕਰਵਾਉਣੀ ਹੋਵੇਗੀ।**

### ਅਕਾਊਂਟ ਨੰਬਰ ਤੇ ਡਿਟੇਲ

Account Name : RAGHBIR SINGH
Bank Name : HALIFAX
Sort Code : 11-08-07
Account No. : 00516474


ਸੰਪਰਕ ਨੰ. :
+44 7458 381111 +44 7976 210161
email: gnstuk@hotmail.com


To Book please ring (+44 7458 381111) or WhatsApp (+44 7976 210161) / email (gnstuk@hotmail.com) the next of kin form along with a copy of your passport.

**★ ਸਲਾਹ ★**
ਸਮੂਹ ਸੰਗਤ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਆਪਣੇ ਤੌਰ ’ਤੇ ਟਰੈਵਲ ਇੰਸ਼ੋਰੈਂਸ ਕਰਵਾ ਲੈਣ

**ਬਿਨਾਂ ਕੋਈ ਨੋਟਿਸ ਦਿੱਤੇ ਪ੍ਰੋਗਰਾਮ ’ਚ ਤਬਦੀਲੀ ਕੀਤੀ ਜਾ ਸਕਦੀ ਹੈ।**


ਆਵਾਜ਼ਿ ਕੌਮ AWAZE QAUM

## ਜ਼ਿੰਦਗੀ ਭਰ ਦੀ ਯਾਦ ਬਣਨ ਵਾਲੀ
# ਪੰਜ ਤਖ਼ਤ ਯਾਤਰਾ


ਆਵਾਜ਼ਿ ਕੌਮ AWAZE QAUM


**10 ਰਾਤਾਂ ਤੇ 11 ਦਿਨ ਦੀ ਯਾਤਰਾ ਦਾ ਵੇਰਵਾ ਵਿਸਥਾਰ ਸਹਿਤ ਹੇਠ ਲਿਖੇ ਅਨੁਸਾਰ ਹੈ :**

### 15 ਫਰਵਰੀ (ਦਿਨ 1)



ਸਾਰੀ ਸੰਗਤ ਗੁਰਦਵਾਰਾ ਦੂਖ ਨਿਵਾਰਨ ਸਾਹਿਬ ਪਾਤਸ਼ਾਹੀ 9ਵੀਂ ਗੁਰੁ ਤੇਗ ਬਹਾਦੁਰ ਨਗਰ ਵਿਖੇ ਇਕੱਤਰ ਹੋਵੇਗੀ ਤੇ ਇਥੋਂ ਜੈਕਾਰਿਆਂ ਦੀ ਗੂੰਜ ’ਚ ਸ਼੍ਰੀ ਅੰਮ੍ਰਿਤਸਰ ਸਾਹਿਬ ਲਈ ਚਾਲੇ ਪਾਏ ਜਾਣਗੇ। ਕਰਤਾਰਪੁਰ ਵਿਖੇ ਜੰਗ-ਏ-ਆਜਦੀ ਅਜਾਇਬ ਘਰ ਵਿਖਾਇਆ ਜਾਵੇਗਾ। ਹੋਟਲ ਵਿਚ ਪਹੁੰਚ ਕੇ ਚੈਕ ਇਨ ਹੋਵੇਗਾ। ਉਸ ਤੋਂ ਬਾਅਦ ਸਾਰੀ ਸੰਗਤ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਨਤਮਸਤਕ ਹੋਵੇਗੀ। ਦੁਬਾਰਾ ਵਾਪਸ ਹੋਟਲ ਵਿਚ ਪਹੁੰਚ ਕੇ ਡਿਨਰ ਹੋਟਲ ਕੀਤਾ ਜਾਵੇਗਾ।

### 16 ਫਰਵਰੀ (ਦਿਨ 2)




ਤੜਕੇ ਸਵੇਰੇ 5 ਵਜੇ ਹੈਦਰਾਬਾਦ ਨੂੰ ਜਾਣ ਵਾਸਤੇ ਹਵਾਈ ਅੱਡੇ ’ਤੇ ਪਹੁੰਚਿਆ ਜਾਵੇਗਾ। ਫਲਾਇਟ ਦਾ ਸਮਾਂ 7.30 ਵਜੇ ਸਵੇਰੇ ਹੋਵੇਗਾ। ਹੈਦਰਾਬਾਦ ਤੱਕ ਫਲਾਈ ਸਮਾਂ ਦੋ ਘੰਟੇ ਦਾ ਹੋਵੇਗਾ। ਹੈਦਰਾਬਾਦ ਪਹੁੰਚ ਕੇ ਬੱਸ ਵਿਚ ਬੈਠ ਕੇ ਹੈਦਰਾਬਾਦ ਦਾ ਬਹੁਤ ਹੀ ਮਸ਼ਹੂਰ ਮਿਊਜੀਅਮ ਦਿਖਾਇਆ ਜਾਵੇਗਾ। ਉਸ ਤੋਂ ਬਾਅਦ ਹੋਟਲ ਵਿਚ ਜਾ ਕੇ ਚੈਕ ਇਨ ਤੇ ਲੰਚ ਹੋਵੇਗਾ। ਸ਼ਾਮ 4 ਵਜੇ ਹੈਦਰਾਬਾਦ ਦਾ ਦੁਨੀਆਂ ਭਰ ’ਚ ਮਸ਼ਹੂਰ ਚਾਰਮਿਨਾਰ ਦਿਖਾਇਆ ਜਾਵੇਗਾ। ਡਿਨਰ ਦੱਖਣ-ਭਾਰਤੀ ਸ਼ਾਕਾਹਾਰੀ ਰੈਸਟੋਰੈਂਟ ਵਿਚ (ਖ਼ੁਦ ਦੇ ਖਰਚੇ ’ਤੇ) ਕਰਵਾਇਆ ਜਾਵੇਗਾ। ਵਾਪਸ ਹੋਟਲ ਵਿਚ ਆ ਕੇ ਅਰਾਮ ਕੀਤਾ ਜਾਵੇਗਾ।

### 17 ਫਰਵਰੀ (ਦਿਨ 3)




ਸਵੇਰੇ ਨਾਸ਼ਤੇ ਤੋਂ ਬਾਅਦ ਟਰੇਲ ਰਾਹੀਂ ਬਿਦਰ ਨੂੰ ਚਾਲੇ ਪਾਏ ਜਾਣਗੇ। 3 ਘੰਟੇ ਦੀ ਯਾਤਰਾ ਹੋਵੇਗੀ। ਇੱਥੇ ਪਹੁੰਚ ਕੇ ਗੁਰਦਵਾਰਾ ਨਾਨਕ ਝੀਰਾ ਸਾਹਿਬ ਦੇ ਦਰਸ਼ਨ ਕਰਵਾਏ ਜਾਣਗੇ ਤੇ ਦੁਪਹਿਰ ਨੂੰ ਲੰਗਰ ਦਾ ਅਨੰਦ ਮਾਣਿਆ ਜਾਵੇਗਾ। ਇਸ ਤੋਂ ਬਾਅਦ ਨੰਦੇੜ ਸਾਹਿਬ ਵੱਲ ਚਾਲੇ ਪਾਏ ਜਾਣਗੇ। ਸ਼ਾਮ ਨੂੰ ਨੰਦੇੜ ਸਾਹਿਬ ਪਹੁੰਚ ਕੇ ਸਰਾਂ ਵਿਚ ਰੈਣ ਵਸੈਰਾ ਹੋਵੇਗਾ। ਰਾਤ ਦਾ ਭੋਜਨ ਕੰਪਨੀ ਵਲੋ ਫਿਕਸਡ ਮੈਨਿਊ ’ਤੇ ਅਧਾਰਤ ਰੈਟੋਰੈਂਟ ਵਿਚ ਹੋਵੇਗਾ ਜਿਸ ਦਾ ਖਰਚਾ ਕੰਪਨੀ ਕਰੇਗੀ। ਰਾਤ ਦਾ ਵਿਸ਼ਰਾਮ ਸਰਾਂ ਵਿੱਚ ਹੋਵੇਗਾ।

### 18 ਫਰਵਰੀ (ਦਿਨ 4)




ਸੰਗਤ ਤੜਕੇ ਸਚਖੰਡ ਸ੍ਰੀ ਨੰਦੇੜ ਸਾਹਿਬ ਦੀ ਹਾਜਰੀ ਭਰੇਗੀ। ਨਾਸ਼ਤਾ ਲੰਗਰ ਹਾਲ ਵਿਚ ਹੋਵੇਗਾ। ਠੀਕ 10 ਵਜੇ ਗੁਰਦਵਾਰਾ ਸਹਿਬ ਦੇ ਦਰਸ਼ਨਾਂ ਲਈ ਚਾਲੇ ਪਾਏ ਜਾਣਗੇ। ਗੁਰਦਵਾਰਾ ਬਾਬਾ ਬੰਦਾ ਬਾਹੁਦਰ, ਗੁਰਦਵਾਰਾ ਮਾਲ ਟੇਕੜੀ, ਗੁਰਦਵਾਰਾ ਹੀਰਾ ਘਾਟ, ਗੁਰਦਵਾਰਾ ਮਾਤਾ ਸਾਹਿਬ ਦੇਵਾ ਜੀ ਦੇ ਦਰਸ਼ਨ ਕਰਨ ਉਪਰੰਤ ਇਥੇ ਹੀ ਲੰਗਰ ਛਕਿਆ ਜਾਵੇਗਾ। ਇਸ ਤੋਂ ਬਾਅਦ ਗੁਰਦਵਾਰਾ ਸ਼ਿਕਾਰ ਘਾਟ ਦੇ ਦਰਸ਼ਨ ਉਪਰੰਤ ਚਾਹ ਦਾ ਲੰਗਰ ਛਕਿਆ ਜਾਵੇਗਾ। ਇਸ ਉਪਰੰਤ ਗੁਰਦਵਾਰਾ ਸੰਗਤ ਸਾਹਿਬ ਤੇ ਅਸਤਬਲ ਦੇ ਦਰਸ਼ਨ ਕੀਤੇ ਜਾਣਗੇ। ਗੁਰਦਵਾਰਾ ਨਗੀਨਾ ਘਾਟ ਦੇ ਦਰਸ਼ਨਾ ਤੋਂ ਬਾਅਦ ਗੁਰਦਵਾਰਾ ਬਾਬਾ ਨਿਧਾਨ ਸਿੰਘ ਜੀ ਵਿਖੇ ਰਾਤ ਦਾ ਲੰਗਰ ਹੋਵੇਗਾ। ਰਾਤ ਦਾ ਵਿਸ਼ਰਾਮ ਇੱਥੇ ਸਰਾਂ ਵਿੱਚ ਹੋਵੇਗਾ।

### 19 ਫਰਵਰੀ (ਦਿਨ 5)



ਤੜਕੇ 6 ਵਜੇ ਹੈਦਰਾਬਾਦ ਲਈ ਰਵਾਨਗੀ ਪਾਈ ਜਾਵੇਗੀ ਅਤੇ ਕਿੰਗਸ ਰੈਸਟੋਰੈਂਟ ਵਿੱਚ ਸੰਗਤ ਨੂੰ ਚਾਹ ਪਿਲਾਈ ਜਾਵੇਗੀ। ਹੈਦਰਾਬਾਦ ਪਹੁੰਚ ਕੇ ਇੱਥੋਂ ਦੀ ਮਸ਼ਹੂਰ ਸ਼ਾਕਾਹਾਰੀ ਹੈਦਰਾਬਾਦੀ ਬਰਿਆਨੀ ਦਾ ਅਨੰਦ ਮਾਣਿਆ ਜਾਵੇਗਾ। ਇਸ ਤੋਂ ਬਾਅਦ ਹਵਾਈ ਯਾਤਰਾ ਰਾਹੀਂ ਤਖ਼ਤ ਸ੍ਰੀ ਪਟਨਾ ਸਾਹਿਬ ਪਹੁੰਚਿਆ ਜਾਵੇਗਾ। ਹਵਾਈ ਯਾਤਰਾ ਦਾ ਸਮਾਂ 2 ਘੰਟੇ ਦਾ ਹੋਵੇਗਾ। ਹੋਟਲ ਵਿਚ ਚੈਕ ਇਨ ਕਰਨ ਉਪਰੰਤ ਡਿਨਰ ਤਿਆਰ ਮਿਲੇਗਾ।

### 20 ਫਰਵਰੀ (ਦਿਨ 6)




ਸਵੇਰੇ ਨਾਸ਼ਤੇ ਤੋਂ ਬਾਅਦ ਜਨਮ ਅਸਥਾਨ ਸਚਖੰਡ ਸ਼੍ਰੀ ਪਟਨਾ ਸਾਹਿਬ ਦੇ ਦਰਸ਼ਨਾਂ ਲਈ ਚਾਲੇ ਪਾਏ ਜਾਣਗੇ। ਗੁਰਦਵਾਰਾ ਕੰਗਣ ਘਾਟ ਤੇ ਗੁਰਦਵਾਰਾ ਬਾਲ ਲੀਲਾ ਸਾਹਿਬ ਦੇ ਧਰਸ਼ਨ ਕੀਤੇ ਜਾਣਗੇ। ਦੁਪਹਿਰ ਦਾ ਲੰਗਰ ਗੁਰਦਵਾਰਾ ਬਾਲ ਲੀਲਾ ਸਾਹਿਬ ਵਿੱਚ ਹੋਵੇਗਾ। ਇਸ ਉਪਰੰਤ ਗੁਰਦਵਾਰਾ ਗਊ ਘਾਟ, ਗੁਰਦਵਾਰਾ ਗੁਰੁ ਕਾ ਬਾਗ, ਗੁਰਦਵਾਰਾ ਹਾਂਡੀ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਉਪਰੰਤ ਵਾਪਸ ਹੋਟਲ ’ਚ ਡਿਨਰ ਉਪਰੰਤ ਰਾਤਰੀ ਵਿਸ਼ਰਾਮ ਹੋਵੇਗਾ।

### 21 ਫਰਵਰੀ (ਦਿਨ 7)




ਨਾਸ਼ਤਰਾ ਕਰਨ ਉਪਰੰਤ ਸ੍ਰੀ ਪਟਨਾ ਸਾਹਿਬ ਤੋਂ ਹਵਾਈ ਅੱਡੇ ਲਈ ਚਾਲੇ ਪਾਏ ਜਾਣਗੇ ਤੇ ਹਵਾਈ ਯਾਤਰਾ ਰਾਹੀਂ ਚੰਡੀਗੜ੍ਹ ਪਹੁੰਚਿਆ ਜਾਵੇਗਾ। ਇੱਥੇ ਵਿਸ਼ਵ ਪ੍ਰਸਿੱਧ ਸੁਖਨਾ ਲੇਕ ਘੁੰਮਣ ਉਪਰੰਤ ਹੋਟਲ ਚੈੱਕ ਇਨ ਕੀਤਾ ਜਾਵੇਗਾ ਤੇ ਡਿਨਰ ਉਪਰੰਤ ਰਾਤਰੀ ਵਿਸ਼ਰਾਮ ਹੋਵੇਗਾ।

### 22 ਫਰਵਰੀ (ਦਿਨ 8)




ਨਾਸ਼ਤੇ ਕਰਨ ਉਪਰੰਤ ਟਰੇਨ ਰਾਹੀਂ ਤਖ਼ਤ ਸ੍ਰੀ ਆਨੰਦਪੁਰ ਸਾਹਿਬ ਨੂੰ ਚਾਲੇ ਪਾਏ ਜਾਣਗੇ। ਜਿਥੇ ਗੁਰਦਵਾਰਾ ਸ੍ਰੀ ਕੇਸਗੜ ਸਾਹਿਬ, ਗੁਰਦਾਵਾਰਾ ਸੀਸ ਗੰਜ ਸਾਹਿਬ, ਗੁਰਦਵਾਰਾ ਭੌਰਾ ਸਾਹਿਬ ਤੇ ਕਿਲਾ ਆਨੰਦਗੜ੍ਹ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਉਪਰੰਤ ਬਠਿੰਡਾ ਲਈ ਚਾਲੇ ਪਾਏ ਜਾਣਗੇ। ਡਿਨਰ ਅਤੇ ਰਾਤਰੀ ਸਟੇਅ ਹੋਟਲ ਵਿਚ ਹੋਵੇਗਾ।

### 23 ਫਰਵਰੀ (ਦਿਨ 9)



ਸਵੇਰੇ ਨਾਸ਼ਤੇ ਉਪਰੰਤ ਤਖਤ ਸ੍ਰੀ ਦਮਦਮਾ ਸਾਹਿਬ ਦੇ ਦਰਸ਼ਨਾ ਲਈ ਚਾਲੇ ਪਾਏ ਜਾਣਗੇ। ਬੁਰਜ ਬਾਬਾ ਦੀਪ ਸਿੰਘ ਜੀ ਦੇ ਦਰਸ਼ਨਾ ਤੋਂ ਬਾਅਦ ਲੰਗਰ ਦਾ ਅਨੰਦ ਮਾਣਿਆ ਜਾਵੇਗਾ। ਉਪਰੰਤ ਸ੍ਰੀ ਅੰਮ੍ਰਿਤਸਰ ਸਾਹਬਿ ਲਈ ਚਾਲੇ ਪਾਏ ਜਾਣਗੇ। ਡਿਨਰ ਅਤੇ ਰਾਤਰੀ ਸਟੇਅ ਹੋਟਲ ਵਿਚ ਹੋਵੇਗਾ।

### 24 ਫਰਵਰੀ (ਦਿਨ 10)



ਸਵੇਰੇ ਨਾਸ਼ਤੇ ਉਪਰੰਤ ਸ੍ਰੀ ਹਰਿਮੰਦਰ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਜਲ੍ਹਿਆਂਵਾਲਾ ਬਾਗ ਵੇਖਿਆ ਜਾਵੇਗਾ। ਦੁਪਹਿਰ ਦਾ ਲੰਗਰ ਸ੍ਰੀ ਹਰਿਮੰਦਰ ਸਾਹਿਬ ਵਿਖੇ ਛਕਿਆ ਜਾਵੇਗਾ। ਇਸ ਤੋਂ ਬਾਅਦ ਭਾਰਤ-ਪਾਕਿਸਤਾਨ ਦੀ ਵੰਡ ਨੂੰ ਦਰਸਾਉਂਦਾ ਪਾਰਟੀਸ਼ਨ ਮਿਊਜੀਅਮ ਵਿਖਾਇਆ ਜਾਵੇਗਾ। ਸ਼ਾਮ ਨੂੰ ਵਾਹਗਾ ਬਾਰਡਰ ਪਹੁੰਚ ਕੇ ਰੀਟਰੀਟ ਸੇਰੇਮਨੀ ਦਿਖਾਈ ਜਾਵੇਗੀ। ਡਿਨਰ ਅਤੇ ਰਾਤਰੀ ਵਿਸ਼ਰਾਮ ਹੋਟਲ ਵਿੱਚ ਹੋਵੇਗਾ।

### 25 ਫਰਵਰੀ (ਦਿਨ 11)

ਨਾਸ਼ਤੇ ਕਰਨ ਉਪਰੰਤ ਸੰਗਤ ਜਲੰਧਰ ਲਈ ਚਾਲੇ ਪਾਵੇਗੀ ਅਤੇ ਗੁਰਦਵਾਰਾ ਦੂਖ ਨਿਵਾਰਨ ਪਾਤਸ਼ਾਹੀ 9ਵੀਂ ਪਹੁੰਚ ਕੇ ਅਮਿਟ ਧਾਰਮਿਕ ਤੇ ਇਤਿਹਾਸਕ ਯਾਦਾਂ ਸਮੇਟਦਿਆਂ, ਫਿਰ ਮਿਲਣ ਦੇ ਵਾਅਦੇ ਅਤੇ ਵਾਹਿਗੁਰੂ ਦਾ ਸ਼ੁਕਰਾਨਾ ਕਰਦਿਆਂ ਟੂਰ ਦੀ ਸਮਾਪਤੀ ਹੋਵੇਗੀ।

**ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼ ਨਾਲ ਯਾਤਰਾ ਕਰਨ ਲਈ ਧੰਨਵਾਦ ਅਤੇ ਵਾਹਿਗੁਰੂ ਜੀ ਦਾ ਕੋਟਿਨ-ਕੋਟਿ ਧੰਨਵਾਦ। ਤੁਹਾਨੂੰ ਹੋਰ ਧਾਰਮਿਕ ਤੇ ਇਤਿਹਾਸਕ ਯਾਤਰਾ ’ਤੇ ਜਲਦ ਲੈ ਕੇ ਜਾਣ ਦਾ ਵਾਅਦਾ ਕਰਦੇ ਹਾਂ।**

**--★ ਯਾਤਰਾ ਵਿੱਚ ਸ਼ਾਮਲ ਹੋਣ ਅਤੇ ਹੋਰ ਵਧੇਰੇ ਜਾਣਕਾਰੀ ਲਈ ਦਿੱਤੇ ਗਏ ਨੰਬਰਾਂ ’ਤੇ ਸੰਪਰਕ ਕਰੋ ★--**


| | | | |
|---|---|---|---|
| RAGHBIR SINGH | PARAMJIT SHERGILL | INDERJIT KAUR | KULWINDER MANN |
| +44 7458 381111, +44 7976 210161 | +44 7858 198159 | +44 7883 635835 | +44 7900 982906 |

ਚਰਨ ਸਰਨਿ ਗੁਰ ਏਕ ਪੈਡਾ ਜਾਇ ਚਲ
ਸਤਿਗੁਰ ਕੋਟਿ ਪੈਡਾ ਆਗੇ ਹੋਇ ਲੇਤ ਹੈ

ਵਾਹਿਗੁਰੂ ਜੀ ਕਾ ਖਾਲਸਾ।

ਆਵਾਜ਼ਿ ਕੌਮ
AWAZE QAUM

# ਆਵਾਜ਼ਿ-ਕੌਮ ਟੂਰ ਐਂਡ ਟਰੈਵਲਜ਼

ਵਾਹਿਗੁਰੂ ਜੀ ਕੀ ਫ਼ਤਹਿ ॥

**RAGHBIR SINGH (Call : +44 7976 210161)**
**121. Broadway west Walsall, West Midlands, WS1 4DW, England uk**



ਸ੍ਰੀ ਅਕਾਲ ਤਖ਼ਤ ਸਾਹਿਬ
SRI AKAL TAKHAT SAHIB



ਸ੍ਰੀ ਪਟਨਾ ਸਾਹਿਬ
SRI PATNA SAHIB



ਸ੍ਰੀ ਕੇਸਗੜ੍ਹ ਸਾਹਿਬ
SRI KESGARH SAHIB



ਸ੍ਰੀ ਦਮਦਮਾ ਸਾਹਿਬ
SRI DAMDAMA SAHIB



ਸ੍ਰੀ ਹਜ਼ੂਰ ਸਾਹਿਬ
SRI HAZUR SAHIB

# PANJ TAKHAT YATRA

**Thank you for choosing us to go to PANJ TAKHAT YATRA in February 2026 (15th Feb – 25thFeb 2026). During the stay we will try to provide you with all the possible facilities to make this trip a memorable one.**

## Tour Package

**Akal Takhat Sahib & 5 Other Places**
**Hydrabad & 5 Other Places**
**Hazur Sahib & 8 Other Gurudwaras**
**Patna Sahib & 5 Other Gurudwaras**
**Chandigarh & Sukhna Lake**
**Anandpur Sahib & 4 Other Gurudwaras**
**Damdama Sahib & 3 Other Gurudwaras**

- Luxury Hotel With Breakfast & Dinner
- Luxury Air-Conditioned Coaches
- Domestic Flights
- Guided
- Flexibility to stay in India before & after the trip
- Starting and Ending Point at Jalandhar

**Note : To Book Deposit £600 as an advance into the mendioned bank account balance amout need to be deposited 2 weeks before the travel date.**

**Account Name : RAGHBIR SINGH**
**Bank Name : HALIFAX**
**Sort Code : 11-08-07**
**Account No. : 00516474**

**Contact Detail :**
**+44 7458 381111 +44 7976 210161**
**email: gnstuk@hotmail.com**

To Book please ring (+44 7458 381111) or WhatsApp (+44 7976 210161) / email (gnstuk@hotmail.com) the next of kin form along with a copy of your passport.

**--ADVICE--**
**Request to all Sangat to have own travel Insurance individualy!**


**Program is subject to change without Prior Notice.**

ਆਵਾਜ਼ਿ ਕੌਮ AWAZE QAUM

### JOURNEY OF A LIFE TIME
## PANJ TAKHAT YATRA
### 5 TAKHAT YATRA - 10 NIGHTS / 11 DAYS


ਆਵਾਜ਼ਿ ਕੌਮ AWAZE QAUM

### 15th FEB. Day 1st.




**Meeting** at Gurdwara Sri Dukh Niwaran sahib patshahi 9 Guru Teg Bahadur Nagar Jalandhar and start the journey on ward drive to Amritsar sahib stop at Kartar pur to see Jung e Ajadi museum ( if it is open) later drive to Amritsar check in hotel and later visit to Sri Akal Takhat sahib back to hotel and dinner in the hotel.

### 16th Feb. Day 2nd.



Early morning check out to drive to airport to take flight at 730 am to Hyderabad after arrival and proceed to see the museum than back to the hotel check in and lunch in the hotel later at 4 pm proceed to visit char minar dinner will be paid by the people directly.

### 17th Feb Day 3rd




After break fast drive to Bidar it is 3 hrs journey on arrival Darshan and lunch at the Langar than drive to Nanded again 3 hrs journey reach there check in sran and do darshan dinner at the langar.

### 18th Feb Day4th



Morning Darshan and break fast in the Langar After breakfast start for the tour of Gurdwaras, Visit to Gurdwara Nagina Ghat, Gurdwara Baba Banda Bahadur ji, Gurdwara Mal Tekri sahib, Gurdwara Heera Ghat later Gurdwara Mata Sahib Deva ji- Lunch in the langar, later to gurdwara Shikar Ghat here you have tea with pakoras later to gurdwara Sangat sahib back to city of Nanded and visit to Gurdwara Baba Nidhan singh ji, dinner at the Langar of Baba Nidhan singh ji

### 19th Feb Day5th




Leave at 6 am and drive to Hyderabaad we will stop at kings restaurant for quick tea and to use of wash rooms than to Hyderabad at paradise restaurant to have quick hyderabaadi veg biryani paid by the AWAJE QUAM TOURS from here we proceed to airport for the flight to Patna sahib arrival and we proceed to our hotel check in and dinner in the hotel

### 20th Feb. Day 6th




After break fast proceed to visit to Gurdwara Sach Khand Sri Patna sahib later Gurdwara Bal Leela sahib and Langar here later visit to Gurdwara Kangan Ghat sahib, Gurdwara Gau Ghat sahib Gurdwara Guru Ka Bagh and gurdwara Handi sahib back to our hotel and do dinner

### 21st Feb Day 7th




After Break fast proceed to the airport for the flight to chandigarh arrival and from here we go to visit to Sukhna lake later check in the hotel dinner at the hotel and relax.

### 22th Feb Day 8th




After breakfast proceed to visit to Anandpur sahib lunch at the langar later drive to Bathinda check in hotel and dinner at the hotel and relax.

### 23rd Feb Day 9th



After break fast proceed at 9 am to visit Takhat sri Damdama Sahib lunch at the Langar after that we proceed to Sri Amritsar sahib check in hotel dinner at the hotel.

### 24th Feb Day 10th



After break fast proceed at 9 am to visit Sri Harimander sahib, jallianwala bagh Parition Musuem and lunch at the Bharawan da dhabha by the AWAJE QAUM TOURS than drive to Wagah Border, See the ceremony then back to the hotel. Dinner at the hotel.

### 25th Feb Day 11th

**After breakfast proceed to Jalandhar to end the tour with happy memories and with promise to travel again together at Gurdwara Sri Dukh Niwaran sahib Patshahi 9th Guru Teg Bahdur ji Nagar.**

**THANKS FOR TRAVELLING WITH US & STAY BLESSED! LOOKING FORWARD TO TAKE YOU TO ON ANOTHER GREAT JOURNEY**

**FOR MORE INFORMATION PLS. CONTACT**

| RAGHBIR SINGH | PARAMJIT SHERGILL | INDERJIT KAUR | KULVINDER MANN |
|---|---|---|---|
| +44 7458 381111, +44 7976 210161 | +44 7858 198159 | +44 7883 635835 | +44 7900 982906 |

ਚਰਨ ਸਰਨਿ ਗੁਰ ਏਕ ਪੈਡਾ ਜਾਇ ਚਲ
ਸਤਿਗੁਰ ਕੋਟਿ ਪੈਡਾ ਆਗੇ ਹੋਇ ਲੇਤ ਹੈ

ਆਵਾਜ਼ਿ ਕੌਮ AWAZE QAUM TV

# AWAZE QAUM TOURS & TRAVELS

ORGANISE

# PANJ TAKHAT YATRA

## ਪੰਜ ਤਖ਼ਤ ਦਰਸ਼ਨ ਯਾਤਰਾ

## ( FROM 15th FEB 2026 TO 25th FEB 2026 )

10 Nights 11 Days Tour From 15th Feb 2026 to 25th Feb 2026

**AKAL TAKHAT SAHIB & 5 OTHER PLACES | HYDRABAD & 2 OTHER PLACES**
**HAZUR SAHIB & 8 OTHER GURUDWARAS | PATNA SAHIB & 5 OTHER GURUDWARA**
**CHANDIGARH & SUKHNA LAKE | ANANDPUR SAHIB & 4 OTHER GURUDWARAS**
**DAMDAMA SAHIB & 3 OTHER GURUDWARAS**

- Luxury Hotel with Breakfast & Dinner
- Luxury Air-conditioned Coaches
- Domestic Flights
- Guide
- Flexibility to stay in India before & after the trip*
- Starting and Ending Point at Jalandhar

NOTE: TO BOOK DEPOSIT £600 AS AN ADVANCE INTO THE MENTIONED BANK ACCOUNT
BALANCE AMOUNT NEED TO BE DEPOSITED 2 WEEKS BEFORE THE TRAVEL DATE

Account Name
RAGHBIR SINGH
Bank Name
HALIFAX
Sort Code 11-08-07
Account Number
00516474

## ADVICE

REQUEST TO ALL SANGAT TO HAVE YOUR OWN TRAVEL INSURANCE INDIVIDUALLY !

## FOR MORE INFO CONTACT

**RAGHBIR SINGH**
(CALL +44 7458 381111, +44 7976 210161)

PARAMJIT SHERGILL +44 7858 198159

INDERJIT KAUR +44 7883 635835

KULVINDER MANN +44 7900 982906

121, BROADWAY WEST WALSALL, WEST MIDLANDS, WS1 4DW, ENGLAND UK

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net






ਨਾਮ ਜਪੋ
ਕਿਰਤ ਕਰੋ
ਵੰਡ ਛਕੋ
Naam Japo
Kirat Karo
Vand Shako

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243




ਭਾਈ ਰਘਵੀਰ ਸਿੰਘ ਵਾਲਸਾਲ ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ - ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਨੌਵੇ ਪਾਤਸ਼ਾਹ ਧੰਨ-ਧੰਨ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ
350 ਸਾਲਾਂ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ
ਅਤੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਤੇ
ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਗੁਰਮਤਿ ਸਮਾਗਮ
1 ਨਵੰਬਰ 2025, ਦਿਨ ਸ਼ਨੀਵਾਰ ਨੂੰ
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।

ਲੜੀ ਆਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਸੋਮਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਸ਼ਨੀਵਾਰ, ਸਵੇਰੇ 9 ਵਜੇ

ਨੋਟ : ਇਹ ਸਮਾਗਮ 13 ਦਿਨ ਚੱਲੇਗਾ ਦੇਸ਼-ਵਿਦੇਸ਼ ਤੋਂ ਸੰਗਤਾਂ ਪਹੁੰਚ ਰਹੀਆ।
ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਬੇਨਤੀ ਕਰਤਾ
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404

ਸੰਪਰਕ ਨੰਬਰ
98141-27470
84278-66404
73408-35137






--✶ ਗੁਰੂ ਪੰਥ ਦਾ ਸੇਵਾਦਾਰ ✶--

# ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ

ਮੁਖੀ ਦਮਦਮੀ ਟਕਸਾਲ, ਜਥਾ ਭਿੰਡਰਾਂ, ਮਹਿਤਾ


**ਅਤੇ ਪ੍ਰਧਾਨ ਸੰਤ ਸਮਾਜ**

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ


## Gurdwara Sahib Shaeed Baba Deep Singh ji Casalmorano Cremona (Italy)




# ਮਹਾਨ ਅਵਤਾਰ ਪੁਰਬ

# ਬਾਲਾ ਪ੍ਰੀਤਮ

☛ ਅਵਤਾਰ ਪੁਰਬ ਧੰਨ ਧੰਨ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ
☛ ਸ਼ਹੀਦੀ ਦਿਹਾੜਾ ਭਾਈ ਤਾਰੂ ਸਿੰਘ ਸਾਹਿਬ ਜੀ ਨੂੰ
ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ ।



**ਸ਼ਨਿੱਚਰਵਾਰ 19 ਜੁਲਾਈ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ**

ਐਤਵਾਰ 20 ਜੁਲਾਈ 2025 ਨੂੰ 6:30 ਵਜੇ ਸਵੇਰੇ ਚੋਪੈਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣਗੇ ਉਪੰਰਤ 12:30 ਵਜੇ ਤੱਕ ਦੀਵਾਨ ਸਜਣਗੇ।

ਕਥਾ ਵਾਚਕ ਗਿਆਨੀ ਰੂਪ ਸਿੰਘ ਦਮਦਮੀ ਟਕਸਾਲ ਵਾਲੇ ਕਥਾ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

**ਗੁਰੂ ਕਾ ਲੰਗਰ ਅਤੁੱਟ ਵਰਤੇਗਾ**

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

## ★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ।
☛ ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

### ਤਰਨਜੀਤ ਸਿੰਘ ਸੰਧੂ ਦੀ ਨਵੀਂ ਨਿਯੁਕਤੀ

# ਭਾਰਤ-ਅਮਰੀਕਾ ਸਾਂਝ ਲਈ ਨਵੇਂ ਯੁੱਗ ਦੀ ਸ਼ੁਰੂਆਤ: ਪ੍ਰੋ. ਸਰਚਾਂਦ ਸਿੰਘ ਖਿਆਲਾ

**ਅੰਮ੍ਰਿਤਸਰ, 20 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਭਾਜਪਾ ਦੇ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਕਿਹਾ ਕਿ ਅਮਰੀਕਾ 'ਚ ਭਾਰਤ ਦੇ ਰਾਜਦੂਤ ਰਹੇ ਸ. ਤਰਨਜੀਤ ਸਿੰਘ ਸੰਧੂ ਦੀ ਯੂਐੱਸ-ਇੰਡੀਆ ਸਟ੍ਰੈਟਜਿਕ ਪਾਰਟਨਰਸ਼ਿਪ ਫੋਰਮ (ਯੂ.ਐਸ.ਆਈ.ਐਸ.ਪੀ.ਐਫ) ਦੇ ਬੋਰਡ ਦੇ ਐਡਵਾਈਜ਼ਰ ਅਤੇ ਜੀਓਪੌਲਿਟਿਕਲ ਇੰਸਟੀਚਿਊਟ ਦੇ ਚੇਅਰਮੈਨ ਵਜੋਂ ਨਿਯੁਕਤੀ ਨਾ ਸਿਰਫ਼ ਉਨ੍ਹਾਂ ਦੀ ਕੂਟਨੀਤਕ ਮਹਾਨਤਾ ਅਤੇ ਸੂਝਵਾਨ ਦ੍ਰਿਸ਼ਟੀਕੋਣ ਦੀ ਪੁਸ਼ਟੀ ਹੈ, ਸਗੋਂ ਇੱਕ ਨਵੇਂ ਯੁੱਗ ਦੀ ਸ਼ੁਰੂਆਤ ਵੀ ਹੈ ਜੋ ਭਾਰਤ-ਅਮਰੀਕਾ ਸਬੰਧਾਂ ਨੂੰ ਨਵੀਂਆਂ ਉਚਾਈਆਂ 'ਤੇ ਲੈ ਜਾਵੇਗਾ। ਪ੍ਰੋ. ਸਰਚਾਂਦ ਸਿੰਘ ਅਤੇ ਡਾ. ਰਣਬੀਰ ਸਿੰਘ ਨੇ ਸ. ਪਰਮਿੰਦਰ ਸਿੰਘ ਸੰਧੂ ਦੀ ਮੌਜੂਦਗੀ ਵਿੱਚ ਸ. ਤਰਨਜੀਤ ਸਿੰਘ ਸੰਧੂ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਨੂੰ ਨਵੀਂ ਜ਼ਿੰਮੇਵਾਰੀ ਲਈ ਵਧਾਈ ਦਿੱਤੀ ਅਤੇ ਕਿਹਾ ਕਿ ਇਹ ਪ੍ਰਾਪਤੀ ਸ੍ਰੀ ਅੰਮ੍ਰਿਤਸਰ ਅਤੇ ਪੰਜਾਬੀਆਂ ਲਈ ਬਹੁਤ ਮਾਣ ਵਾਲੀ ਗੱਲ ਹੈ। ਇਸ ਮੌਕੇ ਸਥਾਨਕ ਰਾਜਨੀਤੀ, ਸਮਾਜਿਕ ਅਤੇ ਵਿਦੇਸ਼ੀ ਮਾਮਲਿਆਂ 'ਤੇ ਗੰਭੀਰਤਾ ਨਾਲ ਚਰਚਾ ਕਰਦੇ ਹੋਏ, ਉਨ੍ਹਾਂ ਨੇ ਪੰਜਾਬ, ਭਾਰਤ ਅਤੇ ਵਿਦੇਸ਼ਾਂ ਵਿੱਚ ਰਹਿੰਦੇ ਪੰਜਾਬੀਆਂ ਬਾਰੇ ਕੀਮਤੀ ਵਿਚਾਰ ਸਾਂਝੇ ਕੀਤੇ ਅਤੇ ਸ. ਸੰਧੂ ਤੋਂ ਮਾਰਗ ਦਰਸ਼ਨ ਪ੍ਰਾਪਤ ਕੀਤਾ । ਜਾਰੀ ਇਕ ਬਿਆਨ 'ਚ ਪ੍ਰੋ. ਸਰਚਾਂਦ ਸਿੰਘ ਨੇ ਕਿਹਾ ਕਿ ਸ. ਸੰਧੂ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਗ੍ਰਹਿ ਮੰਤਰੀ ਅਮਿਤ ਸ਼ਾਹ ਅਤੇ ਵਿਦੇਸ਼ ਮੰਤਰੀ ਡਾ. ਜੈ ਸ਼ੰਕਰ ਦੇ ਸਭ ਤੋਂ ਭਰੋਸੇਮੰਦ ਸ਼ਖ਼ਸੀਅਤ ਵਜੋਂ ਨਵੀਂ ਦਿੱਲੀ ਵੱਲੋਂ ਵਿਦੇਸ਼ੀ ਰਣਨੀਤਕ ਮੋਰਚੇ 'ਤੇ ਭੇਜੇ ਗਏ ਸਭ ਤੋਂ ਸਫਲ ਅਤੇ ਸੰਵੇਦਨਸ਼ੀਲ ਦੂਤ ਵਜੋਂ ਆਪਣੀ ਪਹਿਚਾਣ ਬਣਾਈ। ਸ. ਸੰਧੂ ਨੇ ਸੰਯੁਕਤ ਰਾਜ ਅਮਰੀਕਾ ਵਿੱਚ ਚਾਰ ਵਾਰੀ ਸੇਵਾ ਨਿਭਾਈ ਅਤੇ ਤਿੰਨ ਵਾਰੀ ਵਾਸ਼ਿੰਗਟਨ ਵਿੱਚ ਰਹਿ ਕੇ ਭਾਰਤ-ਅਮਰੀਕਾ ਰਿਸ਼ਤਿਆਂ ਨੂੰ ਮਜ਼ਬੂਤ ਕੀਤਾ।ਉਹਨਾਂ ਦੀ ਦੂਰਅੰਦੇਸ਼ੀ, ਗੰਭੀਰਤਾ ਅਤੇ ਰਾਸ਼ਟਰਵਾਦੀ ਦ੍ਰਿਸ਼ਟੀਕੋਣ ਨੇ ਭਾਰਤ-ਅਮਰੀਕਾ ਸੰਬੰਧਾਂ ਨੂੰ ਰਣਨੀਤਕ ਦੋਸਤੀ ਤੋਂ ਪਰੇ ਇੱਕ ਭਰੋਸੇਯੋਗ ਵਿਸ਼ਵ-ਵਿਆਪੀ ਭਾਈਵਾਲੀ ਵਿੱਚ ਲੈ ਜਾਇਆ ਹੈ। ਉਨ੍ਹਾਂ ਕਿਹਾ ਕਿ ਇਹ ਸ. ਸੰਧੂ ਦੀ ਸਖ਼ਤ ਮਿਹਨਤ ਅਤੇ ਮਹੱਤਵਪੂਰਨ ਭੂਮਿਕਾ ਦਾ ਨਤੀਜਾ ਹੈ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਮਰੀਕਾ ਫੇਰੀ ਅਤੇ ਅਮਰੀਕੀ ਰਾਸ਼ਟਰਪਤੀ ਜੋ ਬਾਈਡਨ ਅਤੇ ਮੌਜੂਦਾ ਡੋਨਾਲਡ ਟਰੰਪ ਦੇ ਇਤਿਹਾਸਕ ਭਾਰਤੀ ਦੌਰਿਆਂ ਨੇ ਵਿਸ਼ਵ ਰਾਜਨੀਤੀ 'ਚ ਨਵੀਂਆਂ ਪੈੜਾਂ ਪਾਈਆਂ। ਅੱਜ ਭਾਰਤ-ਅਮਰੀਕਾ ਸਮਝੌਤਾ ਨਾ ਸਿਰਫ਼ ਵਪਾਰ, ਸੂਰਜੀ ਊਰਜਾ, ਨਵੀਨਤਮ ਤਕਨਾਲੋਜੀ ਵਰਗੇ ਰਣਨੀਤਕ ਖੇਤਰਾਂ ਨੂੰ ਕਵਰ ਕਰਦਾ ਹੈ, ਇਹ ਪੁਲਾੜ, ਸਿੱਖਿਆ ਅਤੇ ਰੱਖਿਆ ਦੇ ਖੇਤਰਾਂ ਵਿੱਚ ਕੇਂਦਰੀ ਭੂਮਿਕਾ ਨਿਭਾ ਰਿਹਾ ਹੈ, ਅਤੇ ਹੁਣ ਆਪਣੀ ਰਣਨੀਤਕ ਦੂਰਦਰਸ਼ਤਾ ਨਾਲ ਵਿਸ਼ਵ ਸ਼ਾਂਤੀ, ਵਿਕਾਸ ਅਤੇ ਸਾਂਝੇ ਮੁੱਲਾਂ ਦਾ ਇੱਕ ਆਦਰਸ਼ ਮਾਡਲ ਬਣ ਰਿਹਾ ਹੈ। ਪ੍ਰੋ. ਸਰਚਾਂਦ ਸਿੰਘ ਨੇ ਕਿਹਾ ਕਿ ਸਾਬਕਾ ਰਾਜਦੂਤ ਤਰਨਜੀਤ ਸਿੰਘ ਸੰਧੂ ਜੀਓਪੌਲਿਟਿਕਲ ਇੰਸਟੀਚਿਊਟ ਦੇ ਚੇਅਰਮੈਨ ਅਤੇ ਅਮਰੀਕਾ-ਭਾਰਤ ਰਣਨੀਤਕ ਭਾਈਵਾਲੀ ਫੋਰਮ ਦੇ ਸਲਾਹਕਾਰ ਵਜੋਂ ਆਪਣੇ ਰਣਨੀਤਕ ਤਜਰਬੇ ਅਤੇ ਦੂਰਦਰਸ਼ਤਾ ਨਾਲ ਭਾਰਤ-ਮੱਧ ਪੂਰਬ-ਯੂਰਪ ਆਰਥਿਕ ਗਲਿਆਰਾ, ਇੰਡੋ-ਪੈਸੀਫਿਕ ਕਵਾਡ ਅਤੇ ਭਾਰਤ, ਇਜ਼ਰਾਈਲ, ਅਮਰੀਕਾ, ਯੂਏਈ ਵਰਗੀਆਂ ਪਹਿਲਕਦਮੀਆਂ ਲਈ ਇੱਕ ਨਵੀਂ ਦਿਸ਼ਾ ਤੈਅ ਕਰੇਗਾ।ਮੈਨੂੰ ਯਕੀਨ ਹੈ ਕਿ ਇਸ ਨਵੀਂ ਭੂਮਿਕਾ ਵਿੱਚ,ਸ. ਸੰਧੂ ਦੋਵਾਂ ਦੇਸ਼ਾਂ ਵਿਚਕਾਰ ਸਭ ਤੋਂ ਮਹੱਤਵਪੂਰਨ ਸਬੰਧਾਂ ਨੂੰ ਹੋਰ ਮਜ਼ਬੂਤ ਕਰਨ ਵਿੱਚ ਯੋਗਦਾਨ ਪਾਉਣਗੇ।" ਉਨ੍ਹਾਂ ਕਿਹਾ ਕਿ ਇਸ ਫੋਰਮ ਦੇ ਵਾਸ਼ਿੰਗਟਨ ਡੀਸੀ ਅਤੇ ਨਵੀਂ ਦਿੱਲੀ ਵਿੱਚ ਦਫ਼ਤਰ ਹਨ। ਇਸ ਦੇ ਮੈਂਬਰਾਂ ਵਿੱਚ ਵਿਸ਼ਵ ਪੱਧਰੀ ਕੰਪਨੀਆਂ ਸ਼ਾਮਲ ਹਨ ਜਿਨ੍ਹਾਂ ਦਾ ਕੁੱਲ ਬਾਜ਼ਾਰ ਮੁੱਲ 10 ਟ੍ਰਿਲੀਅਨ ਡਾਲਰ ਤੋਂ ਵੱਧ ਅਤੇ 60 ਲੱਖ ਤੋਂ ਵੱਧ ਕਰਮਚਾਰੀ ਹਨ। ਇਹ ਫੋਰਮ ਲੰਬੇ ਸਮੇਂ ਤੋਂ ਭਾਰਤ ਅਤੇ ਸੰਯੁਕਤ ਰਾਜ ਅਮਰੀਕਾ ਦੇ ਸਰਕਾਰੀ ਅਤੇ ਨਿੱਜੀ ਖੇਤਰਾਂ ਵਿਚਕਾਰ ਦੋਸਤਾਨਾ ਸਬੰਧ ਬਣਾਉਣ ਵਿਚ ਇੱਕ ਪੁਲ ਵਜੋਂ ਕੰਮ ਕਰ ਰਿਹਾ ਹੈ।



ਆਵਾਜ਼ਿ ਕੌਮ AWAZE QAUM International Newspaper & WEB TV

### ਤਖਤ ਸ੍ਰੀ ਦਮਦਮਾ ਸਾਹਿਬ ਵਿਖੇ ਕਰਵਾਇਆ ਹਫਤਾਵਾਰੀ ਗੁਰਮਤਿ ਸਮਾਗਮ

# 151 ਪ੍ਰਾਣੀ ਲੱਗੇ ਗੁਰੂ ਦੇ ਲੜ



**ਤਲਵੰਡੀ ਸਾਬੋ, 20 ਜੁਲਾਈ (ਗੁਰਜੰਟ ਸਿੰਘ ਨਥੇਹਾ)**- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਵੱਲੋਂ ਮਾਲਵੇ 'ਚ ਚਲਾਈ ਜਾ ਰਹੀ ਗੁਰਮਤਿ ਪ੍ਰਚੰਡ ਲਹਿਰ ਦੀ ਲੜੀ ਤਹਿਤ ਸਿੱਖ ਕੌਮ ਦੇ ਚੌਥੇ ਤਖਤ, ਤਖਤ ਸ੍ਰੀ ਦਮਦਮਾ ਸਾਹਿਬ ਵਿਖੇ ਕਰਵਾਏ ਜਾਂਦੇ ਹਫਤਾਵਾਰੀ ਗੁਰਮਤਿ ਸਮਾਗਮਾਂ ਦੀ ਲੜੀ ਤਹਿਤ ਅੱਜ ਵੀ ਗੁਰਮਤਿ ਸਮਾਗਮ ਕਰਵਾਇਆ ਗਿਆ ਜਿਸ ਵਿੱਚ ਵੱਡੀ ਗਿਣਤੀ ਸੰਗਤਾਂ ਨੇ ਸ਼ਮੂਲੀਅਤ ਕੀਤੀ। ਅੱਜ ਸਭ ਤੋਂ ਪਹਿਲਾਂ ਤਖਤ ਸਾਹਿਬ ਵਿਖੇ ਤਖਤ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਅੰਮ੍ਰਿਤਪਾਲ ਸਿੰਘ ਦੇ ਜਥੇ ਨੇ ਸੰਗਤਾਂ ਨੂੰ ਸ਼ਬਦ ਕੀਰਤਨ ਰਾਹੀਂ ਨਿਹਾਲ ਕੀਤਾ ਜਦੋਂਕਿ ਭਾਈ ਹਰਦੀਪ ਸਿੰਘ ਬੱਲ੍ਹੋ ਪ੍ਰਚਾਰਕ ਨੇ ਕਥਾ ਵੀਚਾਰਾਂ ਰਾਹੀਂ ਅਤੇ ਭਾਈ ਚਮਕੌਰ ਸਿੰਘ ਕਕਰਾਲਾ ਦੇ ਢਾਡੀ ਜਥੇ ਨੇ ਵਾਰਾਂ ਰਾਹੀਂ ਸੰਗਤਾਂ ਨੂੰ ਗੁਰਇਤਿਹਾਸ ਨਾਲ ਜੋੜਿਆ। ਤਖਤ ਸਾਹਿਬ ਦੇ ਹੈੱਡ ਗ੍ਰੰਥੀ ਭਾਈ ਜਗਤਾਰ ਸਿੰਘ ਨੇ ਮਨੁੱਖੀ ਜੀਵਨ ਚ ਗੁਰਮਤਿ ਦੀ ਮਹੱਤਤਾ ਬਾਰੇ ਦੱਸਦਿਆਂ ਸੰਗਤਾਂ ਨੂੰ ਗੁਰਬਾਣੀ ਨਾਲ ਜੁੜਨ ਦੀ ਅਪੀਲ ਕੀਤੀ।ਸਮਾਗਮਾਂ 'ਚ ਤਖਤ ਸਾਹਿਬ ਦੇ ਮੈਨੇਜਰ ਭਾਈ ਗੁਰਬਿੰਦਰ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਸੰਗਤਾਂ ਨੇ ਹਾਜ਼ਰੀ ਭਰੀ।ਉੱਧਰ ਧਰਮ ਪ੍ਰਚਾਰ ਉਪ ਦਫਤਰ ਇੰਚਾਰਜ ਭਾਈ ਭੋਲਾ ਸਿੰਘ ਨੇ ਪ੍ਰੈੱਸ ਬਿਆਨ ਜਾਰੀ ਕਰਦਿਆਂ ਦੱਸਿਆ ਕਿ ਤਖਤ ਸਾਹਿਬ ਦੇ ਗੁਰਦੁਆਰਾ ਬਾਬਾ ਬੀਰ ਸਿੰਘ ਬਾਬਾ ਧੀਰ ਸਿੰਘ ਵਿਖੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਕਰਵਾਏ ਅੰਮ੍ਰਿਤ ਸੰਚਾਰ ਮੌਕੇ 151 ਪ੍ਰਾਣੀਆਂ ਨੇ ਖੰਡੇ ਬਾਟੇ ਦੀ ਪਾਹੁਲ ਛਕਦਿਆਂ ਗੁਰੂ ਦਾ ਲੜ ਫੜਿਆ।ਅੰਮ੍ਰਿਤ ਸੰਚਾਰ ਕਰਨ ਵਾਲੇ ਪ੍ਰਾਣੀਆਂ ਨੂੰ ਸ਼ੁਭਕਾਮਨਾਵਾਂ ਭੇਟ ਕਰਦਿਆਂ ਤਖਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਬਾਬਾ ਟੇਕ ਸਿੰਘ ਨੇ ਹੋਰਨਾਂ ਸੰਗਤਾਂ ਨੂੰ ਵੀ ਅੰਮ੍ਰਿਤ ਛਕ ਕੇ ਗੁਰੂ ਦੇ ਲੜ ਲੱਗਣ ਦੀ ਅਪੀਲ ਕੀਤੀ। ਉਨਾਂ ਨੇ ਸੰਗਤ ਨੂੰ ਇਹ ਵੀ ਅਪੀਲ ਕੀਤੀ ਕਿ ਆਪਣੇ ਬੱਚਿਆਂ ਨੂੰ ਸਿੱਖ ਯੋਧਿਆਂ ਅਤੇ ਸ਼ਹੀਦਾਂ ਦੇ ਜੀਵਨ ਕਾਲ ਤੋਂ ਜਾਣੂੰ ਕਰਵਾਉਣ ਲਈ ਉਨਾਂ ਨੂੰ ਸਿੱਖ ਇਤਿਹਾਸ ਦੀਆਂ ਕਿਤਾਬਾਂ ਪੜਾਈਆਂ ਜਾਣ।

ਆਵਾਜ਼ਿ ਕੌਮ AWAZE QAUM International Newspaper & WEB TV

# ਕਿਤਾਬ 'ਕੌਰਨਾਮਾ-2' ਦੇ ਸ਼ੁਕਰਾਨੇ ਵਜੋਂ ਤਖਤ ਸ੍ਰੀ ਦਮਦਮਾ ਸਾਹਿਬ ਦੇ ਗੁ: ਲਿਖਣਸਰ ਸਾਹਿਬ ਵਿਖੇ ਕਰਵਾਈ ਅਰਦਾਸ

### ਸਿੱਖ ਕੌਮ ਤੇ ਨੌਜਵਾਨ 'ਕੌਰਨਾਮਾ' ਸਮੇਤ ਖਾੜਕੂ ਲਹਿਰ ਸਬੰਧੀ ਸਾਹਿਤ ਪੜ੍ਹਨ-ਬਾਬਾ ਹਰਦੀਪ ਸਿੰਘ ਮਹਿਰਾਜ



ਤਲਵੰਡੀ ਸਾਬੋ, 20 ਜੁਲਾਈ (ਗੁਰਜੰਟ ਸਿੰਘ ਨਥੇਹਾ)- ਸਿੱਖ ਚਿੰਤਕ ਭਾਈ ਦਲਜੀਤ ਸਿੰਘ ਖਾਲਸਾ ਦੀ ਅਗਵਾਈ 'ਚ ਸੀਨੀਅਰ ਪੱਤਰਕਾਰ ਬਲਜਿੰਦਰ ਸਿੰਘ ਕੋਟਭਾਰਾ ਵੱਲੋਂ ਖਾੜਕੂ ਸੰਘਰਸ਼ ਦੀਆਂ ਸ਼ਹੀਦ ਬੀਬੀਆਂ ਦੀ ਗਾਥਾ 'ਕੌਰਨਾਮਾ-2' ਸਫ਼ਲਤਾ ਨਾਲ ਪੂਰੀ ਹੋਣ 'ਤੇ ਅੱਜ ਤਖਤ ਸ੍ਰੀ ਦਮਦਮਾ ਸਾਹਿਬ ਦੇ ਗੁਰਦੁਆਰਾ ਲਿਖਣਸਰ ਸਾਹਿਬ ਵਿਖੇ ਸ਼ੁਕਰਾਨੇ ਵਜੋਂ ਅਰਦਾਸ ਕਰਵਾਈ ਗਈ। ਤਖ਼ਤ ਸਾਹਿਬ ਦੇ ਪੰਜ ਪਿਆਰਿਆਂ 'ਚੋਂ ਤਿੰਨ ਸਿੰਘਾਂ ਨੇ ਅਰਦਾਸ ਮੌਕੇ ਸ੍ਰੀ ਗੁਰੂ ਗਰੰਥ ਸਾਹਿਬ ਵਿਚੋਂ ਸ਼ਹਾਦਤ, ਸੀਸ ਦੇਣ ਦੇ ਹਵਾਲੇ ਦਿੰਦਿਆ ਵਾਹਿਗੁਰੂ ਅੱਗੇ ਬੇਨਤੀ ਕੀਤੀ ਕਿ ਸ਼ਹੀਦ ਖਾੜਕੂ ਸਿੰਘਾਂ, ਸਿੰਘਣੀਆਂ ਕੌਮ ਦਾ ਭਵਿੱਖ ਤੈਅ ਕਰਦੀਆਂ ਹਨ ਤੇ ਇਹਨਾਂ ਦੇ ਇਤਿਹਾਸ ਲਿਖਣ ਲਈ ਬਖ਼ਿਸਸ ਕੀਤੀ ਜਾਵੇ।ਇੱਥੋਂ ਜਾਰੀ ਪ੍ਰੈਸ ਬਿਆਨ ਵਿੱਚ ਬਾਬਾ ਹਰਦੀਪ ਸਿੰਘ ਮਹਿਰਾਜ ਨੇ ਸਿੱਖ ਕੌਮ ਨੂੰ ਖਾੜਕੂ ਸੰਘਰਸ਼ ਬਾਰੇ ਵੱਧ ਤੋਂ ਵੱਧ ਕਿਤਾਬਾਂ, ਇਤਿਹਾਸਕ ਦਸਤਾਵੇਜ ਪੜ੍ਹਨ ਦੀ ਅਪੀਲ ਕਰਦਿਆ ਕਿਹਾ ਕਿ ਜੋ ਕੌਮਾਂ ਇਤਿਹਾਸ ਨੂੰ ਭੁੱਲ ਜਾਂਦੀਆਂ ਹਨ, ਉਹ ਉਹਨਾਂ ਖਾਤਰ ਸ਼ਹੀਦ ਹੋਇਆਂ ਨੂੰ ਬੇਦਾਵਾ ਦੇ ਦਿੰਦੀਆਂ ਹਨ। ਉਹਨਾਂ ਕਿਹਾ ਕਿ ਸ਼ਹੀਦ ਬੀਬੀਆਂ ਦੀ ਇਹ ਵਾਰਤਾ ਇੱਕ ਇਤਿਹਾਸਕ ਦਸਤਾਵੇਜ ਹੈ, ਜੋ ਖਾੜਕੂ ਲਹਿਰ ਦੇ ਸ਼ਹੀਦ ਭਾਈ ਪਰਮਜੀਤ ਸਿੰਘ ਪੰਜਵੜ ਦੀ ਪ੍ਰੇਰਨਾ ਸਦਕਾ ਸ਼ੁਰੂ ਕੀਤੀ ਗਈ ਸੀ ਪਰ ਇਸ ਦਾ ਪਹਿਲਾ ਹਿੱਸਾ ਉਹਨਾਂ ਦੀ ਸ਼ਹਾਦਤ ਤੋਂ ਬਾਅਦ ਹੀ ਪੂਰਾ ਹੋਇਆ ਤੇ ਇਹਨਾਂ ਨੂੰ ਬਿਬੇਕਗੜ੍ਹ ਪ੍ਰਸ਼ਾਸਨ ਨੇ ਛਪਵਾ ਕੇ ਕੌਮ ਦੇ ਸਨਮੁੱਖ ਕੀਤਾ। ਉਹਨਾਂ ਭਵਿੱਖ 'ਚ ਇਸ ਕਾਰਜ ਦੇ ਜਾਰੀ ਰਹਿਣ ਦੀ ਉਮੀਦ ਵੀ ਪ੍ਰਗਟ ਕੀਤੀ। ਇਸ ਮੌਕੇ ਪੰਜ ਪਿਆਰਿਆਂ 'ਚ ਤਿੰਨ ਸਿੰਘ, ਲੇਖਕ ਬਲਜਿੰਦਰ ਸਿੰਘ ਕੋਟਭਾਰਾ, ਬੀਬੀ ਜਸਪਾਲ ਕੌਰ ਚਹਿਲਾਂਵਾਲੀ, ਬੀਬੀ ਵੀਰਪਾਲ ਕੌਰ ਤਲਵੰਡੀ ਸਾਬੋ ਵੀ ਮੌਜੂਦ ਸਨ।ਅਰਦਾਸ ਤੋਂ ਬਾਅਦ ਪੁੱਜੇ ਸ਼ਹੀਦ ਬੀਬੀ ਜਤਿੰਦਰ ਕੌਰ ਉਰਫ ਰਾਜਵੀਰ ਕੌਰ ਨਾਗੋਕੇ ਤੇ ਸ਼ਹੀਦ ਭਾਈ ਗੁਰਮੁਖ ਸਿੰਘ ਨਾਗੋਕੇ ਦੀ ਸਪੁੱਤਰੀ ਬੀਬੀ ਤੇਜਬੀਰ ਕੌਰ ਨਾਗੋਕੇ ਨੂੰ 'ਕੌਰਨਾਮਾ-2' ਪੁਸਤਕ ਭੇਂਟ ਕੀਤੀ ਗਈ। ਲੇਖਕ ਬਲਜਿੰਦਰ ਸਿੰਘ ਨੇ ਅਰਦਾਸ ਕਰਕੇ ਗੁਰੂ ਸਾਹਿਬ ਤੋਂ ਬਲ ਬੁੱਧੀ, ਬਿਬੇਕ ਤੇ ਬਾਕੀ ਲਿਖਣ ਵਾਲੇ ਇਤਿਹਾਸ ਨੂੰ ਲਿਖਣ ਦਾ ਵਰ ਮੰਗਿਆ ਕਿ ਗੁਰੂ ਸਾਹਿਬ ਇਸੇ ਤਰ੍ਹਾਂ ਹੀ ਸੇਵਾ ਕਰਵਾਉਂਦੇ ਰਹਿਣ। ਇਸ ਮੌਕੇ ਪੰਜ ਪਿਆਰਿਆਂ ਚੋਂ ਪੁੱਜੇ ਤਿੰਨ ਸਿੰਘਾਂ ਅਤੇ ਬਾਬਾ ਹਰਦੀਪ ਸਿੰਘ ਨੇ ਲੇਖਕ ਦਾ ਸਨਮਾਨ ਵੀ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

# 'ਮੁੱਖ ਮੰਤਰੀ ਸਿਹਤ ਯੋਜਨਾ' ਸੂਬੇ ਦੇ ਲੋਕਾਂ ਲਈ ਵਰਦਾਨ ਸਾਬਿਤ ਹੋਵੇਗੀ: ਸਰਪੰਚ ਅਜੈ ਗਾਂਧੀ ਚੌਕ ਮਹਿਤਾ





**ਚੌਕ ਮਹਿਤਾ, 20 ਜੁਲਾਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪੰਜਾਬ ਸਰਕਾਰ ਵੱਲੋਂ 10 ਲੱਖ ਰੁਪਏ ਦਾ ਮੁਫ਼ਤ ਇਲਾਜ ਦੇਣ ਲਈ ਸ਼ੁਰੂ ਕੀਤੀ ਗਈ 'ਮੁੱਖ ਮੰਤਰੀ ਸਿਹਤ ਯੋਜਨਾ' ਸੂਬੇ ਦੇ ਲੋਕਾਂ ਲਈ ਵਰਦਾਨ ਸਾਬਿਤ ਹੋਵੇਗੀ।ਇਹ ਪ੍ਰਗਟਾਵਾ ਸਰਪੰਚ ਅਜੈ ਗਾਂਧੀ ਨੇ ਗੱਲਬਾਤ ਕਰਦਿਆਂ ਕੀਤਾ ਉਨ੍ਹਾਂ ਕਿਹਾ ਕਿ ਹਲਕ ਜੰਡਿਆਲਾ ਗੁਰੂ ਵਿੱਚ ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਉ ਜੀ ਦੀ ਅਗਵਾਈ ਵਿੱਚ ਵਿਕਾਸ ਤਨ ਮਨ ਧੰਨ ਕਰਵਾ ਰਹੇ ਹਨ। ਸਰਪੰਚ ਅਜੈ ਗਾਂਧੀ ਜੀ ਨੇ ਕਿਹਾ ਕਿ ਈ ਟੀ ਉ ਮੰਤਰੀ ਨੇ ਦਿਨ ਰਾਤ ਇੱਕ ਕਰਕੇ ਵਿਕਾਸ ਕਰਵਾ ਰਹੇ ਅਤੇ ਆਪਣੀ ਪਾਰਟੀ ਦੀ ਆਉਣ ਵਾਲੀਆਂ 2027 ਵਿੱਚ ਚੋਣਾ ਮਜਦੂਤੀ ਲਈ ਦਿਨ ਰਾਤ ਇੱਕ ਕੀਤਾ ਹੋਇਆ ਹੈ। ਉਨ੍ਹਾਂ ਕਿਹਾ ਕਿ ਇਸ ਯੋਜਨਾ ਤਹਿਤ ਪੰਜਾਬ ਦੇ ਲੋਕਾਂ ਨੂੰ ਬਿਨਾਂ ਕਿਸੇ ਕਾਗਜ਼ੀ ਕਾਰਵਾਈ ਦੇ ਹਰ ਸਾਲ 10 ਲੱਖ ਰੁਪਏ ਤੱਕ ਦਾ ਮੁਫ਼ਤ ਅਤੇ ਵਧੀਆ ਇਲਾਜ ਮਿਲੇਗਾ। ਦਰਅਸਲ ਸਰਕਾਰੀ ਕਰਮਚਾਰੀਆਂ ਅਤੇ ਪੈਨਸ਼ਨਰਾਂ ਸਮੇਤ ਸੂਬੇ ਦੇ ਹਰ ਵਰਗ ਨੂੰ ਐੱਮ.ਐੱਮ.ਐੱਸ.ਵਾਈ. ਹੈਲਥ ਕਾਰਡ ਜਾਰੀ ਕੀਤੇ ਜਾਣਗੇ, ਜਿਸ ਤਹਿਤ ਲੋਕ ਸਰਕਾਰੀਅਤੇ ਪ੍ਰਾਈਵੇਟ ਹਸਪਤਾਲਾਂ 'ਚ ਮੁਫ਼ਤ ਇਲਾਜ ਕਰਵਾ ਸਕਣਗੇ। ਇਹ ਇਲਾਜ ਬਿਨਾਂ ਕਿਸੇ ਖੱਜਲ-ਖੁਆਰੀ ਦੇ ਸਿਰਫ਼ ਹੈਲਥ ਕਾਰਡ ਦੇ ਆਧਾਰ 'ਤੇ ਹੀ ਹੋਵੇਗਾ। ਉਨ੍ਹਾਂ ਕਿਹਾ ਕਿ 'ਆਪ' ਸਰਕਾਰ ਨੇ ਸੂਬੇ 'ਚ ਹੋਰ ਵੀ ਕਈ ਨਵੇਂ ਕੀਰਤੀਮਾਨ ਸਥਾਪਿਤ ਕੀਤੇ ਹਨ, ਜੋ ਪੰਜਾਬ ਦੇ ਸੁਨਹਿਰੀ ਭਵਿੱਖ ਵਾਸਤੇ ਚੰਗੇ ਸੰਕੇਤ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

### ਸ਼੍ਰੋਮਣੀ ਅਕਾਲੀ ਦਲ ਦੀ ਪੁਨਰ ਸੁਰਜੀਤੀ ਤਹਿਤ ਪ੍ਰਧਾਨ ਦੀ ਚੋਣ ਲਈ 11 ਅਗਸਤ ਨੂੰ ਬੁਲਾਇਆ ਗਿਆ ਜਨਰਲ ਇਜਲਾਸ

# ਸ੍ਰੀ ਅਕਾਲ ਤਖਤ ਸਾਹਿਬ ਦੇ ਹੁਕਮਨਾਮਾ ਸਾਹਿਬ ਦੀ ਰੌਸ਼ਨੀ ਵਿੱਚ ਸਾਰੀਆਂ ਪੰਥਕ ਧਿਰਾਂ ਨੂੰ ਚੁੱਲੇ ਸਮੇਟ ਕਿ ਇਕੱਠੇ ਹੋਣ ਦੀ ਅਪੀਲ

**ਅਕਾਲੀ ਰਵਾਇਤ ਅਨੁਸਾਰ ਤੇਜਾ ਸਿੰਘ ਸਮੁੰਦਰੀ ਹਾਲ ਵਿੱਚ ਹੀ ਹੋਵੇਗਾ ਜਨਰਲ ਇਜਲਾਸ**

**ਚੰਡੀਗੜ੍ਹ, 20 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਦੋ ਦਸੰਬਰ 2024 ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੀ ਫ਼ਸੀਲ ਤੋਂ ਬਣੀ ਭਰਤੀ ਕਮੇਟੀ ਦੇ ਕਾਰਜਸ਼ੀਲ ਮੈਬਰਾਂ ਸਰਦਾਰ ਮਨਪ੍ਰੀਤ ਸਿੰਘ ਇਯਾਲੀ, ਜੱਥੇਦਾਰ ਗੁਰਪ੍ਰਤਾਪ ਸਿੰਘ ਵਡਾਲਾ, ਜੱਥੇਦਾਰ ਇਕਬਾਲ ਸਿੰਘ ਝੂੰਦਾਂ, ਜੱਥੇਦਾਰ ਸੰਤਾ ਸਿੰਘ ਉਮੈਦਪੁਰੀ ਅਤੇ ਬੀਬੀ ਸਤਵੰਤ ਕੌਰ ਵਲੋਂ ਭਰਤੀ ਮੁਹਿੰਮ ਨੂੰ ਮਿਲੇ ਸਮਰਥਨ ਤੇ ਸੰਤੁਸ਼ਟੀ ਪ੍ਰਗਟਾਈ ਕਰਦਿਆਂ ਸਮੁੱਚੇ ਵਰਕਰਾਂ ਦਾ ਧੰਨਵਾਦ ਕੀਤਾ। ਸਿੱਖ ਪੰਥ ਦੀਆਂ ਭਾਵਨਾਵਾਂ ਅਤੇ ਖੇਤਰੀ ਪਾਰਟੀ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸਮੇਤ ਪੰਜਾਬ ਪ੍ਰਸਤ ਲੀਡਰਸ਼ਿਪ ਦੀ ਭਾਲ ਨੂੰ ਪੂਰਾ ਕਰਨ ਦੇ ਤਰੱਦਦ ਹੇਠ 11 ਅਗਸਤ ਨੂੰ ਤੇਜਾ ਸਿੰਘ ਸਮੁੰਦਰੀ ਹਾਲ ਵਿੱਚ ਜਨਰਲ ਇਜਲਾਸ ਬੁਲਾਇਆ ਗਿਆ ਹੈ। ਪੰਜਾਬ ਸਮੇਤ ਦੂਜੇ ਸੂਬਿਆਂ ਤੋਂ ਚੁਣੇ ਗਏ ਸਟੇਟ ਡੈਲੀਗੇਟ ਇਜਲਾਸ ਵਿੱਚ ਹਿੱਸਾ ਲੈਣਗੇ। ਭਰਤੀ ਕਮੇਟੀ ਮੈਬਰਾਂ ਨੇ ਕਿਹਾ ਕਿ 21 ਜੁਲਾਈ ਤੋਂ ਲੈਕੇ 30 ਜੁਲਾਈ ਤੱਕ ਜਿਲ੍ਹਾ ਅਤੇ ਸਟੇਟ ਡੈਲੀਗੇਟ ਦੀ ਲੋਕਤੰਤਰਿਕ ਤਰੀਕੇ ਜਰੀਏ ਸੂਬੇ ਭਰ ਵਿੱਚੋਂ ਹਲਕਾਵਾਰ ਚੋਣ ਕੀਤੀ ਜਾਵੇਗੀ। ਭਰਤੀ ਕਮੇਟੀ ਮੈਂਬਰਾਂ ਨੇ ਕਿਹਾ ਕਿ ਜਾਰੀ ਹੁਕਮਨਾਮਾ ਸਾਹਿਬ ਵਿੱਚ ਆਦੇਸ਼ ਸਨ ਕਿ ਵੱਖ-ਵੱਖ ਧੜੇ ਚੁੱਲ੍ਹੇ ਸਮੇਟ ਕਿ ਇਕੱਠੇ ਹੋਣ, ਉਸੇ ਆਦੇਸਾਂ ਦੀ ਰੌਸਨੀ ਵਿੱਚ ਕਮੇਟੀ ਮੈਂਬਰਾਂ ਨੇ ਮੁੜ ਖੁੱਲ੍ਹਾ ਸੱਦਾ ਦਿੰਦੇ ਸਾਰੀਆਂ ਪੰਥਕ ਧਿਰਾਂ ਨੂੰ ਇੱਕਠੇ ਹੋਣ ਦੀ ਅਪੀਲ ਕੀਤੀ। ਖਾਸ ਤੌਰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੁਕਮਾਂ ਤੋਂ ਆਕੀ ਅਤੇ ਬਾਗੀ ਹੋ ਕੇ ਭਰਤੀ ਕਰਨ ਵਾਲੇ ਧੜੇ ਦੇ ਪ੍ਰਧਾਨ ਸਮੇਤ ਬਾਕੀ ਸਾਰੇ ਲੀਡਰ ਸਹਿਬਾਨ ਨੂੰ ਵੀ ਅਪੀਲ ਕੀਤੀ ਗਈ ਕਿ ਉਹ ਵੀ ਆਪਣੀਆਂ ਅਹੁਦੇਦਾਰੀਆਂ ਤਿਆਗ ਕੇ ਅਤੇ ਦਲ ਭੰਗ ਕਰਕੇ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਸਮਰਪਣ ਕਰਨ। ਭਰਤੀ ਕਮੇਟੀ ਨੇ ਫਿਰ ਆਪਣੇ ਸਟੈਂਡ ਸਪੱਸਟ ਕੀਤਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ ਅਨੁਸਾਰ ਨੈਤਿਕ ਅਧਿਕਾਰ ਗਵਾ ਚੁੱਕੀ ਲੀਡਰਸ਼ਿੱਪ ਨੂੰ ਲਾਂਭੇ ਕਰਕੇ ਜੋ ਪੰਥ ਪ੍ਰਵਾਨਿਤ ਲੀਡਰਸ਼ਿੱਪ ਦੇਣ ਦੇ ਆਦੇਸ਼ ਸਨ ਉਸ ਦੀ ਇੰਨਬਿੰਨ ਪਾਲਣਾ ਕੀਤੀ ਜਾਵੇਗੀ॥

ਆਵਾਜ਼ਿ ਕੌਮ AWAZE QAUM International Newspaper & WEB TV



### ਸੁਸ਼ਾਂਤ ਸਿਟੀ-2 ਬਠਿੰਡਾ ਵੱਲੋਂ ਕਲੋਨੀ ਨੂੰ

# ਹਰਿਆ ਭਰਿਆ ਬਣਾਉਣ ਲਈ ਚਲਾਈ ਮੁਹਿੰਮ







**ਬਠਿੰਡਾ, 20 ਜੁਲਾਈ (ਗੁਰਜੰਟ ਸਿੰਘ ਨਥੇਹਾ)**- ਦੂਸ਼ਿਤ ਹੋ ਰਹੇ ਵਾਤਾਵਰਨ ਨੂੰ ਸੁਰੱਖਿਅਤ ਰੱਖਣ ਲਈ ਲਈ ਅੱਜ ਸੁਸ਼ਾਂਤ ਸਿਟੀ-2 ਵਿਖੇ ਵੱਡੀ ਪੱਧਰ 'ਤੇ ਪੌਦੇ ਲਗਾਉਣ ਦੀ ਮੁਹਿੰਮ ਚਲਾਈ ਗਈ। ਮੁਹਿੰਮ ਦੀ ਸ਼ੁਰੂਆਤ ਸੁਪਰ ਸੀਨੀਅਰ ਸਿਟੀਜਨਜ ਵੱਲੋਂ ਕੀਤੀ ਗਈ। ਇਸ ਸਮੇਂ ਮੌਰਸਲੀ, ਚੱਕਰੇਸੀਆ, ਸੁਖਚੈਨ ਆਦਿ ਪੌਦੇ ਲਗਾਏ ਗਏ। ਰੈਜ਼ੀਡੈਂਟਸ ਸੁਸ਼ਾਂਤ ਸਿਟੀ ਟੂ ਵੈਲਫੇਅਰ ਸੁਸਾਇਟੀ ਦੇ ਪ੍ਰਧਾਨ ਸਰਦਾਰ ਨਿਰਮਲ ਸਿੰਘ ਨੇ ਦੱਸਿਆ 'ਮਿਸ਼ਨ ਹਰਿਆਵਲ ਸੁਸ਼ਾਂਤ 2' ਦੇ ਬੈਨਰ ਹੇਠ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸਮੂਹ ਕਲੋਨੀ ਵਾਸੀਆਂ ਨੇ ਪੂਰੇ ਡਰੈੱਸ ਕੋਡ ਵਿਚ ਹਰਿਆਵਲ ਮਿਸ਼ਨ ਦੀਆਂ ਸ਼ਰਟਾਂ ਪਹਿਨ ਕੇ ਲਗਭਗ 1100 ਪੌਦੇ ਕਲੋਨੀ ਵਿੱਚ ਲਗਾਏ ਜਾਣਗੇ ਅਤੇ ਇਹਨਾਂ ਦੀ ਦੇਖਭਾਲ ਲਈ ਕਲੋਨੀ ਵਾਸੀਆਂ ਦੀਆਂ ਡਿਊਟੀਆਂ ਲਗਾਈਆਂ ਜਾਣਗੀਆਂ ਇਸ ਮੌਕੇ ਸਭ ਤੋਂ ਛੋਟੀ ਉਮਰ ਦੇ ਬੱਚੇ ਜੈਪਰਾਜ ਸੰਧੂ ਦੇ ਮਾਪਿਆਂ ਵੱਲੋਂ ਆਪਣੇ ਬੱਚੇ ਦੇ ਜਨਮ ਦੀ ਖੁਸ਼ੀ ਵਿੱਚ ਵੀ ਪੌਦੇ ਲਗਾਏ ਗਏ। ਕਲੋਨੀ ਵਸਨੀਕ ਸਰਦਾਰ ਬਲਦੇਵ ਸਿੰਘ ਸਰਾਂ ਸਾਬਕਾ ਚੇਅਰਮੈਨ ਪੀਐਸਪੀਸੀਐਲ ਨੇ ਸਮੂਹ ਕਲੋਨੀ ਵਾਸੀਆਂ ਨੂੰ ਵੱਧ ਤੋਂ ਵੱਧ ਰੁੱਖ ਲਗਾ ਕੇ ਉਹਨਾਂ ਦੀ ਦੇਖਭਾਲ ਕਰਨ ਲਈ ਅਪੀਲ ਕੀਤੀ। ਇਸ ਮੁਹਿੰਮ ਨੂੰ ਸਫਲ ਬਣਾਉਣ ਮੈਨੇਜਮੈਂਟ ਸੁਸ਼ਾਂਤ ਸਿਟੀ-2, ਸੁਸ਼ਾਂਤ ਸਿਟੀ ਇਨਕਲੇਵ ਦੇ ਸ੍ਰੀ ਸੁਰੇਸ਼ ਜੀ, ਸ੍ਰੀ ਸੁਖਮਨੀ ਸਾਹਿਬ ਸੇਵਾ ਸੁਸਾਇਟੀ ਅਤੇ ਵੱਡੀ ਗਿਣਤੀ ਵਿੱਚ ਕਲੋਨੀ ਵਾਸੀਆਂ ਦਾ ਸਹਿਯੋਗ ਰਿਹਾ ।ਇਸ ਮੌਕੇ ਸਾਉਣ ਮਹੀਨੇ ਨੂੰ ਸਮਰਪਿਤ ਸਾਡੇ ਸਭਿਆਚਾਰ ਦਾ ਪ੍ਰਤੀਕ ਗੁਲਗਲਿਆਂ ਦਾ ਲੰਗਰ ਲਗਾਇਆ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

### 8ਵੇਂ ਗੁਰੂ ਸ੍ਰੀ ਗੁਰੂ ਹਰਕ੍ਰਿਸ਼ਨ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ

# ਧਾਰਮਿਕ ਸਮਾਗਮ ਕਰਵਾਇਆ ਗਿਆ




**ਜੰਡਿਆਲਾ ਗੁਰੂ, 20 ਜੁਲਾਈ ( ਕੁਲਵੰਤ ਸਿੰਘ ਵਿਰਦੀ )**-ਦੁਆਬੇ ਖੇਤਰ 'ਚ ਆਪਣੀਆਂ ਧਾਰਮਿਕ ਸਰਗਰਮੀਆਂ ਰਾਹੀਂ ਦੇਸ਼ਾਂ ਵਿਦੇਸ਼ਾਂ ਵਿੱਚ ਪ੍ਰਸਿੱਧ ਹੋਏ ਗੁਰਦੁਆਰਾ ਸਿੰਘਾਂ ਸ਼ਹੀਦਾਂ ਨੰਗਲ ਬੇਟ ਨੇੜੇ ਅੱਲੋਵਾਲ ਫਿਲੌਰ ਵਿਖੇ ਹਰ ਮਹੀਨੇ ਦੇ ਜੇਠੇ ਐਤਵਾਰ ਨੂੰ ਸ਼ਰਧਾ ਵਾਨ ਸੰਗਤਾਂ ਵੱਲੋਂ ਰਖਵਾਏ ਅਖੰਡ ਪਾਠਾਂ ਦੇ ਸੰਪੂਰਨ ਭੋਗ ਤੋਂ ਉਪਰੰਤ ਧਾਰਮਿਕ ਸਜ਼ਾ ਕਿ ਸੰਗਤਾਂ ਨੂੰ ਗੁਰਬਾਣੀ ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਨਾਲ ਨਾਲ ਸਿੱਖੀ ਦੇ ਸੁਨਹਿਰੀ ਵਿਰਸੇ ਇਤਿਹਾਸ ਨਾਲ ਜੋੜਨ ਦੀ ਮੁੱਖ ਪ੍ਰਬੰਧਕ ਸੰਤ ਬਾਬਾ ਸੁਖਵਿੰਦਰ ਸਿੰਘ ਜੀ ਅਤੇ ਸਰਪ੍ਰਸਤ ਸੰਤ ਮਹਾਂਪੁਰਸ਼ ਬਾਬਾ ਜਰਨੈਲ ਸਿੰਘ ਜੀ ਵੱਲੋਂ ਇੱਕ ਧਾਰਮਿਕ ਲਹਿਰ ਚਲਾਈ ਹੋਈ ਹੈ ਅਤੇ ਇਸੇ ਲਹਿਰ ਦੀ ਕੜੀ ਤਹਿਤ ਸਾਵਣ ਮਹੀਨੇ ਦੇ ਮਹੀਨਾਵਾਰੀ ਸਮਾਗਮ ਅੱਠਵੇਂ ਪਾਤਸ਼ਾਹ ਸ੍ਰੀ ਗੁਰੂ ਹਰਕ੍ਰਿਸ਼ਨ ਸਾਹਿਬ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ 18 ਲੜੀਵਾਰ ਅਖੰਡ ਪਾਠਾਂ ਦੇ ਸੰਪੂਰਨ ਭੋਗ ਤੋਂ ਉਪਰੰਤ ਧਾਰਮਿਕ ਦੀਵਾਨ ਸਜਾਏ ਗਏ ਜਿਸ ਵਿਚ ਅੱਧੀ ਦਰਜਨ ਤੋਂ ਵੱਧ ਧਾਰਮਿਕ ਬੁਲਾਰਿਆਂ ਤੇ ਸੰਤ ਮਹਾਂਪੁਰਸ਼ਾਂ ਦੇ ਨਾਲ ਨਾਲ ਸੈਂਕੜੇ ਸੰਗਤਾਂ ਨੇ ਹਾਜ਼ਰੀ ਲਵਾਕੇ ਆਪਣੇ ਸੰਸਾਰਕ ਜੀਵਨ ਨੂੰ ਸਫ਼ਲ ਬਣਾਇਆ, ਧਾਰਮਿਕ ਬੁਲਾਰਿਆਂ ਤੇ ਸੰਤਾਂ ਮਹਾਪੁਰਸ਼ਾਂ ਦੇ ਨਾਲ ਨਾਲ ਸਨਮਾਨਯੋਗ ਹਸਤੀਆਂ ਦਾ ਮੁੱਖ ਪ੍ਰਬੰਧਕ ਸੰਤ ਬਾਬਾ ਸੁਖਵਿੰਦਰ ਸਿੰਘ ਜੀ ਵੱਲੋਂ ਸਨਮਾਨ ਕੀਤਾ ਗਿਆ ਅਤੇ ਗੁਰੂ ਕੇ ਲੰਗਰ ਅਟੁੱਟ ਵਰਤਾਏ ਗਏ, ਇਸ ਸਬੰਧੀ ਪ੍ਰੈਸ ਨੂੰ ਮੁਕੰਮਲ ਜਾਣਕਾਰੀ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਕੌਮੀ ਪ੍ਰਧਾਨ ਭਾਈ ਵਿਰਸਾ ਸਿੰਘ ਖਾਲਸਾ ਨੇ ਸਮਾਗਮ ਦੀਆਂ ਹਾਜ਼ਰੀਆਂ ਭਰਨ ਤੋਂ ਉਪਰੰਤ ਇੱਕ ਲਿਖਤੀ ਪ੍ਰੈਸ ਬਿਆਨ ਰਾਹੀਂ ਦਿੱਤੀ, ਉਹਨਾਂ ਭਾਈ ਖਾਲਸਾ ਨੇ ਦੱਸਿਆ ਸਮਾਗਮ ਸਬੰਧੀ ਪਰਸੋਂ ਦੇ ਰੋਜ਼ ਤੋਂ ਗੁਰਦੁਆਰਾ ਸਾਹਿਬ ਵਿਖੇ 15 ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ,ਦੋ ਸੰਪਟ ਸਮੇਤ ਜਪੁਜੀ ਸਾਹਿਬ ਟੋਟਲ 18 ਲੜੀਵਾਰ ਅਖੰਡ ਪਾਠ ਸਾਹਿਬ ਆਰੰਭ ਕੀਤੇ ਗਏ ਸਨ, ਜਿਨ੍ਹਾਂ ਦੇ ਅੱਜ ਸੰਪੂਰਨ ਭੋਗ ਅਰਦਾਸ ਤੇ ਪਾਵਨ ਪਵਿੱਤਰ ਹੁਕਮ ਨਾਮੇ ਦੀ ਕਥਾ ਮੁਖ ਪ੍ਰਬੰਧਕ ਸੰਤ ਬਾਬਾ ਸੁਖਵਿੰਦਰ ਸਿੰਘ ਜੀ ਵੱਲੋਂ ਸ੍ਰਵਣ ਕਰਵਾਉਣ ਤੋਂ ਉਪਰੰਤ ਗੁਰੂ ਘਰ ਦੇ ਹਜ਼ੂਰੀ ਰਾਗੀ ਭਾਈ ਰਵਿੰਦਰ ਸਿੰਘ ਭਾਈ ਰਿੰਕੂ ਤੇ ਭਾਈ ਗੁਰਮੇਲ ਸਿੰਘ ਦੇ ਕੀਰਤਨੀ ਜਥਿਆਂ ਵੱਲੋਂ ਅੰਮ੍ਰਿਤ ਮਈ ਗੁਰਬਾਣੀ ਕੀਰਤਨ ਸਰਵਣ ਕਰਵਾਉਣ ਤੋਂ ਉਪਰੰਤ ਧਾਰਮਿਕ ਸਮਾਗਮ ਦੀ ਅਰੰਭਤਾ ਹੋਈ, ਭਾਈ ਖਾਲਸਾ ਨੇ ਦੱਸਿਆ ਸਮਾਗਮ 'ਚ ਭਾਈ ਕਰਮ ਸਿੰਘ ਜਲੰਧਰ ਵਾਲਿਆਂ ਦੇ ਕੀਰਤਨੀ ਜਥੇ ਤੋਂ ਇਲਾਵਾ ਅੱਧੀ ਦਰਜਨ ਤੋਂ ਵੱਧ ਰਾਗੀ ਢਾਡੀ ਕਵੀਸ਼ਰ ਪ੍ਰਚਾਰਕਾਂ ਤੇ ਕਥਾਵਾਚਕਾ ਦੇ ਨਾਲ ਨਾਲ ਕਈ ਸੰਤਾਂ ਮਹਾਪੁਰਸ਼ਾਂ ਨੇ ਹਾਜ਼ਰੀ ਲਵਾਈ ਅਤੇ ਜਿਥੇ ਅੱਠਵੇਂ ਪਾਤਸ਼ਾਹ ਸ੍ਰੀ ਗੁਰੂ ਹਰ ਕ੍ਰਿਸ਼ਨ ਸਾਹਿਬ ਜੀ ਦੇ ਜੀਵਨ ਇਤਿਹਾਸ, ਗੁਰਬਾਣੀ ,ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਨਾਲ ਨਾਲ ਸਿੱਖੀ ਦੇ ਸੁਨਹਿਰੀ ਵਿਰਸੇ ਇਤਿਹਾਸ ਨਾਲ ਜੋੜਨ ਲਈ ਢੁਕਵੇਂ ਉਪਰਾਲੇ ਕੀਤੇ, ਇਸ ਮੌਕੇ ਤੇ ਬੋਲਦਿਆਂ ਸੰਤ ਬਾਬਾ ਸੁਖਵਿੰਦਰ ਸਿੰਘ ਜੀ ਨੇ ਕਿਹਾ ਅੱਠਵੇਂ ਪਾਤਸ਼ਾਹ ਸ੍ਰੀ ਗੁਰੂ ਹਰ ਕ੍ਰਿਸ਼ਨ ਸਾਹਿਬ ਜੀ ਸਮੂਹ ਸਿੱਖ ਗੁਰੂ ਸਾਹਿਬਾਨਾਂ ਤੋਂ ਛੋਟੀ ਉਮਰ ਵਿਚ ਗੁਰਗੱਦੀ ਤੇ ਬਿਰਾਜਮਾਨ ਹੋਏ, ਉਨ੍ਹਾਂ ਦਿੱਲੀ ਵਿਚ ਪਏ ਭਿਆਨਕ ਚੀਚਕ ਦੇ ਰੋਗ ਤੋਂ ਲੋਕਾਂ ਨੂੰ ਛੁਟਕਾਰਾ ਦਿਵਾਇਆ ਉਨ੍ਹਾਂ ਬਾਬਾ ਸੁਖਵਿੰਦਰ ਸਿੰਘ ਜੀ ਨੇ ਦੱਸਿਆ ਗੁਰੂ ਹਰ ਕ੍ਰਿਸ਼ਨ ਸਾਹਿਬ ਜੀ ਨੇ ਜੋਤੀ ਜੋਤ ਸਮਾਉਣ ਤੋਂ ਪਹਿਲਾਂ 'ਬਾਬਾ' (ਬਾਬੇ ਬਕਾਲਾ'ਚ ) ਤੋਂ ਨੌਵੇਂ ਗੁਰੂ ਸ੍ਰੀ ਗੁਰੂ ਤੇਗ ਬਹਾਦਰ ਜੀ ਵੱਲ ਇਸ਼ਾਰਾ ਕੀਤਾ ਕਿ ਨੌਵੇਂ ਸਿੱਖ ਗੁਰੂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਬਾਬੇ ਬਕਾਲਾ'ਚ ਬੈਠੇ ਹਨ ਅੱਜ ਕੱਲ ਇਸ ਅਸਥਾਨ ਨੂੰ ਗੁਰਦੁਆਰਾ ਭੋਰਾ ਸਾਹਿਬ ਬਾਬਾ ਬਕਾਲਾ ਸਾਹਿਬ ਨਾਲ ਜਾਣਿਆ ਜਾਂਦਾ ਹੈ, ਗੁਰੂ ਤੇਗ ਬਹਾਦਰ ਸਾਹਿਬ ਗੁਰੂ ਹਰਕ੍ਰਿਸ਼ਨ ਸਾਹਿਬ ਜੀ ਦੇ ਬਾਬਾ ਜੀ ਸਨ, ਸਮੂਹ ਧਾਰਮਿਕ ਬੁਲਾਰਿਆਂ, ਸੰਤਾਂ ਮਹਾਪੁਰਸ਼ਾਂ ਤੇ ਹੋਰ ਸਨਮਾਨ ਯੋਗ ਹਸਤੀਆਂ ਦਾ ਮੁੱਖ ਪ੍ਰਬੰਧਕ ਸੰਤ ਸੁਖਵਿੰਦਰ ਸਿੰਘ ਜੀ, ਡਾਕਟਰ ਅਮਰਜੋਤ ਸਿੰਘ ਸੰਧੂ,ਕਾਰੋਬਾਰੀ ਸ੍ਰ ਜਸਬੀਰ ਸਿੰਘ ਗਰੇਵਾਲ ਲੁਧਿਆਣਾ, ਭਾਈ ਵਿਰਸਾ ਸਿੰਘ ਖਾਲਸਾ ਪ੍ਰਧਾਨ ਏ ਆਈ ਐਸ ਐਸ ਐਫ ਖਾਲਸਾ ਨੇ ਸਾਂਝੇ ਤੌਰ ਤੇ ਸਨਮਾਨਿਤ ਕੀਤਾ ਅਤੇ ਗੁਰੂ ਕੇ ਲੰਗਰ ਅਟੁੱਟ ਵਰਤਾਏ ਗਏ।। ਇਸ ਮੌਕੇ ਹੋਰਨਾਂ ਤੋਂ ਇਲਾਵਾ ਬਾਬਾ ਦਾਰਾ ਸਿੰਘ ਭਾਈ ਗੁਰਮੇਲ ਸਿੰਘ ਭਾਈ ਰਿੰਕੂ, ਭਾਈ ਕਰਮ ਸਿੰਘ ਜਲੰਧਰ ਵਾਲਿਆਂ ਤੋਂ ਇਲਾਵਾ ਸੈਂਕੜੇ ਸੰਗਤਾਂ ਹਾਜ਼ਰ ਸਨ।

**ਸ੍ਰੀ ਗੁਰੂ ਹਰਕ੍ਰਿਸ਼ਨ ਸਾਹਿਬ ਜੀ ਛੋਟੀ ਉਮਰ'ਚ ਗੁਰਗੱਦੀ ਤੇ ਬਿਰਾਜਮਾਨ ਹੋਏ ਤੇ ਸਭ ਤੋਂ ਘੱਟ ਸਮਾਂ ਗੁਰਗੱਦੀ ਤੇ ਰਹੇ : ਸੰਤ ਸੁਖਵਿੰਦਰ ਸਿੰਘ**

ਆਵਾਜ਼ਿ ਕੌਮ AWAZE QAUM International Newspaper & WEB TV

# ਚਿੰਤਾ ਅਤੇ ਮਨੁੱਖੀ ਮਤ

ਅਜੋਕੇ ਪਦਾਰਥਵਾਦ ਦੇ ਯੁੱਗ ਵਿੱਚ ਮਨੁੱਖ ਸਦੈਵ ਆਪਣੇ ਆਪ ਨੂੰ ਦੁਨਿਆਵੀ ਚਿੰਤਾਵਾਂ ਵਿੱਚ ਕੈਦ ਮਹਿਸੂਸ ਕਰਦਾ ਹੈ। ਇਹ ਚਿੰਤਾਵਾਂ ਸਰੀਰਿਕ ਕਸ਼ਟ ਦੇ ਨਾਲ ਨਾਲ ਮਾਨਸਿਕ ਪੀੜਾ ਵੀ ਵਧਾਉਂਦੀਆਂ ਹਨ। ਇਸ ਸਬੰਧੀ ਗੁਰਬਾਣੀ ਮਨੁੱਖ ਨੂੰ ਸਟੀਕ ਸੇਧ ਪ੍ਰਦਾਨ ਕਰਦੀ ਹੈ। ਗੁਰਬਾਣੀ ਵਿੱਚ ਦਰਜ ਹੈ

ਨਾਨਕ ਚਿੰਤਾ ਮਤਿ ਕਰਹੁ
ਚਿੰਤਾ ਤਿਸ ਹੀ ਹੇਇ ॥
ਜਲ ਮਹਿ ਜੰਤ ਉਪਾਇਅਨੁ
ਤਿਨਾ ਭਿ ਰੋਜੀ ਦੇਇ ॥

ਉਪਰੋਕਤ ਸ਼ਬਦ ਜੁਗੋ ਜੁਗ ਅਟੱਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅੰਗ 955 ਉੱਪਰ ਅੰਕਿਤ ਹੈ। ਇਹ ਸ਼ਬਦ ਸਿੱਖ ਧਰਮ ਦੀਆਂ ਸਭ ਤੋਂ ਡੂੰਘੀਆਂ ਤੇ ਮਹੱਤਵਪੂਰਨ ਸਿੱਖਿਆਵਾਂ ਪ੍ਰਦਾਨ ਕਰਦਾ ਹੈ। ਗੁਰਬਾਣੀ ਦਾ ਉਪਰੋਕਤ ਸ਼ਬਦ ਜੀਵਨ ਦੀ ਸੋਚ, ਦ੍ਰਿਸ਼ਟੀਕੋਣ ਅਤੇ ਜੀਵਨ ਜੀਉਣ ਦਾ ਤਰੀਕਾ ਹੈ।

ਇਸ ਸ਼ਬਦ ਵਿੱਚ ਗੁਰੂ ਸਾਹਿਬ ਮਨੁੱਖਾਂ ਨੂੰ ਸਮਝਾ ਰਹੇ ਹਨ ਕਿ ਉਸ ਨੂੰ ਵਿਅਰਥ ਦੀ ਚਿੰਤਾ ਛੱਡ ਦੇਣੀ ਚਾਹੀਦੀ ਹੈ। ਗੁਰੂ ਸਾਹਿਬ ਫਰਮਾਉਂਦੇ ਹਨ ਕਿ ਜੋ ਸੰਸਾਰ ਦਾ ਰਚਨਹਾਰ ਹੈ ਚਿੰਤਾ ਕਰਨੀ ਉਸ ਦਾ ਕਾਰਜ ਨਾ ਕੀ ਮਨੁੱਖ ਦਾ। ਸੁੱਖਾਂ ਦੀ ਮਣੀ ਸ੍ਰੀ ਸੁਖਮਨੀ ਸਾਹਿਬ ਵਿੱਚ ਗੁਰੂ ਅਰਜੁਨ ਦੇਵ ਸਾਹਿਬ ਫਰਮਾਉਂਦੇ ਹਨ ਕਿ

ਕਰਨ ਕਰਾਵਨ ਆਪੇ ਆਪਿ ।।
ਸਦਾ ਸਦਾ ਨਾਨਕ ਹਰਿ ਜਾਪਿ।।

ਗੁਰੂ ਨਾਨਕ ਸਾਹਿਬ ਮਨੁੱਖ ਨੂੰ ਸਮਝਾਉਂਦੇ ਹਨ ਕਿ "ਚਿੰਤਾ" ਕਰਨੀ ਇਨਸਾਨ ਦੇ ਅਧਿਕਾਰ ਖੇਤਰ ਦਾ ਹਿੱਸਾ ਨਹੀਂ ਕਿਉਂਕਿ ਇਨਸਾਨ ਕਿਸੇ ਵੀ ਚੀਜ਼ ਦਾ ਰਚੇਤਾ ਨਹੀਂ ਅਤੇ ਨਾ ਹੀ ਉਹ ਪ੍ਰਭੂ ਦੀ ਆਗਿਆ ਤੋਂ ਬਿਨਾਂ ਕੋਈ ਕਾਰਜ ਉਲੀਕ, ਆਰੰਭ ਜਾਂ ਸਮਾਪਤ ਨਹੀ ਕਰ ਸਕਦਾ ਹੈ। ਜਿਸ ਪ੍ਰਭੂ ਨੇ ਸਮੁੱਚੇ ਜਗਤ ਦੇ ਵਿੱਚ ਜੀਵਾਂ ਨੂੰ ਪ੍ਰਾਣਾਂ ਦੀ ਦਾਤ ਬਖਸ਼ਿਸ਼ ਕੀਤੀ ਹੈ ਜੋ ਉਹਨਾਂ ਜੀਵਾਂ ਨੂੰ ਹਰ ਤਰ੍ਹਾਂ ਦੇ ਵਾਤਾਵਰਨ ਵਿੱਚ ਰਿਜ਼ਕ ਪ੍ਰਦਾਨ ਕਰਦਾ ਹੈ ਉਹੀ ਅਕਾਲ ਪੁਰਖ ਸਭ ਦੀ ਚਿੰਤਾ ਦਾ ਅਸਲ ਹੱਕਦਾਰ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਇਨਸਾਨ ਨੂੰ ਵਿਅਰਥ ਦੀ ਚਿੰਤਾ ਦਾ ਕਾਰਜ ਛੱਡ ਕੇ ਸਿਰਫ ਆਪਣਾ ਕਰਮ ਕਰਨਾ, ਸਬਰ ਸੰਤੋਖ ਨਾਲ ਨਿਆਇਕ ਜੀਵਨ ਜੀਉਣਾ ਹੈ। ਪਦਾਰਥਵਾਦੀ ਸੰਸਾਰ ਦੇ ਵਿੱਚ ਇਨਸਾਨ ਚਿੰਤਾਵਾਂ ਵਿੱਚ ਗ੍ਰਸਤ ਹੋਇਆ ਆਪਣੇ ਆਤਮਿਕ ਸੁੱਖ ਦੇ ਪੈਂਡੇ ਤੋਂ ਭਟਕ ਜਾਂਦਾ ਹੈ ਅਤੇ ਡਰ, ਚਿੰਤਾ ਤੇ ਬੇਚੈਨੀ ਭਰਿਆ ਜੀਵਨ ਬਤੀਤ ਕਰਨ ਲਈ ਮਜ਼ਬੂਰ ਹੋ ਜਾਂਦਾ ਹੈ।

**ਅਸਲ ਚਿੰਤਾ ਕਿਸ ਦੀ ?**

ਜੋ ਮਾਗਹਿ ਠਾਕੁਰ ਅਪੁਨੇ ਤੇ ਸੋਈ ਸੋਈ ਦੇਵੈ ॥
ਨਾਨਕ ਦਾਸੁ ਮੁਖ ਤੇ ਜੋ ਬੋਲੈ ਈਹਾ ਊਹਾ ਸਚੁ ਹੋਵੈ ॥2॥14॥45॥

ਜਦੋਂ ਇਨਸਾਨ ਦੇ ਆਪਣੇ ਹੱਥ ਵੱਸ ਕੁਝ ਹੈ ਹੀ ਨਹੀਂ ਅਤੇ ਨਾ ਹੀ ਉਹ ਆਪਣੀ ਮਰਜ਼ੀ ਨਾਲ ਕੁਝ ਕਰ ਸਕਦਾ ਹੈ ਤਾਂ ਉਸ ਦੀ ਚਿੰਤਾ ਕਰਨੀ ਵਿਅਰਥ ਹੈ। ਅਕਾਲ ਪੁਰਖ ਸਮੁੱਚੀ ਕਾਇਨਾਤ ਦਾ ਰਚਨਹਾਰ ਹੈ ਅਤੇ ਪ੍ਰਭੂ ਦੀ ਆਗਿਆ ਨਾਲ ਹੀ ਉਹ ਸਾਰੀ ਕਾਇਨਾਤ ਨੂੰ ਪਾਲਦਾ ਹੈ। ਅਕਾਲ ਪੁਰਖ ਨੇ ਜੀਵਾਂ ਤੇ ਦਇਆ ਕਰਦਿਆਂ ਉਹਨਾਂ ਦੀ ਰੋਜ਼ੀ-ਰੋਟੀ ਦਾ ਬੰਦੋਬਸਤ ਆਪਣੇ ਹੁਕਮਾਂ ਮੁਤਾਬਕ ਕੀਤਾ ਹੋਇਆ ਹੈ। ਕੁਦਰਤ ਦੇ ਹੁਕਮ ਮੁਤਾਬਕ ਹੀ ਦਿਨ ਅਤੇ ਰਾਤ ਦਾ ਚੱਕਰ ਨਿਰੰਤਰ ਚੱਲ ਰਿਹਾ ਹੈ। ਸੰਸਾਰ ਦੀਆਂ ਸਮੁੱਚੀਆਂ ਰੁੱਤਾਂ ਵੀ ਉਸ ਦੇ ਹੁਕਮ ਮੁਤਾਬਕ ਹੀ ਆਪਣੀ ਚਾਲ ਚੱਲਦੀਆਂ ਹਨ। ਹਰ ਜੀਵ ਦੇ ਮਨ ਦੀ ਆਸ ਪੂਰੀ ਕਰਨ ਵਾਲਾ ਵੀ ਉਹ ਆਪ ਖੁਦ ਪ੍ਰਭੂ ਪਿਤਾ ਹੈ। ਇਨਸਾਨ ਅਕਸਰ ਆਪਣੀ ਹੱਦ ਤੋਂ ਵੱਧ ਸੋਚ ਕੇ ਥੱਕ ਹਾਰ ਕੇ ਹੰਭ ਜਾਂਦਾ ਹੈ। ਗੁਰੂ ਨਾਨਕ ਸਾਹਿਬ ਜੀ ਸਾਨੂੰ ਸਮਝਾਉਂਦੇ ਹਨ ਕਿ ਜਦ ਰੱਬ ਨੇ ਸਾਨੂੰ ਰਚਿਆ ਹੈ ਤਾ ਫਿਰ ਉਹ ਸਾਡੀ ਸੰਭਾਲ ਕਰੇਗਾ।

**ਮਾਨਸਿਕ ਤਣਾਅ ਦਾ ਇਲਾਜ**

ਤੂ ਕਾਹੇ ਡੋਲਹਿ ਪ੍ਰਾਣੀਆ ਤੁਧੁ ਰਾਖੈਗਾ ਸਿਰਜਣਹਾਰੁ ॥
ਜਿਨਿ ਪੈਦਾਇਸਿ ਤੂ ਕੀਆ ਸੋਈ ਦੇਇ ਆਧਾਰੁ ॥1॥

ਅੱਜ ਲੋਕਾਂ ਨੂੰ ਡਰ,ਚਿੰਤਾ,ਤਣਾਅ ਅਤੇ ਫਿਕਰਾਂ ਨੇ ਘੇਰ ਲਿਆ ਹੈ। ਅੱਜ ਦੇ ਸੁਚੇਤ ਮਨੁੱਖ ਦੀ ਮੂਲ ਸਮੱਸਿਆ ਇਹ ਹੈ ਕਿ ਉਹ ਹਮੇਸ਼ਾ ਭਵਿੱਖ ਦੇ ਡਰ ਵਿੱਚ ਜੀਉਂਦਾ ਹੈ। ਗੁਰੂ ਜੀ ਕਹਿੰਦੇ ਹਨ ਕਿ ਮਨੁੱਖਾਂ ਨੂੰ ਭਵਿੱਖ ਦੀ ਚਿੰਤਾ ਛੱਡ ਕੇ ਨੇਕ ਕਿਰਤ ਕਰਨੀ, ਉਸ ਪ੍ਰਭੂ ਪਿਤਾ ਦਾ ਨਾਮ ਜਪਣਾ ਅਤੇ ਵੰਡ ਕੇ ਛੱਕਣਾ ਹੀ ਉਸ ਨੂੰ ਆਤਮਿਕ ਸ਼ਾਂਤੀ ਪ੍ਰਦਾਨ ਕਰੇਗਾਂ।

**ਵਿਸ਼ਵਾਸ ਅਤੇ ਸਮਰਪਣ**

ਜਦੋਂ ਇਨਸਾਨ ਰੱਬ ਉੱਤੇ ਭਰੋਸਾ ਕਰਦਾ ਹੈ ਤਾਂ ਉਸ ਸਮੇਂ ਉਹ ਆਪਣੇ ਮਨ ਦੇ ਭਾਰ ਨੂੰ ਹੌਲਾ ਕਰ ਲੈਂਦਾ ਹੈ। ਹਰ ਕੰਮ ਦੀ ਚਿੰਤਾ ਛੱਡ ਕੇ ਨਾਮ ਜਪਣ ਨਾਲ ਮਨ ਵਿਚ ਹੌਸਲਾ ਆ ਜਾਂਦਾ ਹੈ। ਇਸ ਦੀ ਇੱਕ ਉਦਾਹਰਨ ਹੈ ਕਿ ਕਿਰਸਾਣ ਮਿੱਟੀ 'ਚ ਬੀਜ ਬੀਜਦਾ ਹੈ ਪਰ ਬੀਜ ਨੂੰ ਅੰਕੁਰਿਤ ਕਰਨ ਦੀ ਚਿੰਤਾ ਰੱਬ ਖੁਦ ਆਪ ਕਰਦਾ ਹੈ। ਪੰਛੀ ਦਾਣਾ ਖਾਂਦੇ ਹਨ ਪਰ ਉਨ੍ਹਾਂ ਦੇ ਲਈ ਦਾਣਿਆਂ ਦਾ ਪ੍ਰਬੰਧ ਰੱਬ ਕਰਦਾ ਹੈ ।ਜੋ ਵਾਪਰ ਰਿਹਾ ਹੈ ਉਸ ਨੂੰ ਸਵੀਕਾਰ ਕਰਨ ਨਾਲ ਮਨੁੱਖ ਨੂੰ ਮਾਨਸਿਕ ਪੀੜਾਂ ਨੂੰ ਘੱਟ ਕਰਨ ਦੀ ਸਮਰੱਥਾ ਮਿਲਦੀ ਹੈ। ਨਾਮ ਜਪਣ ਨਾਲ ਹੀ ਮਨੁੱਖ ਦਾ ਮਨ ਸ਼ਾਂਤ ਰਹਿੰਦਾ ਹੈ। ਗੁਰੂ ਜੀ ਲੋਕਾਈ ਨੂੰ ਸਮਝਾਉਂਦੇ ਹਨ ਕਿ ਨਾਮ ਜਪੋ ਤੇ ਚਿੰਤਾ ਆਪਣੇ ਆਪ ਦੂਰ ਹੋ ਜਾਏਗੀ।

**ਕਿਵੇਂ ਲਾਗੂ ਕਰੀਏ ਇਸ ਸਿੱਖਿਆ ਨੂੰ ?**

ਰੋਜ਼ਾਨਾ ਸਿਮਰਨ ਕਰੀਏ
ਹਰਿ ਇਕੋ ਦਾਤਾ ਸੇਵੀਐ ਹਰਿ ਇਕੁ ਧਿਆਈਐ ॥
ਹਰਿ ਇਕੋ ਦਾਤਾ ਮੰਗੀਐ ਮਨ ਚਿੰਦਿਆ ਪਾਈਐ ॥

ਰੋਜ਼ਾਨਾ ਗੁਰੂ ਜੀ ਦੀ ਬਾਣੀ ਦਾ ਪਾਠ, ਸਿਮਰਨ ਕਰਨ ਤੇ ਨਾਮ ਜਪਣ ਨਾਲ ਦਿਲ ਨੂੰ ਸ਼ਾਂਤੀ ਮਿਲਦੀ ਹੈ। ਇਹ ਦਿਲੋਂ ਡਰ, ਚਿੰਤਾ ਅਤੇ ਤਣਾਓ ਦੀਆਂ ਜੜ੍ਹਾਂ ਕੱਟਦਾ ਹੈ।

**ਨੇਕ ਨੀਤੀ ਨਾਲ ਕਰਮ ਕਰੀਏ**

ਜੇ ਤੁਸੀਂ ਆਪਣਾ ਕੰਮ ਇਮਾਨਦਾਰੀ ਨਾਲ ਕਰਦੇ ਹੋ ਤਾਂ ਨਤੀਜੇ ਦੀ ਚਿੰਤਾ ਤੁਹਾਡੀ ਨਹੀ ਬਲਕਿ ਤਿੰਨਾਂ ਲੋਕਾਂ ਦੇ ਮਾਲਕ ਉਸ ਪਿਤਾ ਦੀ ਜ਼ਿੰਮੇਵਾਰੀ ਹੈ।

**ਵਿਸ਼ਵਾਸ ਰੱਖੀਏ**

ਕਈ ਵਾਰੀ ਜ਼ਿੰਦਗੀ ਵਿੱਚ ਹਾਲਾਤ ਥੋੜ੍ਹੀ ਦੇਰ ਲਈ ਖ਼ਰਾਬ ਹੋ ਸਕਦੇ ਹਨ ਪਰ ਦਿਲ ਵਿੱਚ ਇਹ ਯਕੀਨ ਰੱਖੋ ਕਿ ਹਰ ਰਾਤ ਤੋਂ ਬਾਅਦ ਸਵੇਰ ਆਉਂਦੀ ਹੈ।



ਮਨ ਨੂੰ ਪ੍ਰਸੰਨ ਰੱਖਣ ਦੀ ਕੋਸ਼ਿਸ਼ ਕਰੀਏ
ਨਚਣੁ ਕੁਦਣੁ ਮਨ ਕਾ ਚਾਉ ॥
ਨਾਨਕ ਜਿਨ੍ ਮਨਿ ਭਉ ਤਿਨ੍ਾ ਮਨਿ ਭਾਉ ॥2॥

ਸਤਿਗੁਰੂ ਸਮਝਾਉਂਦੇ ਹਨ ਕਿ ਨੱਚਣਾ ਅਤੇ ਕੁੱਦਣਾ ਕੇਵਲ ਮਨ ਦਾ ਇੱਕ ਚਾਅ ਹੈ ਅਤੇ ਜਿੰਨਾ ਮਨੁੱਖਾਂ ਦੇ ਮਨ ਅੰਦਰ ਅਕਾਲ ਪੁਰਖ ਦਾ ਭਉ ਹੈ ਉਹਨਾਂ ਅੰਦਰ ਹੀ ਆਤਮਿਕ ਚਾਅ ਪੈਦਾ ਹੁੰਦਾ ਹੈ। ਉਸ ਅਕਾਲ ਪੁਰਖ ਦੇ ਸ਼ੁਕਰਾਨੇ ਵਜੋਂ ਮਨੁੱਖ ਨੂੰ ਸਦੈਵ ਉਸ ਦੀਆਂ ਬਖਸ਼ੀਆਂ ਦਾਤਾਂ ਦੀ ਕਦਰ ਕਰਨਾ ਅਤੇ ਛੋਟੀਆਂ ਵੱਡੀਆਂ ਖੁੱਸ਼ੀਆਂ ਵਿੱਚ ਖੁੱਸ਼ ਰਹਿਣਾ ਚਾਹੀਦਾ ਹੈ ।ਇਹ ਸਭ ਚਿੰਤਾ ਦੂਰ ਕਰਨ ਦੇ ਅਸਲ ਤੇ ਅਚੂਕ ਹਥਿਆਰ ਹਨ। ਭੁੱਲ ਚੁੱਕ ਦੀ ਮੁਆਫੀ

**-ਦਾਸ ਸੁਰਿੰਦਰਪਾਲ ਸਿੰਘ**
**ਸ੍ਰੀ ਅੰਮ੍ਰਿਤਸਰ ਸਾਹਿਬ, ਪੰਜਾਬ**

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਸ਼੍ਰੋਮਣੀ ਅਕਾਲੀ ਦਲ ਵੱਲੋਂ ਤਰਨ-ਤਾਰਨ ਜ਼ਿਮਨੀ ਚੋਣ ਲਈ

# ਪ੍ਰਿੰਸੀਪਲ ਸੁਖਵਿੰਦਰ ਕੌਰ ਰੰਧਾਵਾ ਨੂੰ ਐਲਾਨਿਆ ਉਮੀਦਵਾਰ

## 43 ਮੌਜੂਦਾ ਸਰਪੰਚਾਂ, 8 ਨਗਰ ਕੌਂਸਲਰ ਅਤੇ ਦਰਜਨਾਂ ਸਾਬਕਾ ਸਰਪੰਚਾਂ ਅਤੇ ਚੇਅਰਮੈਨਾਂ ਸਮੇਤ ਅਜ਼ਾਦ ਗਰੁੱਪ ਦੀ ਪੂਰੀ ਟੀਮ ਦਾ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਲ














**ਝਬਾਲ, 20 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਵੱਲੋਂ ਹਲਕਾ ਤਰਨਤਾਰਨ ਵਿਧਾਨ ਸਭਾ ਜ਼ਿਮਨੀ ਚੋਣ ਲਈ ਅਜ਼ਾਦ ਗਰੁੱਪ ਦੇ ਮੁਖੀ ਪ੍ਰਿੰਸੀਪਲ ਸੁਖਵਿੰਦਰ ਕੌਰ ਰੰਧਾਵਾ ਨੂੰ ਉਮੀਦਵਾਰ ਐਲਾਨ ਕੇ ਬਹੁਤ ਖੁਸ਼ੀ ਅਤੇ ਮਾਣ ਮਹਿਸੂਸ ਕਰ ਰਿਹਾ ਹਾਂ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ ਨੇ ਕੀਤਾ। ਉਨ੍ਹਾਂ ਕਿਹਾ ਕਿ 43 ਮੌਜੂਦਾ ਸਰਪੰਚਾਂ, 8 ਨਗਰ ਕੌਂਸਲਰ ਅਤੇ ਦਰਜਨਾਂ ਸਾਬਕਾ ਸਰਪੰਚਾਂ ਅਤੇ ਚੇਅਰਮੈਨਾਂ ਸਮੇਤ ਅਜ਼ਾਦ ਗਰੁੱਪ ਦੀ ਪੂਰੀ ਟੀਮ ਦਾ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਲ ਹੋਣ 'ਤੇ ਦਿਲੋਂ ਸਵਾਗਤ ਕਰਦਾ ਹਾਂ।

ਉਨ੍ਹਾਂ ਕਿਹਾ ਕਿ ਇਸ ਮੌਕੇ 'ਤੇ ਮੈਂ ਅਜ਼ਾਦ ਗਰੁੱਪ ਅਤੇ ਅਕਾਲੀ ਵਰਕਰਾਂ ਨੂੰ ਪਿੰਡ ਝਬਾਲ ਵਿੱਚ ਹੋਈ ਵਿਸ਼ਾਲ ਰੈਲੀ ਲਈ ਵੀ ਵਧਾਈ ਦਿੰਦਾ ਹਾਂ, ਜਿਸ ਨੇ ਤਰਨਤਾਰਨ ਜ਼ਿਮਨੀ ਚੋਣ ਲਈ ਸ਼੍ਰੋਮਣੀ ਅਕਾਲੀ ਦਲ ਦੀ ਜਿੱਤ ਦੀ ਨੀਂਹ ਰੱਖੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV


ਸ. ਬਾਦਲ ਨੇ ਕਿਹਾ ਕਿ ਸੀਨੀਅਰ ਅਕਾਲੀ ਆਗੂ ਸ. ਗੁਲਜ਼ਾਰ ਸਿੰਘ ਰਣੀਕੇ ਜ਼ਿਮਨੀ ਚੋਣ ਲਈ ਚੋਣ ਮੁਹਿੰਮ ਇੰਚਾਰਜ ਹੋਣਗੇ। ਉਨ੍ਹਾਂ ਕਿਹਾ ਕਿ ਮੈਂ ਸਾਰੇ ਪੰਜਾਬੀਆਂ ਨੂੰ ਅਪੀਲ ਕਰਦਾ ਹਾਂ ਕਿ ਸ਼੍ਰੋਮਣੀ ਅਕਾਲੀ ਦਲ ਨਾਲ ਇਕਜੁੱਟ ਹੋ ਕੇ ਉਸ ਆਮ ਆਦਮੀ ਪਾਰਟੀ ਨੂੰ ਸਬਕ ਸਿਖਾਈਏ, ਜੋ ਪੰਜਾਬ ਨੂੰ ਲੁੱਟਣ 'ਤੇ ਲੱਗੀ ਹੋਈ ਹੈ ਅਤੇ ਕਾਂਗਰਸ ਨੂੰ ਵੀ ਜਵਾਬ ਦੇਈਏ, ਜਿਸ ਨੇ ਸਾਡੇ ਪਵਿੱਤਰ ਧਾਰਮਿਕ ਅਸਥਾਨਾਂ ਦੀ ਬੇਅਦਬੀ ਕੀਤੀ। ••

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਖ਼ਾਲਿਸਤਾਨੀ ਸ਼ਹੀਦਾਂ ਦਾ ਇਤਿਹਾਸ ਲਿਖਦਿਆਂ

# ਕੁਝ ਦਰਦ, ਜਜ਼ਬਾਤ ਅਤੇ ਵਲਵਲੇ




**ਸੰਤ ਗਿਆਨੀ** ਜਰਨੈਲ ਸਿੰਘ ਜੀ ਖ਼ਾਲਸਾ ਭਿੰਡਰਾਂਵਾਲ਼ਿਆਂ ਵੱਲੋਂ ਖ਼ਾਲਿਸਤਾਨ ਦੀ ਅਜ਼ਾਦੀ ਦੇ ਅਰੰਭੇ ਸੰਘਰਸ਼ 'ਚ ਸ਼ਹਾਦਤਾਂ ਪਾਉਣ ਵਾਲ਼ੇ ਸਿੰਘਾਂ-ਸਿੰਘਣੀਆਂ ਦੀਆਂ ਜੀਵਨੀਆਂ ਵਾਲੀਆਂ ਕਿਤਾਬਾਂ 'ਤਵਾਰੀਖ਼-ਸ਼ਹੀਦ-ਏ-ਖ਼ਾਲਿਸਤਾਨ' (ਭਾਗ ਪਹਿਲਾ, ਦੂਜਾ, ਤੀਜਾ) ਪੰਥ ਦੀ ਝੋਲ਼ੀ ਵਿੱਚ ਪਾ ਕੇ ਦਿਲ ਵਿੱਚ ਵੈਰਾਗ ਦੀ ਭਾਵਨਾ ਹੈ। ਜਦ ਮੈਂ ਖ਼ਾਲਿਸਤਾਨੀ ਸੰਘਰਸ਼ ਦੇ ਸ਼ਹੀਦਾਂ ਬਾਰੇ ਜਾਣਕਾਰੀ ਹਾਸਲ ਕਰਨ ਲਈ ਲੋਕਾਂ, ਮਾਪਿਆਂ, ਵਾਕਫ਼ਾਂ ਤੇ ਹੋਰ ਥਾਂਵਾਂ 'ਤੇ ਗਿਆ ਤਾਂ ਹਰ ਥਾਂ ਸੰਘਰਸ਼ ਨਾਲ਼ ਸੰਬੰਧਤ ਨਿਸ਼ਾਨੀਆਂ ਤੇ ਯਾਦਾਂ ਸਾਂਭੀਆਂ ਮਿਲ਼ੀਆਂ। ਸ਼ਹੀਦਾਂ ਦੀਆਂ ਤਸਵੀਰਾਂ, ਚਿੱਠੀਆਂ, ਡਾਇਰੀਆਂ, ਕੱਪੜੇ ਤੇ ਹੋਰ ਬੇਅੰਤ ਨਿਸ਼ਾਨੀਆਂ ਪਰਿਵਾਰਾਂ ਨੇ ਸੰਭਾਲ਼ੀਆਂ ਹੋਈਆਂ ਹਨ। ਲੋਕਾਂ ਨੇ ਸ਼ਹੀਦਾਂ ਦੀ ਨਿੱਕੀ ਤੋਂ ਨਿੱਕੀ ਗੱਲ ਵੀ ਦਿਲ ਵਿੱਚ ਬੇਸ਼ਕੀਮਤੀ ਖ਼ਜ਼ਾਨੇ ਵਾਂਗ ਸਾਂਭੀ ਹੋਈ ਹੈ।

ਜਦ ਪੁੱਛਦੇ ਹਾਂ ਤਾਂ ਉਹ ਅੱਧ-ਮੀਟੀਆਂ ਅੱਖਾਂ ਨਾਲ਼, ਕਿਸੇ ਸਰੂਰ ਵਿੱਚ ਲੀਨ ਹੋ ਕੇ ਗੱਲਾਂ ਦੱਸਦੇ ਹਨ। ਕੀ ਹੋਇਆ, ਕਿਵੇਂ ਹੋਇਆ, ਕਿਉਂ ਹੋਇਆ ਇਹ ਸਭ ਕੁਝ ਬਿਆਨ ਕਰਨ ਮੌਕੇ ਜਦ ਉਹ ਗੱਲ ਸ਼ੁਰੂ ਕਰਦੇ ਹਨ ਤਾਂ ਗੱਲ ਮੁੱਕਦੀ ਹੀ ਨਹੀਂ। ਅਸੀਂ ਖੁੱਲ੍ਹੇ ਸਮੇਂ ਤੇ ਖੁੱਲ੍ਹੇ ਦਿਲ ਨਾਲ਼ ਜਾਂਦੇ ਹਾਂ ਕਿਉਂਕਿ ਸਾਨੂੰ ਪਤਾ ਲਗ ਚੁੱਕਾ ਹੈ ਕਿ ਲੋਕ ਤਾਂ ਉਡੀਕ ਰਹੇ ਨੇ ਕਿ ਕੋਈ ਆਵੇ ਤਾਂ ਸਹੀਂ, ਕੋਈ ਪੁੱਛੇ ਤਾਂ ਸਹੀਂ ਕਿ ਉਹ ਕਿਹੋ ਜਿਹੇ ਸਨ 'ਜਿਨ੍ਹਾਂ ਧਰਮ ਹੇਤ ਸੀਸ ਵਾਰੇ।'

ਸ਼ਹੀਦ ਸਿੰਘਾਂ ਦੇ ਕਰੀਬੀਆਂ ਕੋਲ਼ੋਂ ਸੁਣੀਆਂ ਗੱਲਾਂ-ਬਾਤਾਂ ਨੂੰ ਪੜਤਾਲਣ ਤੇ ਪੁਣਛਾਣ ਕਰਨ ਲਈ ਸਿੱਖ ਸੰਘਰਸ਼ ਵਿੱਚ ਸਿੱਧੇ ਸਰਗਰਮ ਰਹੇ ਜੁਝਾਰੂ ਸਿੰਘਾਂ ਨਾਲ਼ ਵੇਰਵੇ ਸਾਂਝੇ ਕਰਨੇ ਪੈਂਦੇ ਹਨ। ਸਭ ਨੂੰ ਪਤਾ ਹੈ ਕਿ ਗੁਰੀਲਾ ਸੰਘਰਸ਼ ਵਿੱਚ ਸਰਗਰਮ ਰਹੇ ਜੁਝਾਰੂਆਂ ਨੇ ਹਾਲਾਤ ਮੁਤਾਬਕ ਕਈ ਵਾਰ ਹਕੀਕਤ ਨੂੰ ਛੁਪਾਇਆ ਹੋਵੇਗਾ ਤੇ ਮਾਪਿਆਂ ਤੇ ਠਾਹਰਾਂ ਵਾਲ਼ਿਆਂ ਨੂੰ ਗੋਲਮੋਲ ਗੱਲ ਦੱਸੀ ਹੋਵੇਗੀ। ਕਈ ਵਾਰ ਤਾਂ ਪ੍ਰਚਲਿਤ ਗੱਲ ਤੋਂ ਬਿਲਕੁਲ ਨਵੀਂ ਤੇ ਠੋਸ ਸੱਚਾਈ ਸਾਹਮਣੇ ਆ ਜਾਂਦੀ ਹੈ ਤਾਂ ਉਹਨਾਂ ਸਿੰਘਾਂ ਦੇ ਬਲਿਹਾਰੇ ਜਾਣ ਨੂੰ ਦਿਲ ਕਰਦਾ ਹੈ ਜਿਨ੍ਹਾਂ ਨੇ ਇਹ ਸੋਚ ਕੇ ਗੱਲ ਕੀਤੀ ਕਿ ਕਿਤੇ ਸਾਡੇ ਕਰਕੇ ਮਾਪਿਆਂ, ਠਾਹਰ ਵਾਲ਼ਿਆਂ ਤੇ ਵਾਕਫ਼ਾਂ ਉੱਤੇ ਕੋਈ ਸੰਕਟ ਨਾ ਆ ਜਾਵੇ। ਧੰਨ ਸੀ ਉਹ ਸਿੰਘ ਤੇ ਧੰਨ ਸੀ ਸਿੰਘਾਂ ਨੂੰ ਸਾਂਭਣ ਵਾਲ਼ੇ, ਸਾਥ-ਸਹਿਯੋਗ ਦੇਣ ਵਾਲ਼ੇ।

ਕਲਮ ਦੇ ਇਸ ਸਫ਼ਰ ਦੌਰਾਨ ਬਹੁਤ ਸਾਰੇ ਉਹ ਲੋਕ ਹੁਣ ਸਾਡੇ ਲਈ ਜਾਣਕਾਰੀ ਦੇ ਸ੍ਰੋਤ ਹਨ, ਜਿਹੜੇ ਜੁਝਾਰੂ ਲਹਿਰ ਦੇ ਹਮਾਇਤੀ ਹੋਣ ਕਰ ਕੇ ਪੁਲੀਸ ਦੇ ਜਬਰ ਦਾ ਸ਼ਿਕਾਰ ਬਣਦੇ ਰਹੇ। ਉਹ ਆਪ ਬੇਸ਼ੱਕ ਹਥਿਆਰਬੰਦ ਕਾਰਵਾਈਆਂ ਵਿੱਚ ਸਰਗਰਮ ਨਹੀਂ ਰਹੇ ਪਰ ਇਹਨਾਂ ਕਾਰਵਾਈਆਂ ਦੀ ਕਾਮਯਾਬੀ ਦਾ ਬਹੁਤਾ ਭਾਰ ਇਹਨਾਂ ਗੁਪਤ ਹਮਾਇਤੀਆਂ ਦੇ ਸਿਰ ਹੁੰਦਾ ਸੀ। ਜੁਝਾਰੂਆਂ ਦੀ ਸੀਮਤ ਜਿਹੀ ਗਿਣਤੀ ਨੇ ਜੇ ਭਾਰਤੀ ਹਕੂਮਤ ਖ਼ਿਲਾਫ਼ ਕਾਮਯਾਬ ਗੁਰੀਲਾ ਲੜਾਈ ਲੜਨੀ ਸੀ ਤਾਂ ਯਕੀਨਨ ਉਹਨਾਂ ਨੂੰ ਬੇਸ਼ੁਮਾਰ ਇਹੋ ਜਿਹੇ ਗੁਪਤ ਹਮਾਇਤੀਆਂ ਦੀ ਲੋੜ ਸੀ, ਜਿਨ੍ਹਾਂ ਉੱਤੇ ਅਥਾਹ ਭਰੋਸਾ ਕੀਤਾ ਜਾ ਸਕੇ।



ਸੰਗਤਾਂ ਦੀਆਂ ਅਰਦਾਸਾਂ ਦੀ ਬਦੌਲਤ ਇਸ ਤਰ੍ਹਾਂ ਇੱਕ ਇਹੋ ਜਿਹਾ ਕਾਮਯਾਬ ਢਾਂਚਾ ਸਥਾਪਿਤ ਹੋ ਗਿਆ, ਜਿਸ ਨੇ ਸਾਲ ਦਰ ਸਾਲ ਭਾਰਤੀ ਖ਼ੁਫ਼ੀਆ ਏਜੰਸੀਆਂ ਨੂੰ ਚੱਕਰਾਂ ਵਿੱਚ ਪਾਈ ਰੱਖਿਆ। ਜਦ ਪੁਲੀਸ ਦੇ ਵੱਡੇ ਅਧਿਕਾਰੀ ਮੀਡੀਆ ਵਿੱਚ ਦਾਅਵੇ ਕਰ ਰਹੇ ਹੁੰਦੇ ਸੀ ਕਿ ਸਾਡੀਆਂ ਏਜੰਸੀਆਂ ਦੀ ਪੁਖ਼ਤਾ ਜਾਣਕਾਰੀ ਅਨੁਸਾਰ ਫਲਾਣਾ ਖਾੜਕੂ ਜਰਨੈਲ ਲਾਹੌਰ ਵਿੱਚ ਹੈ, ਓਸ ਮੌਕੇ ਇਸ ਕਾਮਯਾਬ ਢਾਂਚੇ ਕਰਕੇ ਹੀ ਉਹ ਸੂਰਮਾ ਪਟਿਆਲੇ, ਜਲੰਧਰ, ਲੁਧਿਆਣੇ ਵਰਗੇ ਸ਼ਹਿਰਾਂ ਵਿੱਚ ਰਹਿ ਕੇ ਕੌਮ ਦੀ ਸੇਵਾ ਕਰ ਰਿਹਾ ਹੁੰਦਾ ਸੀ। ਸਾਡੇ ਵਰਗੇ ਲੋਕਾਂ ਲਈ ਉਹ ਲੋਕ ਬਹੁਤ ਸ਼ਾਨਦਾਰ ਖ਼ਜ਼ਾਨਾ ਹਨ, ਜਿਹੜੇ ਓਸ ਮੌਕੇ ਜੁਝਾਰੂ ਸਿੰਘਾਂ ਦੇ ਸੰਪਰਕ ਵਿੱਚ ਸਨ। ਉਹਨਾਂ ਨੂੰ ਆਪਣੇ ਉੱਪਰ ਹੋਏ ਤਸ਼ੱਦਦ ਤੇ ਹੋਰ ਨੁਕਸਾਨ ਦਾ ਫ਼ਿਕਰ ਨਹੀਂ ਪਰ ਸੰਘਰਸ਼ ਦੇ ਵਰਤਮਾਨ ਤੇ ਭਵਿੱਖ ਦੀ ਚਿੰਤਾ ਹੈ।

ਜਦ ਮੈਂ ਇਹਨਾਂ ਲੋਕਾਂ ਕੋਲ਼ ਘਰਾਂ ਵਿੱਚ ਗਿਆ ਤਾਂ ਪਰਿਵਾਰਕ ਬੀਬੀਆਂ ਨੇ ਵੀ ਆਪਣੇ ਵਲ਼ਵਲ਼ੇ ਸਾਂਝੇ ਕੀਤੇ ਕਿ ਉਹ ਐਨੇ ਸਿਦਕਵਾਨ, ਪ੍ਰਪੱਕ ਤੇ ਕੌਮ ਨੂੰ ਸਮਰਪਿਤ ਸਿੰਘ ਸਨ ਕਿ ਉਹਨਾਂ ਕਰਕੇ ਜੋ ਕੁਝ ਸਾਡੇ ਨਾਲ਼ ਬੀਤੀ, ਉਸ ਦਾ ਕੋਈ ਅਫ਼ਸੋਸ ਹੀ ਨਹੀਂ ਹੋਇਆ। ਸਭ ਦੇ ਦਿਲ ਵਿੱਚ ਸੰਘਰਸ਼ ਵਿੱਚ ਆਏ ਵਿਗਾੜਾਂ ਦਾ ਦਰਦ ਹੈ। ਸਭ ਨੂੰ ਮੰਜ਼ਲ ਨਾ ਮਿਲ਼ਣ ਦਾ ਦੁੱਖ ਹੈ। ਸਭ ਨੂੰ ਕੌਮ ਦੇ ਅਜੋਕੇ ਹਾਲਾਤ ਦਾ ਅਫ਼ਸੋਸ ਹੈ।

ਬਹੁਤੇ ਜੁਝਾਰੂ ਸਿੰਘਾਂ ਦੇ ਪਰਿਵਾਰ ਅਜੇ ਵੀ ਸੁਰਤ ਸਿਰ ਨਹੀਂ ਹੋਏ। ਇਹ ਕਠੋਰ ਸੱਚ ਹੈ ਕਿ ਸੰਘਰਸ਼ ਦੇ ਨਾਂ 'ਤੇ ਵਿਦੇਸ਼ਾਂ ਵਿੱਚ ਪੱਕੇ ਹੋਣ ਵਾਲ਼ਿਆਂ ਨੇ ਬਾਅਦ ਵਿੱਚ ਲਹਿਰ ਪ੍ਰਤੀ ਬਣਦੇ ਫ਼ਰਜ਼ ਨਹੀਂ ਨਿਭਾਏ। ਕਈ ਘਰਾਂ ਦੇ ਹਾਲਾਤ ਤਾਂ ਬਹੁਤ ਹੀ ਮਾੜੇ ਹਨ। ਪਰ ਸਭ ਨੂੰ ਪੰਥ ਲਈ ਕੀਤੀ ਕੁਰਬਾਨੀ ਦਾ ਮਾਣ ਹੈ।

ਇਹਨਾਂ ਕਿਤਾਬਾਂ ਵਿੱਚ ਜਿਹੜੇ ਸਿੰਘਾਂ ਬਾਰੇ ਲੇਖ ਦਰਜ਼ ਹਨ, ਉਹਨਾਂ ਬਾਰੇ ਜਦ ਜਾਣਕਾਰੀ ਇਕੱਠੀ ਕਰ ਰਿਹਾ ਸੀ ਤਾਂ ਹਰ ਥਾਂ ਲੋਕਾਂ ਨੇ ਕਿਸੇ ਹੋਰ ਸਿੰਘ ਬਾਰੇ, ਉਸ ਦੀ ਕੁਰਬਾਨੀ ਬਾਰੇ ਦੱਸ ਕੇ ਜ਼ੋਰ ਪਾਇਆ ਕਿ ਉਸ ਦੀ ਜੀਵਨੀ ਵੀ ਜ਼ਰੂਰ ਲਿਖਿਓ। ਸਾਫ਼ ਗੱਲ ਹੈ ਕਿ ਹੁਣ ਕੌਮ ਵਿੱਚ ਇਹ ਮਹੌਲ ਬਣ ਗਿਆ ਹੈ ਕਿ ਲਿਖਾਰੀਆਂ ਰਾਹੀਂ ਓਸ ਦੌਰ ਬਾਰੇ ਵੱਧ ਤੋਂ ਵੱਧ ਲਿਖਵਾਇਆ ਜਾਵੇ। ਮੇਰਾ ਅਨੁਭਵ ਹੈ ਕਿ ਕਈ ਜੁਝਾਰੂਆਂ ਦੇ ਨਾਂ ਚਰਚਾ ਵਿੱਚ ਬੜੇ ਰਹੇ ਪਰ ਬਹੁਤ ਸਾਰੇ ਓਹ ਸਿੰਘ ਨੇ, ਜਿਨ੍ਹਾਂ ਦੀ ਕੁਰਬਾਨੀ, ਘਾਲਣਾ ਤੇ ਕਾਰਵਾਈ ਬੇਮਿਸਾਲ ਹੈ ਪਰ ਉਹ ਚਰਚਾ ਵਿੱਚ ਨਹੀਂ ਆਏ। ਕੁਝ ਸਿੰਘਾਂ ਦੇ ਕਾਰਨਾਮੇ ਤਾਂ ਚਮਤਕਾਰ ਵਰਗੇ ਜਾਪਦੇ ਹਨ।

ਮੈਨੂੰ ਪਤਾ ਹੈ ਕਿ ਸ਼ਹੀਦਾਂ ਦਾ ਇਤਿਹਾਸ ਲਿਖਣ ਦੇ ਜਿਸ ਪਵਿੱਤਰ ਕਾਰਜ ਨੂੰ ਪੂਰਾ ਕਰਨ ਲਈ ਮੈਂ ਦਿਨ-ਰਾਤ ਡਟਿਆ ਹੋਇਆ ਹਾਂ, ਇਹ ਬੇਹੱਦ ਔਖਾ, ਮੁਸ਼ਿਕਲ, ਤਕਲੀਫ਼ਾਂ ਭਰਿਆ ਇੱਕ ਲੰਮੇਰਾ ਸੰਘਰਸ਼ ਹੈ। ਬੜੀਆਂ ਮਾਨਸਿਕ ਪੀੜਾਂ 'ਚੋਂ ਗੁਜ਼ਰਨਾ ਪੈਂਦਾ ਹੈ ਤੇ ਵੱਡੀ ਗੱਲ ਆਰਥਿਕ ਤੰਗੀ ਝੱਲਣੀ ਪੈਂਦੀ ਹੈ। ਇਸ ਕਾਰਜ ਲਈ ਤਨ, ਮਨ, ਧਨ ਦੀ ਲੋੜ ਹੈ, ਟੀਮ ਅਤੇ ਸਾਧਨਾਂ ਦੀ ਲੋੜ ਹੈ। ਗੱਡੀ ਅਤੇ ਮੋਟਰ-ਸਾਇਕਲ ਦੇ ਖ਼ਰਚੇ ਕੱਢਣੇ ਬੜੀ ਸਿਰ-ਦਰਦੀ ਵਾਲ਼ਾ ਕੰਮ ਹੈ। ਕਿਸੇ ਵੇਲ਼ੇ ਤਾਂ ਦਫ਼ਤਰ ਦਾ ਕਿਰਾਇਆ ਦੇਣਾ ਵੀ ਔਖਾ ਹੋ ਜਾਂਦਾ ਸੀ, ਜਿਸ ਕਰਕੇ ਦਫ਼ਤਰ ਬੰਦ ਕਰਨਾ ਪਿਆ। ਜੇਬ ਵਿੱਚ ਪੈਸੇ ਨਾ ਹੋਣ ਕਰਕੇ ਕਿਸੇ ਵੇਲ਼ੇ ਮੈਂ ਨਿਰਾਸ਼ ਵੀ ਹੋ ਜਾਂਦਾ ਹਾਂ। ਮੈਨੂੰ ਸੰਗਤਾਂ ਦੇ ਸਾਥ-ਸਹਿਯੋਗ ਦੀ ਲੋੜ ਹੈ ਤਾਂ ਜੋ ਇਹ ਕਾਰਜ ਮੈਂ ਹੋਰ ਵੱਧ-ਚੜ੍ਹ ਕੇ, ਬੇਫ਼ਿਕਰਾ ਹੋ ਕੇ, ਜ਼ਮੀਨੀ ਪੱਧਰ 'ਤੇ ਹੋਰ ਉਤਸ਼ਾਹ ਨਾਲ਼ ਵਿਚਰ ਕੇ ਕਰ ਸਕਾਂ। ਇਤਿਹਾਸ ਸਾਂਭਣ ਦਾ ਇਹੋ ਹੀ ਸਮਾਂ ਹੈ ਜੋ ਬੀਤਦਾ ਜਾਂਦਾ ਹੈ।

ਜਦੋਂ ਸ਼ਹੀਦਾਂ ਬਾਰੇ ਜਾਣਕਾਰੀ ਪਤਾ ਕਰਨ ਜਾਂਦਾ ਹਾਂ ਤਾਂ ਜ਼ਰੂਰੀ ਨਹੀਂ ਕਿ ਓਸੇ ਦਿਨ ਹੀ ਜਾਣਕਾਰੀ ਮਿਲ਼ ਜਾਵੇ, ਕਈ ਵਾਰ ਤਾਂ ਪਿੰਡ ਹੀ ਨਹੀਂ ਲੱਭਦਾ, ਕਈ-ਕਈ ਦਿਨ ਘਰ ਨਹੀਂ ਲੱਭਦਾ, ਜਿਸ ਨਾਲ਼ ਗੱਲ ਕਰਨੀ ਹੁੰਦੀ ਹੈ ਓਸ ਨਾਲ਼ ਮੇਲ਼ ਨਹੀਂ ਹੁੰਦਾ, ਤਰੀਕਾਂ ਅਤੇ ਫ਼ੋਟੋਆਂ ਵੀ ਭਾਲ਼ਣੀਆਂ ਪੈਂਦੀਆਂ ਹਨ। ਕਈ ਪਰਿਵਾਰਾਂ ਨੂੰ ਗੱਲਬਾਤ ਲਈ ਮਨਾਉਣਾ ਪੈਂਦਾ ਹੈ, ਉਹਨਾਂ ਦੇ ਆਰਥਿਕ ਹਾਲਾਤਾਂ ਨੂੰ ਸੰਗਤਾਂ ਸਾਹਮਣੇ ਰੱਖ ਕੇ ਮਾਇਆ ਜਾਂ ਹੋਰ ਜ਼ਰੂਰਤ ਦਾ ਪ੍ਰਬੰਧ ਕਰਨਾ ਪੈਂਦਾ ਹੈ, ਕਈ ਪਰਿਵਾਰਾਂ ਦੀਆਂ ਗੱਲਾਂ-ਮਿਹਣੇ ਸੁਣਨੇ ਪੈਂਦੇ ਹਨ।

ਕਈ ਸ਼ਹੀਦਾਂ ਬਾਰੇ ਸੁਣ ਕੇ ਜਾਂ ਪਰਿਵਾਰਾਂ ਦੀ ਹੱਡ-ਬੀਤੀ ਸੁਣ ਕੇ ਰੌਂਗਟੇ ਖੜ੍ਹੇ ਹੋ ਜਾਂਦੇ ਹਨ, ਅੱਖਾਂ 'ਚੋਂ ਹੰਝੂ ਵਹਿ ਤੁਰਦੇ ਹਨ, ਹਿੰਦ ਸਰਕਾਰ ਵਿਰੁੱਧ ਰੋਹ ਚੜ੍ਹ ਆਉਂਦਾ ਹੈ ਤੇ ਅਖੌਤੀ ਅਕਾਲੀਆਂ ਬਾਦਲ, ਬਰਨਾਲ਼ਾ, ਲੌਂਗੋਵਾਲ ਨੂੰ ਵੀ ਲਾਹਣਤਾਂ ਪਾਉਣ ਨੂੰ ਦਿਲ ਕਰਦਾ ਹੈ ਜਿਨ੍ਹਾਂ ਨੇ ਕੌਮ ਨਾਲ਼ ਗ਼ੱਦਾਰੀਆਂ ਕੀਤੀਆਂ।

ਦਾਸ ਆਪਣੇ ਆਪ ਨੂੰ ਵਡਭਾਗਾ ਸਮਝਦਾ ਹੈ ਕਿ ਮੇਰੀ ਕਲਮ ਤੋਂ ਲਿਖੀਆਂ ਸ਼ਹੀਦਾਂ ਦੀਆਂ ਜੀਵਨੀਆਂ ਜਿੱਥੇ ਹਰ ਮਹੀਨੇ 'ਖ਼ਾਲਸਾ ਫ਼ਤਹਿਨਾਮਾ' ਤੇ ਹੋਰ ਰਸਾਲਿਆਂ 'ਚ ਛਪਦੀਆਂ ਹਨ ਅਤੇ 'ਤਵਾਰੀਖ਼ ਸ਼ਹੀਦ-ਏ-ਖ਼ਾਲਿਸਤਾਨ' ਕਿਤਾਬਾਂ ਰਾਹੀਂ ਸੰਗਤਾਂ ਪੜ੍ਹਦੀਆਂ ਹਨ, ਓਥੇ '1984 ਟ੍ਰਿਬਿਊਟ ਡਾਟ ਕਾਮ' ਵੈੱਬਸਾਈਟ ਉੱਤੇ ਵੀ ਮੇਰੇ ਵੱਲੋਂ ਲਿਖੀਆਂ ਹਜ਼ਾਰਾਂ ਸ਼ਹੀਦਾਂ ਦੀਆਂ ਜੀਵਨੀਆਂ ਜਿਨ੍ਹਾਂ ਦਾ ਪੰਜਾਬੀ ਤੋਂ ਅੰਗਰੇਜ਼ੀ ਤਰਜ਼ਮਾ ਕੀਤਾ ਹੋਇਆ ਹੈ, ਓਥੋਂ ਪੜ੍ਹ ਕੇ ਸੰਗਤਾਂ ਜੁਝਾਰੂ-ਸ਼ਹੀਦਾਂ ਬਾਰੇ ਜਾਣਕਾਰੀ ਪ੍ਰਾਪਤ ਕਰ ਰਹੀਆਂ ਹਨ ਤੇ ਫੇਸਬੁੱਕ, ਇੰਸਟਾਗ੍ਰਾਮ, ਵਟ੍ਹਸਐਪ ਅਤੇ ਹੋਰ ਸੋਸ਼ਲ ਸਾਈਟਾਂ 'ਤੇ 'ਪਹਿਰੇਦਾਰ' ਅਖ਼ਬਾਰ 'ਚ ਵੀ ਅਸੀਂ ਸ਼ਹੀਦਾਂ ਬਾਰੇ ਜਾਣਕਾਰੀ ਅਤੇ ਸੰਘਰਸ਼ੀ ਲੇਖ ਸਾਂਝੇ ਕਰਦੇ ਰਹਿੰਦੇ ਹਾਂ।

ਇਸ ਕਾਰਜ ਵਿੱਚ ਮੇਰੀ ਸਿੰਘਣੀ 'ਕਮਲਜੀਤ ਕੌਰ ਨਿਹੰਗ' ਅਤੇ ਸਹੁਰਾ-ਪਿਤਾ ਜੀ 'ਜਥੇਦਾਰ ਸ. ਜਗਜੀਤ ਸਿੰਘ ਜੀ ਨਿਹੰਗ' ਦਾ ਮੈਨੂੰ ਵੱਡਾ ਸਾਥ ਹੈ ਜਿਨ੍ਹਾਂ ਦਾ ਮੈਂ ਹਮੇਸ਼ਾਂ ਰਿਣੀ ਰਹਾਂਗਾ। ਮੇਰੇ ਭੁਝੰਗੀ ਗੁਰਪੰਥ ਪ੍ਰਥਮ ਸਿੰਘ ਅਤੇ ਗੁਰਬਾਜ਼ ਸਿੰਘ ਦੀਆਂ ਖ਼ੁਸ਼ੀਆਂ ਮੇਰੇ ਲਈ ਤਾਕਤ ਬਣਦੀਆਂ ਹਨ। ਮਾਤਾ-ਪਿਤਾ ਦੀ ਅਸੀਸ ਹੀ ਕਾਫ਼ੀ ਹੈ।

ਇਤਿਹਾਸ ਲਿਖਣ ਦੀ ਇਹ ਸੇਵਾ ਮੈਂ ਗੁਰੂ ਦੀ ਸੇਵਾ ਸਮਝ ਕੇ ਕਰਦਾ ਹਾਂ। ਇਸ ਪਿੱਛੇ ਮੇਰਾ ਕੋਈ ਨਿੱਜੀ ਮਨੋਰਥ ਨਹੀਂ, ਮੈਂ ਆਪਣੇ ਸ਼ਹੀਦਾਂ ਨੂੰ ਵਡਿਆਉਣਾ ਚਾਹੁੰਦਾ ਹਾਂ ਤੇ ਕੌਮੀ ਘਰ ਖ਼ਾਲਿਸਤਾਨ ਨਾਲ਼ ਮੈਨੂੰ ਬੇਹੱਦ ਪਿਆਰ ਹੈ। ਗੁਰੂ ਸਾਹਿਬ ਜੀ ਕਿਰਪਾ ਕਰਨ, ਕਲਮ ਦਾ ਸਫ਼ਰ ਜਾਰੀ ਰਹੇ। ਲਗਾਤਾਰ ਸੰਘਰਸ਼ ਬਾਰੇ ਲਿਖਦੇ ਰਹੀਏ ਤੇ ਜੁਝਾਰੂ-ਸ਼ਹੀਦਾਂ ਦੀ ਬਾਤ ਪੈਂਦੀ ਰਹੇ। ਜਿਵੇਂ ਦਸਮੇਸ਼ ਪਿਤਾ ਨੇ ਭਾਈ ਬਚਿੱਤਰ ਸਿੰਘ ਨੂੰ ਨਾਗਣੀ-ਬਰਛਾ ਦੇ ਕੇ ਜੰਗ ਵੱਲ ਤੋਰਿਆ ਸੀ ਮੈਨੂੰ ਵੀ ਇੰਝ ਮਹਿਸੂਸ ਹੁੰਦਾ ਕਿ ਸਤਿਗੁਰੂ ਹੀ ਮੇਰੇ ਤੋਂ ਇਹ ਕਾਰਜ ਕਰਵਾ ਰਹੇ ਹਨ, ਸ਼ਹੀਦ ਸਿੰਘ ਖ਼ੁਦ ਲਿਖਵਾ ਰਹੇ ਹਨ, ਸੰਤ ਜਰਨੈਲ ਸਿੰਘ ਜੀ ਸਦਾ ਮੇਰੇ ਨਾਲ਼ ਹਨ। ਸਾਡੇ ਸਿਰਾਂ 'ਤੇ ਸ਼ੋਭ ਰਹੀਆਂ ਦਸਤਾਰਾਂ ਗੁਰੂਆਂ ਅਤੇ ਸ਼ਹੀਦਾਂ ਦੀ ਹੀ ਦੇਣ ਹੈ, ਇਹਨਾਂ ਯੋਧਿਆਂ ਦੇ ਕਰਕੇ ਹੀ ਤਾਂ ਅਸੀਂ ਸਿਰ ਉੱਚਾ ਕਰਕੇ ਅਣਖ਼-ਗ਼ੈਰਤ ਨਾਲ਼ ਜਿਉਂਦੇ ਹਾਂ।

**- ਰਣਜੀਤ ਸਿੰਘ ਦਮਦਮੀ ਟਕਸਾਲ**
**(ਪ੍ਰਧਾਨ ਸਿੱਖ ਯੂਥ ਫ਼ੈਡਰੇਸ਼ਨ ਭਿੰਡਰਾਂਵਾਲਾ)**
ਮੋ: 88722-93883.

# ਕਸ਼ਮੀਰ ਸਿੰਘ ਸਰਪੰਚ ਦੀ ਚਾਚੀ ਪਰਮਜੀਤ ਕੌਰ ਦੀ ਸਰਧਾਂਜਲੀ ਸਮਾਗਮ ਦਮਦਮੀ ਟਕਸਾਲ ਚੌਕ ਮਹਿਤਾ ਵਿਖੇ ਅੱਜ

**ਚੌਕ ਮਹਿਤਾ, 20 ਜੁਲਾਈ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਹਲਕਾ ਜੰਡਿਆਲਾ ਗੁਰੂ ਦੇ ਸੀਨੀਅਰ ਕਾਂਗਰਸ ਲੀਡਰ ਸਰਪੰਚ ਕਸ਼ਮੀਰ ਸਿੰਘ ਰੰਧਾਵਾ ਸਾਬਕਾ ਚੇਅਰਮੈਨ ਮਾਰਕਿਟ ਕਮੇਟੀ ਦੇ ਸਤਿਕਾਰ ਯੋਗ ਚਾਚੀ ਜੀ ਤੇ ਪ੍ਰਿਤਪਾਲ ਸਿੰਘ ਰੰਧਾਵਾ ਦੇ ਪੂਜਨੀਕ ਮਾਤਾ ਸਰਦਾਰਨੀ ਪਰਮਜੀਤ ਕੌਰ ਧਰਮੀ ਸਪੁੱਤਨੀ ਸਵਰਗਵਾਸੀ ਜਥੇਦਾਰ ਮਹਿੰਦਰ ਸਿੰਘ ਰੰਧਾਵਾ ਜੀ ਆਪਣੇ ਸੁਵਾਸਾ ਦੀ ਪੂੰਜੀ ਨੂੰ ਭੋਗਦੇ ਹੋਏ ਬੀਤੇ ਦਿਨੀਂ ਅਕਾਲ ਪੁਰਖ ਦੇ ਚਰਨਾਂ ਵਿੱਚ ਜਾ ਬਿਰਾਜੇ ਹਨ ਉਨ੍ਹਾਂ ਨਮਿਤ ਰੱਖੇ ਗਏ ਪਵਿੱਤਰ ਪਾਵਨ ਗੁਰਬਾਣੀ ਦੇ ਭੋਗ ਅੱਜ ਪਾਏ ਜਾਣ ਦੇ ਉਪਰੰਤ ਸਰਧਾਂਜਲੀ ਸਮਾਗਮ ਦਮਦਮੀ ਟਕਸਾਲ ਮਹਿਤਾ ਵਿਖੇ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ ਵਿਖੇ 11 ਵਜੇ ਤੋਂ 12 ਵਜੇ ਪਾਏ ਜਾਣਗੇ ਅਤੇ ਬੈਰਾਗ ਮਈ ਕੀਰਤਨ ਹੋਵੇਗਾ, 12 ਤੋਂ 1 ਵਜੇ ਤੱਕ ਦਮਦਮੀ ਟਕਸਾਲ ਦੇ ਮੌਜੂਦਾ ਮੁੱਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ੍ਰੀ ਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਗੁਰਮਿਤ ਵਿਚਾਰ ਅਤੇ ਕਥਾ ਸੰਗਤਾਂ ਨੂੰ ਸਰਵਨ ਕਰਾਉਣਗੇ। ਸਮੂਹ ਸੰਗਤਾਂ ਨੂੰ ਬੇਨਤੀ ਹੈ ਕਿ ਵੱਧ ਤੋਂ ਵੱਧ ਹਾਜਰੀਆ ਭਰਨ।



# ਗੁਰੂ ਨਾਨਕ ਨਗਰ ਕੀਰਤਨ ਕਮੇਟੀ ਰਸੂਲਪੁਰ ਵੱਲੋਂ 500 ਛਾਂਦਾਰ ਅਤੇ ਫਲਦਾਰ ਬੂਟਿਆਂ ਦਾ ਲੰਗਰ ਲਗਾਇਆ

## ਵਾਤਾਵਰਨ ਨੂੰ ਸ਼ੁੱਧ ਅਤੇ ਸਾਫ਼ ਸੁਥਰਾ ਰੱਖਣ ਲਈ ਵੱਧ ਤੋਂ ਵੱਧ ਰੁੱਖ ਲਗਾਉਣ ਦੀ ਲੋੜ -ਪ੍ਰਧਾਨ ਜੋਰਾ ਸਿੰਘ ਰਸੂਲਪੁਰ





ਜਗਰਾਉਂ -(ਵਰਿਆਮ ਹਠੂਰ) ਪਿੰਡ ਰਸੂਲਪੁਰ ਮੱਲ੍ਹਾ ਦੀ ਗੁਰੂ ਨਾਨਕ ਨਗਰ ਕੀਰਤਨ ਕਮੇਟੀ ਵੱਲੋਂ ਨਗਰ ਵਿੱਚ ਵੱਖ ਵੱਖ ਤਰ੍ਹਾਂ ਦੇ 500 ਛਾਂਦਾਰ ਅਤੇ ਫਲਦਾਰ ਬੂਟਿਆਂ ਦਾ ਲੰਗਰ ਲਗਾਇਆ ਗਿਆ, ਤੇ ਨਾਲ ਨਾਲ ਚੌਲਾਂ ਦਾ ਭੰਡਾਰਾ ਵੀ ਲਗਾਇਆ, ਨਗਰ ਦੇ ਬਹੁ ਗਿਣਤੀ ਲੋਕਾਂ ਅਤੇ ਹੋਰ ਰਾਹਗੀਰਾਂ ਨੇ ਗੁਰੂ ਨਾਨਕ ਨਗਰ ਕੀਰਤਨ ਕਮੇਟੀ ਦੇ ਸੇਵਾਦਾਰਾਂ ਪਾਸੋਂ ਬੂਟੇ ਪ੍ਰਾਪਤ ਕੀਤੇ ਤੇ ਗੁਰੂ ਨਾਨਕ ਨਗਰ ਕੀਰਤਨ ਕਮੇਟੀ ਵੱਲੋਂ ਪੁੱਟੇ ਕਦਮਾਂ ਦੀ ਸ਼ਲਾਘਾ ਕੀਤੀ ਗੁਰੂ ਨਾਨਕ ਨਗਰ ਕੀਰਤਨ ਕਮੇਟੀ ਦੇ ਸੇਵਾਦਾਰਾਂ ਨੇ ਬੂਟਿਆਂ ਨੂੰ ਲਾਉਣ ਅਤੇ ਸੇਵਾ ਸੰਭਾਲ ਦੀ ਵਿਧੀ ਵੀ ਦੱਸੀ, ਗੱਲਬਾਤ ਕਰਦਿਆਂ ਗੁਰੂ ਨਾਨਕ ਨਗਰ ਕੀਰਤਨ ਕਮੇਟੀ ਦੇ ਪ੍ਰਧਾਨ ਜੋਰਾ ਸਿੰਘ ਰਸੂਲਪੁਰ ਨੇ ਕਿਹਾ ਕਿ ਵਾਤਾਵਰਨ ਨੂੰ ਸ਼ੁੱਧ ਅਤੇ ਸਾਫ਼ ਸੁਥਰਾ ਰੱਖਣ ਲਈ ਸਾਨੂੰ ਵੱਧ ਤੋਂ ਵੱਧ ਰੁੱਖ ਲਗਾਉਣੇ ਚਾਹੀਦੇ ਹਨ। ਤੇ ਰੁੱਖ ਲਗਾ ਕੇ ਉਨ੍ਹਾਂ ਦੀ ਬੱਚਿਆਂ ਵਾਂਗ ਸਾਂਭ ਸੰਭਾਲ ਕਰਨੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਕਦੇ ਕਿਹਾ ਜਾਂਦਾ ਸੀ ਕਿ ਹਰ ਮਨੁੱਖ ਲਾਵੇ ਇੱਕ ਰੁੱਖ ਪਰ ਹੁਣ ਇਸ ਦੇ ਉਲਟ ਹਰ ਮਨੁੱਖ ਲਾਵੇ ਸੌ ਰੁੱਖ ਵਾਲਾ ਸਮਾਂ ਹੈ। ਤੇ ਸਾਨੂੰ ਸਾਰਿਆਂ ਨੂੰ ਰਲ ਮਿਲ ਕੇ ਹੰਭਲਾ ਮਾਰਨਾ ਚਾਹੀਦਾ ਹੈ। ਕਿਉਂਕਿ ਰੁੱਖ ਜਿੱਥੇ ਸਾਨੂੰ ਆਕਸੀਜਨ ਦਿੰਦੇ ਹਨ ਉੱਥੇ ਠੰਡੀਆਂ ਛਾਵਾਂ ਵੀ ਦਿੰਦੇ ਹਨ ਪੰਜਾਬ ਵਿੱਚ ਬੇਸ਼ੱਕ ਵਾਤਾਵਰਣ ਪ੍ਰੇਮੀਆਂ, ਕਲੱਬਾਂ, ਅਤੇ ਹੋਰ ਸਮਾਜ ਸੇਵੀ ਸੰਸਥਾਵਾਂ ਵੱਲੋਂ ਬੂਟੇ ਲਗਾਏ ਜਾ ਰਹੇ ਹਨ। ਪਰ ਹਰ ਇਨਸਾਨ ਨੂੰ ਬੂਟੇ ਲਗਾਉਣ ਵਿੱਚ ਆਪਣਾ ਬਣਦਾ ਯੋਗਦਾਨ ਪਾਉਣਾ ਚਾਹੀਦਾ ਹੈ।

ਉਨ੍ਹਾਂ ਕਿਹਾ ਕਿ ਅੱਜ ਵੱਖ ਵੱਖ 500 ਛਾਂਦਾਰ ਅਤੇ ਫਲਦਾਰ ਬੂਟਿਆਂ ਦਾ ਲੰਗਰ ਲਗਾਇਆ ਗਿਆ ਹੈ। ਤੇ ਸਭ ਨੂੰ ਬੂਟੇ ਲਗਾ ਕੇ ਉਨ੍ਹਾਂ ਦੀ ਸਾਂਭ ਸੰਭਾਲ ਕਰਨ ਲਈ ਅਪੀਲ ਕੀਤੀ, ਇਸ ਮੌਕੇ ਫੋਨ ਕਾਲ ਰਾਹੀਂ ਐੱਨ.ਆਰ.ਆਈ ਸਮਾਜ ਸੇਵੀ ਰਵੇਲ ਸਿੰਘ ਮਨੀਲਾ ਨੇ ਗੁਰੂ ਨਾਨਕ ਨਗਰ ਕੀਰਤਨ ਕਮੇਟੀ ਵੱਲੋਂ ਕੀਤੇ ਗਏ ਉਪਰਾਲਿਆਂ ਦੀ ਸ਼ਲਾਘਾ ਕਰਦਿਆਂ ਕਮੇਟੀ ਦਾ ਧੰਨਵਾਦ ਕੀਤਾ, ਮਿੱਠੇ ਚੌਲਾਂ ਦੀ ਸੇਵਾ ਦਲਬਾਰ ਸਿੰਘ ਅਤੇ ਸਵ: ਅਜਮੇਰ ਸਿੰਘ ਦੇ ਪਰਿਵਾਰ ਵੱਲੋਂ ਕਰਵਾਈ ਗਈ, ਅੰਤ ਵਿੱਚ ਪ੍ਰਧਾਨ ਜੋਰਾ ਸਿੰਘ ਰਸੂਲਪੁਰ ਨੇ ਨਗਰ ਦੀਆਂ ਵੱਖ ਵੱਖ ਕਮੇਟੀਆਂ, ਅਤੇ ਹੋਰ ਸੇਵਾਦਾਰਾਂ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕੀਤਾ,

ਇਸ ਮੌਕੇ ਪ੍ਰਧਾਨ ਜੋਰਾ ਸਿੰਘ ਰਸੂਲਪੁਰ, ਸਰਪੰਚ ਗੁਰਬਖਸ਼ ਸਿੰਘ ਖੋਖਰ, ਕੁਲਦੀਪ ਸਿੰਘ, ਬਲਕਾਰ ਸਿੰਘ, ਗੁਰਪ੍ਰੀਤ ਸਿੰਘ, ਧਰਮ ਸਿੰਘ ਥਾਂਦੀ, ਜਗਰਾਜ ਸਿੰਘ, ਪਰਮਜੀਤ ਸਿੰਘ, ਸੁੱਖਾ ਮਿਸਤਰੀ, ਦਲਜੀਤ ਸਿੰਘ ਖਾਲਸਾ, ਬਲਰਾਮ ਸਿੰਘ, ਅਨਿੰਦਰ ਮਿਸਤਰੀ, ਲੱਖਾ ਸਿੰਘ, ਭਜਨ ਸਿੰਘ, ਕੁਲਬੀਰ ਸਿੰਘ, ਬਲਰਾਜ ਸਿੰਘ ਬਾਜਾ ਸਮੇਤ ਅਨੇਕਾਂ ਨੌਜਵਾਨ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਅਧਿਆਪਕ ਦੀ ਕਲਮ ਤੋਂ

# ਪੌਦਿਆਂ ਦੀ ਮਹੱਤਤਾ, ਜ਼ਰੂਰਤ ਅਤੇ ਫਾਇਦੇ



ਪਿਆਰੇ ਵਿਦਿਆਰਥੀਓ!

ਸਾਡੇ ਸਾਰੇ ਜੀਵਨ ਦਾ ਆਧਾਰ ਧਰਤੀ ਮਾਤਾ ਅਤੇ ਉਸ 'ਤੇ ਉੱਗਣ ਵਾਲੇ ਪੌਦੇ ਹਨ। ਬਿਨਾਂ ਪੌਦਿਆਂ ਦੇ ਧਰਤੀ ਦੀ ਕਲਪਨਾ ਵੀ ਨਹੀਂ ਕੀਤੀ ਜਾ ਸਕਦੀ। ਪੌਦੇ ਸਿਰਫ ਸਾਡੇ ਵਾਤਾਵਰਣ ਨੂੰ ਹਰਿਆ-ਭਰਿਆ ਨਹੀਂ ਕਰਦੇ, ਬਲਕਿ ਸਾਡੇ ਜੀਵਨ ਨਾਲ ਸਿੱਧੀ ਤਰ੍ਹਾਂ ਜੁੜੇ ਹੋਏ ਹਨ। ਇਸ ਲੇਖ ਵਿੱਚ ਅਸੀਂ ਪੌਦਿਆਂ ਦੀ ਮਹੱਤਤਾ, ਉਹਨਾਂ ਦੀ ਸਾਡੇ ਲਈ ਜ਼ਰੂਰਤ ਅਤੇ ਉਹਨਾਂ ਦੇ ਫਾਇਦਿਆਂ ਬਾਰੇ ਵਿਸਥਾਰ ਨਾਲ ਜਾਣਕਾਰੀ ਪ੍ਰਾਪਤ ਕਰਾਂਗੇ।

**ਪੌਦਿਆਂ ਦੀ ਮਹੱਤਤਾ** : ਪੌਦੇ ਧਰਤੀ ਦੇ ਪ੍ਰਾਣੀ ਮੰਡਲ ਦਾ ਇੱਕ ਅਹੰਕਾਰ ਹਿੱਸਾ ਹਨ। ਉਹ ਸਾਡੇ ਲਈ ਸਭ ਤੋਂ ਪਹਿਲਾ ਤੇ ਸਭ ਤੋਂ ਜ਼ਰੂਰੀ ਜ਼ਰੂਰੀ ਤੱਤ ਆਕਸੀਜਨ ਪ੍ਰਦਾਨ ਕਰਦੇ ਹਨ।ਜਦੋਂ ਪੌਦੇ ਸੂਰਜ ਦੀ ਰੌਸ਼ਨੀ ਦੀ ਮਦਦ ਨਾਲ ਫੋਟੋਸਿੰਥੇਸਿਸ ਕਰਦੇ ਹਨ, ਤਾਂ ਉਹ ਕਾਰਬਨ ਡਾਈਆਕਸਾਈਡ ਨੂੰ ਗ੍ਰਹਿਣ ਕਰਕੇ ਹਵਾ ਵਿੱਚੋਂ ਆਕਸੀਜਨ ਛੱਡਦੇ ਹਨ। ਇਸ ਤਰ੍ਹਾਂ, ਪੌਦੇ ਸਾਡੇ ਲਈ ਸਾਫ਼ ਅਤੇ ਤਾਜ਼ੀ ਹਵਾ ਬਣਾਉਂਦੇ ਹਨ, ਜੋ ਸਾਡੀ ਸਾਂਹ ਲਈ ਲਾਜ਼ਮੀ ਹੈ। ਅਸੀਂ ਜੇ ਇਹਨਾਂ ਪੌਦਿਆਂ ਨੂੰ ਬਿਨਾਂ ਸੋਚੇ ਕੱਟ ਦੇਈਏ ਜਾਂ ਨੁਕਸਾਨ ਪਹੁੰਚਾਈਏ, ਤਾਂ ਸਾਡੇ ਜੀਵਨ ਲਈ ਖਤਰਾ ਬਣ ਸਕਦਾ ਹੈ। ਪੌਦੇ ਨਾ ਸਿਰਫ਼ ਹਵਾ ਸਾਫ਼ ਕਰਦੇ ਹਨ, ਬਲਕਿ ਧਰਤੀ ਦੀ ਮਿੱਟੀ ਨੂੰ ਭੀ ਮਜ਼ਬੂਤ ਬਣਾਉਂਦੇ ਹਨ। ਉਹ ਮਿੱਟੀ ਦੇ ਕਟਾਅ ਨੂੰ ਰੋਕਦੇ ਹਨ ਅਤੇ ਮਿੱਟੀ ਨੂੰ ਆਪਣੇ ਜੜ੍ਹਾਂ ਨਾਲ ਫਿੱਟ ਕਰਕੇ ਬਰਕਰਾਰ ਰੱਖਦੇ ਹਨ। ਇਸ ਤਰ੍ਹਾਂ ਮਿੱਟੀ ਦੀ ਉਪਜਾਊ ਸ਼ਕਤੀ ਬਰਕਰਾਰ ਰਹਿੰਦੀ ਹੈ ਅਤੇ ਜ਼ਮੀਨ ਬੇਕਾਰ ਨਹੀਂ ਹੁੰਦੀ। ਇਸ ਲਈ ਜੰਗਲਾਂ ਅਤੇ ਬਾਗ ਬਹੁਤ ਜ਼ਰੂਰੀ ਹਨ। ਜਦੋਂ ਜੰਗਲ ਕੱਟੇ ਜਾਂਦੇ ਹਨ ਤਾਂ ਬਰਸਾਤ ਦਾ ਪਾਣੀ ਸਿੱਧਾ ਧਰਤੀ ਨੂੰ ਕੱਟਦਾ ਹੈ ਅਤੇ ਬਾਅਦ ਵਿੱਚ ਸੁਕਾ ਤੇ ਮੈਦਾਨ ਬਣ ਜਾਂਦੇ ਹਨ।

**ਪੌਦਿਆਂ ਦੀ ਜ਼ਰੂਰਤ** : ਅਸੀਂ ਅਕਸਰ ਸੋਚਦੇ ਹਾਂ ਕਿ ਪੌਦੇ ਸਿਰਫ਼ ਜੰਗਲਾਂ ਜਾਂ ਖੇਤਾਂ ਵਿੱਚ ਹੀ ਲੱਗਦੇ ਹਨ, ਪਰ ਅਸਲ ਵਿੱਚ ਹਰੇਕ ਘਰ, ਸਕੂਲ ਅਤੇ ਗਲੀ-ਮੁਹੱਲੇ ਵਿੱਚ ਪੌਦੇ ਲਾਉਣਾ ਬਹੁਤ ਜ਼ਰੂਰੀ ਹੈ। ਵਧ ਰਹੀ ਆਬਾਦੀ ਅਤੇ ਸ਼ਹਿਰੀਕਰਨ ਕਾਰਨ ਹਵਾ ਅਤੇ ਵਾਤਾਵਰਣ ਪ੍ਰਦੂਸ਼ਿਤ ਹੋ ਰਹੇ ਹਨ। ਇਸ ਸਮੱਸਿਆ ਦਾ ਇੱਕ ਹੀ ਹੱਲ ਹੈ --ਜ਼ਿਆਦਾ ਤੋਂ ਜ਼ਿਆਦਾ ਪੌਦੇ ਲਗਾਉਣਾ।

ਪੌਦੇ ਸਾਡੇ ਵਾਤਾਵਰਣ ਵਿੱਚ ਤਾਪਮਾਨ ਨੂੰ ਸੰਤੁਲਿਤ ਰੱਖਣ ਵਿੱਚ ਮਦਦ ਕਰਦੇ ਹਨ। ਉਹ ਧੁੱਪ ਨੂੰ ਰੋਕ ਕੇ ਹਵਾ ਨੂੰ ਠੰਡਾ ਕਰਦੇ ਹਨ। ਇਸ ਤਰ੍ਹਾਂ ਗਰਮੀ ਘਟਦੀ ਹੈ ਅਤੇ ਲੋਕਾਂ ਨੂੰ ਬਿਹਤਰ ਜੀਵਨ ਮਿਲਦਾ ਹੈ। ਇਹ ਸਿਰਫ਼ ਮਨੁੱਖਾਂ ਲਈ ਹੀ ਨਹੀਂ, ਬਲਕਿ ਜਾਨਵਰਾਂ ਅਤੇ ਪੰਛੀਆਂ ਲਈ ਵੀ ਸੁਖਦਾਈ ਹੈ। ਹਰ ਇੱਕ ਵਿਅਕਤੀ ਨੂੰ ਆਪਣੀ ਜ਼ਿੰਮੇਵਾਰੀ ਸੌਂਪਣੀ ਚਾਹੀਦੀ ਹੈ ਕਿ ਉਹ ਆਪਣੇ ਆਲੇ ਦੁਆਲੇ ਜ਼ਿਆਦਾ ਤੋਂ ਜ਼ਿਆਦਾ ਪੌਦੇ ਲਗਾਏ। ਸਕੂਲਾਂ ਵਿੱਚ ਪੌਦਿਆਂ ਦੀ ਸੰਭਾਲ ਕਰਨੀ ਚਾਹੀਦੀ ਹੈ ਤਾਂ ਜੋ ਵਿਦਿਆਰਥੀ ਆਪਣੇ ਪਰਿਆਵਰਣ ਦੀ ਸੁਰੱਖਿਆ ਦੀ ਜ਼ਰੂਰਤ ਨੂੰ ਸਮਝਣ।

**ਪੌਦਿਆਂ ਦੇ ਫਾਇਦੇ** : ਪੌਦੇ ਸਾਨੂੰ ਕਈ ਤਰ੍ਹਾਂ ਦੇ ਫਾਇਦੇ ਦਿੰਦੇ ਹਨ ਜੋ ਅਸੀਂ ਅਕਸਰ ਗੈ਼ਰ-ਜ਼ਰੂਰੀ ਸਮਝ ਲੈਂਦੇ ਹਾਂ।

ਸਿਹਤ ਲਈ ਲਾਭ: ਪੌਦੇ ਸਾਫ਼ ਹਵਾ ਪ੍ਰਦਾਨ ਕਰਦੇ ਹਨ, ਜੋ ਸਾਡੇ ਫੇਫੜਿਆਂ ਲਈ ਬਹੁਤ ਫਾਇਦੇਮੰਦ ਹੈ। ਸਾਫ਼ ਹਵਾ ਨਾਲ ਅਸੀਂ ਬਿਮਾਰੀਆਂ ਤੋਂ ਬਚ ਸਕਦੇ ਹਾਂ। ਪੌਦਿਆਂ ਦੇ ਨਿਕਾਸੀ ਰਾਹੀਂ ਹਵਾ ਵਿੱਚੋਂ ਧੂੜ ਅਤੇ ਜਹਿਰੀਲੇ ਤੱਤ ਘਟਦੇ ਹਨ।

ਆਰਾਮ ਤੇ ਮਨੋਵਿਗਿਆਨਕ ਲਾਭ: ਪੌਦਿਆਂ ਦੇ ਨੇੜੇ ਰਹਿਣ ਨਾਲ ਮਨ ਨੂੰ ਸ਼ਾਂਤੀ ਮਿਲਦੀ ਹੈ ਅਤੇ ਤਣਾਅ ਘਟਦਾ ਹੈ। ਇਸ ਲਈ ਅੱਜਕੱਲ੍ਹ ਹਸਪਤਾਲਾਂ ਅਤੇ ਦਫਤਰਾਂ ਵਿੱਚ ਬਾਗਬਾਨੀ ਬਹੁਤ ਪ੍ਰਸਿੱਧ ਹੋ ਰਹੀ ਹੈ।

ਆਰਥਿਕ ਲਾਭ: ਬਹੁਤ ਸਾਰੇ ਪੌਦੇ ਸਾਡੇ ਖਾਣ-ਪੀਣ ਦਾ ਸ੍ਰੋਤ ਹਨ। ਫਲ, ਸਬਜ਼ੀਆਂ, ਦਾਣੇ, ਜੈਵਿਕ ਤੇਲ ਅਤੇ ਦਵਾਈਆਂ ਪੌਦਿਆਂ ਤੋਂ ਮਿਲਦੀਆਂ ਹਨ। ਇਸ ਨਾਲ ਲੋਕਾਂ ਨੂੰ ਰੋਜ਼ਗਾਰ ਅਤੇ ਆਮਦਨੀ ਦਾ ਜ਼ਰੀਆ ਮਿਲਦਾ ਹੈ।

ਵਾਤਾਵਰਣ ਸੰਰਕਸ਼ਣ: ਪੌਦੇ ਧਰਤੀ ਨੂੰ ਪ੍ਰਦੂਸ਼ਣ ਤੋਂ ਬਚਾਉਂਦੇ ਹਨ ਅਤੇ ਕਈ ਜ਼ਿਹਰੀਲੇ ਤੱਤਾਂ ਨੂੰ ਜ਼ਮੀਨ ਅਤੇ ਹਵਾ ਵਿੱਚੋਂ ਛਾਣਦੇ ਹਨ। ਇਸ ਤਰ੍ਹਾਂ ਵਾਤਾਵਰਣ ਸਾਫ਼ ਅਤੇ ਤੰਦਰੁਸਤ ਰਹਿੰਦਾ ਹੈ।

**ਪੌਦਿਆਂ ਦੀ ਸੁਰੱਖਿਆ ਅਤੇ ਰੱਖ-ਰਖਾਵ** : ਅਸੀਂ ਸਭ ਨੂੰ ਜਾਨਣਾ ਚਾਹੀਦਾ ਹੈ ਕਿ ਪੌਦਿਆਂ ਦੀ ਸੁਰੱਖਿਆ ਕਰਨਾ ਕਿੰਨਾ ਜ਼ਰੂਰੀ ਹੈ। ਦੁਨੀਆ ਵਿੱਚ ਜੰਗਲਾਂ ਦੀ ਕਟਾਈ ਬਹੁਤ ਤੇਜ਼ੀ ਨਾਲ ਹੋ ਰਹੀ ਹੈ ਜਿਸ ਨਾਲ ਵਾਤਾਵਰਣ ਬਦਲ ਰਿਹਾ ਹੈ ਅਤੇ ਗਲੋਬਲ ਵਾਰਮਿੰਗ ਵਧ ਰਹੀ ਹੈ। ਜੇ ਅਸੀਂ ਆਪਣੇ ਜੀਵਨ ਨੂੰ ਸੁਰੱਖਿਅਤ ਰੱਖਣਾ ਚਾਹੁੰਦੇ ਹਾਂ ਤਾਂ ਸਾਨੂੰ ਪੌਦਿਆਂ ਦੀ ਸੰਭਾਲ ਅਤੇ ਰੱਖ-ਰਖਾਵ ਬਹੁਤ ਧਿਆਨ ਨਾਲ ਕਰਨੀ ਚਾਹੀਦੀ ਹੈ।

ਸਕੂਲਾਂ ਵਿੱਚ ਵਿਦਿਆਰਥੀਆਂ ਨੂੰ ਬਾਗਬਾਨੀ ਦਾ ਪਾਠ ਸਿਖਾਇਆ ਜਾਵੇ ਅਤੇ ਉਹਨਾਂ ਨੂੰ ਸਮਝਾਇਆ ਜਾਵੇ ਕਿ ਕਿਵੇਂ ਪੌਦੇ ਲਗਾਉਣੇ ਅਤੇ ਸਾਂਭਣੇ ਹਨ। ਘਰਾਂ ਵਿੱਚ ਵੀ ਜ਼ਿਆਦਾ ਤੋਂ ਜ਼ਿਆਦਾ ਪੌਦੇ ਲਗਾਏ ਜਾਣ। ਸਾਫ਼ ਸਥਾਨ ਤੇ ਪੌਦੇ ਲਾਉਣ ਨਾਲ ਨਾ ਸਿਰਫ ਹਵਾ ਸੁਥਰੀ ਰਹਿੰਦੀ ਹੈ, ਬਲਕਿ ਮਨੁੱਖੀ ਸਿਹਤ ਵੀ ਬਹਿਤਰ ਹੁੰਦੀ ਹੈ।

**ਵਿਦਿਆਰਥੀਆਂ ਲਈ ਸੰਦਰਭ** : ਪਿਆਰੇ ਵਿਦਿਆਰਥੀਓ! ਤੁਸੀਂ ਆਪਣੇ ਘਰ, ਸਕੂਲ ਅਤੇ ਸਮਾਜ ਵਿੱਚ ਪੌਦਿਆਂ ਦੀ ਮਹੱਤਤਾ ਬਾਰੇ ਲੋਕਾਂ ਨੂੰ ਵੀ ਦੱਸ ਸਕਦੇ ਹੋ। ਤੁਸੀਂ ਛੋਟੇ-ਛੋਟੇ ਪ੍ਰੋਜੈਕਟ ਕਰਕੇ ਪੌਦੇ ਲਾ ਸਕਦੇ ਹੋ ਅਤੇ ਲੋਕਾਂ ਨੂੰ ਵਾਤਾਵਰਣ ਸੁਰੱਖਿਆ ਲਈ ਪ੍ਰੇਰਿਤ ਕਰ ਸਕਦੇ ਹੋ। ਤੁਹਾਡੇ ਛੋਟੇ ਜਿਹੇ ਯਤਨਾਂ ਨਾਲ ਭਵਿੱਖ ਬਦਲ ਸਕਦਾ ਹੈ।

ਸਾਡੇ ਵਾਤਾਵਰਣ ਨੂੰ ਬਚਾਉਣ ਲਈ ਪੌਦਿਆਂ ਨੂੰ ਪਿਆਰ ਦੇਣਾ ਤੇ ਸਾਂਭਣਾ ਸਾਡੀ ਸਭ ਤੋਂ ਵੱਡੀ ਜ਼ਿੰਮੇਵਾਰੀ ਹੈ। ਅਸੀਂ ਜੇ ਇਸ ਨਿਯਮ ਨੂੰ ਅਪਣਾਵਾਂਗੇ ਤਾਂ ਧਰਤੀ ਮਾਂ ਸਾਡੇ ਲਈ ਸਦਾ ਹੀ ਸੁੰਦਰ, ਹਰਿਆ-ਭਰਿਆ ਤੇ ਜੀਵਤ ਰਹੇਗੀ।



ਨਿਸ਼ਚਿਤ ਹੀ, ਪੌਦਿਆਂ ਨੂੰ ਸੁਰੱਖਿਅਤ ਕਰਨਾ ਸਾਡੇ ਸਮਾਜ ਅਤੇ ਭਵਿੱਖ ਲਈ ਬਹੁਤ ਜ਼ਰੂਰੀ ਹੈ। ਇਸ ਲਈ ਮੈਂ ਤੁਹਾਨੂੰ ਸਭ ਨੂੰ ਅਪੀਲ ਕਰਦਾ ਹਾਂ ਕਿ ਤੁਸੀਂ ਵੀ ਵਾਤਾਵਰਣ ਨੂੰ ਬਚਾਉਣ ਲਈ ਹਰ ਪੂਰੀ ਕੋਸ਼ਿਸ਼ ਕਰੋ ਅਤੇ ਜ਼ਿਆਦਾ ਤੋਂ ਜ਼ਿਆਦਾ ਪੌਦੇ ਲਗਾਓ।

**-ਤੁਹਾਡੇ ਅਧਿਆਪਕ ਦੀ ਕਲਮ ਤੋਂ**
**ਲਖਵੀਰ ਸਿੰਘ ਸੇਖੋਂ, ਐਸ ਐਸ ਮਾਸਟਰ**
**ਸ਼ਹੀਦ ਲਾਂਸ ਨਾਇਕ ਕੁਲਦੀਪ ਸਿੰਘ ਸਰਕਾਰੀ ਕੰਨਿਆ ਸਕੂਲ ਕੌਰੇਆਣਾ**

# ਕਿਸਾਨ ਵਿਰੋਧੀ ਨੀਤੀਆਂ ਖਿਲਾਫ ਸੰਘਰਸ਼ ਦਾ ਐਲਾਨ

**ਮਜੀਠਾ, 20 ਜੁਲਾਈ (ਆਵਾਜ਼ਿ ਕੌਮ ਬਿਊਰੋ)**- ਭਾਰਤੀ ਕਿਸਾਨ ਯੂਨੀਅਨ ਏਕਤਾ ਸਿੱਧੂਪੁਰ ਨੇ ਅੱਜ ਕੇਂਦਰ ਅਤੇ ਪੰਜਾਬ ਸਰਕਾਰ ਦੀਆਂ ਕਿਸਾਨ ਵਿਰੋਧੀ ਨੀਤੀਆਂ ਦੇ ਵਿਰੋਧ ਅਤੇ ਕਿਸਾਨੀ ਮੰਗਾਂ ਨੂੰ ਲੈ ਕੇ ਬਲਾਕ ਮਜੀਠਾ ਦੇ ਪਿੰਡ ਚੰਡੇ ਵਿਖੇ ਬਲਾਕ ਪ੍ਰਧਾਨ ਸੂਬਾ ਸਿੰਘ ਚੰਡੇ ਦੀ ਅਗਵਾਈ ਹੇਠ ਇਕ ਭਰਵੀ ਇਕੱਤਰਤਾ ਕੀਤੀ। ਇਸ ਵਿੱਚ ਜ਼ਿਲ੍ਹਾ ਆਗੂ ਮਲਕੀਤ ਸਿੰਘ ਵਡਾਲਾ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਇਕੱਤਰਤਾ ਨੂੰ ਸੰਬੋਧਨ ਕਰਦਿਆਂ ਮਲਕੀਤ ਸਿੰਘ ਵਡਾਲਾ ਨੇ ਕਿਹਾ ਕਿ ਕੇਂਦਰ ਅਤੇ ਪੰਜਾਬ ਸਰਕਾਰ ਦੀਆਂ ਨੀਤੀਆਂ ਕਿਸਾਨਾਂ ਨੂੰ ਕਾਰਪੋਰੇਟ ਘਰਾਣਿਆਂ ਦੇ ਹਵਾਲੇ ਕਰਨ ਦੀ ਸਾਜ਼ਿਸ਼ ਹਨ। ਉਨ੍ਹਾਂ ਨੇ ਪੰਜਾਬ ਸਰਕਾਰ ਦੀ ਲੈਂਡ ਪੂਲਿੰਗ ਪਾਲਿਸੀ ਨੂੰ ਕਿਸਾਨਾਂ ਦੀਆਂ ਜ਼ਮੀਨਾਂ 'ਤੇ ਕਬਜ਼ਾ ਕਰਨ ਦਾ ਖਤਰਨਾਕ ਉਪਰਾਲਾ ਕਰਾਰ ਦਿੰਦਿਆਂ ਕਿਹਾ ਕਿ ਇਸ ਨੂੰ ਕਿਸੇ ਵੀ ਕੀਮਤ 'ਤੇ ਸਫਲ ਨਹੀਂ ਹੋਣ ਦਿੱਤਾ ਜਾਵੇਗਾ। ਉਨ੍ਹਾਂ ਨੇ ਚਿਤਾਵਨੀ ਦਿੱਤੀ ਕਿ ਸਰਕਾਰਾਂ ਕਿਸਾਨਾਂ ਦੀਆਂ ਜ਼ਮੀਨਾਂ 'ਤੇ ਮੈਲੀ ਨਜ਼ਰ ਰੱਖ ਰਹੀਆਂ ਹਨ, ਪਰ ਕਿਸਾਨ ਇਸ ਸਾਜ਼ਿਸ਼ ਨੂੰ ਨਾਕਾਮ ਕਰ ਦੇਣਗੇ। ਬਲਾਕ ਪ੍ਰਧਾਨ ਸੂਬਾ ਸਿੰਘ ਚੰਡੇ ਨੇ ਸਰਕਾਰ ਦੀਆਂ ਨੀਤੀਆਂ ਨੂੰ ਕਿਸਾਨ ਵਿਰੋਧੀ ਦੱਸਦਿਆਂ ਕਿਹਾ ਕਿ ਪੰਜਾਬ ਦੇ ਕਿਸਾਨ ਅਤੇ ਆਮ ਲੋਕ ਲੈਂਡ ਪੂਲਿੰਗ ਪਾਲਿਸੀ ਦਾ ਸਖ਼ਤ ਵਿਰੋਧ ਕਰਨਗੇ। ਉਨ੍ਹਾਂ ਨੇ ਚਿਤਾਵਨੀ ਦਿੱਤੀ ਕਿ ਜੇ ਸਰਕਾਰ ਨੇ ਇਸ ਪਾਲਿਸੀ ਨੂੰ ਲਾਗੂ ਕਰਨ ਦੀ ਕੋਸ਼ਿਸ਼ ਕੀਤੀ, ਤਾਂ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ। ਉਨ੍ਹਾਂ ਨੇ ਪੰਜਾਬ ਸਰਕਾਰ ਦੀ ਪੁਲੀਸ ਨੀਤੀ ਦੀ ਵੀ ਨਿਖੇਧੀ ਕੀਤੀ, ਜਿਸ ਅਧੀਨ ਸੰਘਰਸ਼ਸ਼ੀਲ ਕਿਸਾਨਾਂ ਅਤੇ ਹੱਕ ਮੰਗਦੇ ਲੋਕਾਂ 'ਤੇ ਕਥਿਤ ਜ਼ੁਲਮ ਕੀਤਾ ਜਾ ਰਿਹਾ ਹੈ। ਕਿਸਾਨ ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਦੀਆਂ ਨੀਤੀਆਂ ਕਾਰਪੋਰੇਟ ਸੈਕਟਰ ਦੇ ਹਿੱਤਾਂ ਨੂੰ ਉਤਸ਼ਾਹਿਤ ਕਰਦੀਆਂ ਹਨ, ਜਦਕਿ ਕਿਸਾਨਾਂ ਅਤੇ ਮਜ਼ਦੂਰਾਂ ਦੇ ਹਿੱਤਾਂ ਨੂੰ ਨਜ਼ਰਅੰਦਾਜ਼ ਕੀਤਾ ਜਾ ਰਿਹਾ ਹੈ। ਇਕੱਤਰਤਾ ਦੌਰਾਨ ਕਿਸਾਨਾਂ ਨੇ ਸਰਕਾਰ ਵਿਰੁੱਧ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਅਤੇ ਸੰਘਰਸ਼ ਨੂੰ ਹੋਰ ਤਿੱਖਾ ਕਰਨ ਦਾ ਐਲਾਨ ਕੀਤਾ। ਇਸ ਮੌਕੇ ਸੂਬਾ ਸਿੰਘ ਚੰਡੇ, ਮਲਕੀਤ ਸਿੰਘ ਵਡਾਲਾ, ਹਰਜਿੰਦਰ ਸਿੰਘ ਵਡਾਲਾ, ਗੁਰਮੀਤ ਸਿੰਘ ਭੋਮਾ, ਬਿਕਰਮ ਸਿੰਘ ਮਜੀਠਾ ਦਿਹਾਤੀ, ਅਰਵਿੰਦਰ ਪਾਲ ਸਿੰਘ ਬਿੱਟੂ ਭੋਮਾ, ਅਮਰੀਕ ਚੰਦ ਕਰਨਾਲਾ, ਭੁਪਿੰਦਰ ਸਿੰਘ ਪੱਪੂ, ਬਲਜੀਤ ਸਿੰਘ ਚੰਡ, ਜਸਪਾਲ ਸਿੰਘ ਭੋਮਾ, ਹਰਭਜਨ ਸਿੰਘ ਚੰਡ, ਰਣਜੀਤ ਸਿੰਘ ਰਾਣਾ ਝੰਡੇ, ਬਲਦੇਵ ਸਿੰਘ ਵੀਰਮ, ਜਸਵਿੰਦਰ ਸਿੰਘ ਵਡਾਲਾ ਸਮੇਤ ਸੈਂਕੜੇ ਕਿਸਾਨ ਅਤੇ ਮੈਂਬਰ ਹਾਜ਼ਰ ਸਨ।

# ਹਲਕਾ ਜੰਡਿਆਲਾ ਗੁਰੂ ਦੇ ਪਿੰਡ- ਪਿੰਡ ਪਹੁੰਚ ਕਰੇਗੀ ਭਾਜਪਾ: ਮੰਨਾ, ਗਿੱਲ

## ਹਰਦੀਪ ਗਿੱਲ ਦੀ ਅਗਵਾਈ ਵਿੱਚ ਹੋਈ ਮੀਟਿੰਗ 'ਚ ਕੈਂਪਾਂ ਦੀ ਰੂਪ ਰੇਖਾ ਤਿਆਰ



**ਜੰਡਿਆਲਾ ਗੁਰੂ, 20 ਜੁਲਾਈ ( ਕੁਲਵੰਤ ਸਿੰਘ ਵਿਰਦੀ )**-ਭਾਰਤੀ ਜਨਤਾ ਪਾਰਟੀ ਵੱਲੋਂ ਕੇਂਦਰ ਸਰਕਾਰ ਦੀਆਂ ਯੋਜਨਾਵਾਂ ਨੂੰ ਘਰ- ਘਰ ਪਹੁੰਚਾਉਣ ਲਈ ਚਲਾਏ ਜਾ ਰਹੇ ਕੈਂਪਾਂ ਦੀ ਲੜੀ ਤਹਿਤ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਵਿੱਚ ਵੀ ਇਸ ਦੀ ਸ਼ੁਰੂਆਤ ਕੀਤੀ ਜਾ ਰਹੀ ਹੈ। ਜਿਸ ਸਬੰਧੀ ਹਲਕੇ ਦੇ ਸਰਕਲ ਪ੍ਰਧਾਨਾਂ ਤੇ ਪ੍ਰਮੁੱਖ ਅਹੁਦੇਦਾਰਾਂ ਦੀ ਇੱਕ ਮਹੱਤਵਪੂਰਨ ਮੀਟਿੰਗ ਭਾਰਤੀ ਜਨਤਾ ਪਾਰਟੀ ਦੇ ਜ਼ਿਲਾ ਅੰਮ੍ਰਿਤਸਰ ਦਿਹਾਤੀ ਦੇ ਪ੍ਰਧਾਨ ਤੇ ਸਾਬਕਾ ਵਿਧਾਇਕ ਮਨਜੀਤ ਸਿੰਘ ਮੰਨਾ ਮੀਆਂਵਿੰਡ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਪੰਜਾਬ ਭਾਜਪਾ ਕੇਂਦਰੀ ਸਕੀਮਾਂ ਦੇ ਇੰਚਾਰਜ ਰਣਬੀਰ ਸਿੰਘ ਮੂਧਲ ਸਾਬਕਾ ਏ.ਡੀ.ਸੀ. ਉਚੇਚੇ ਤੌਰ 'ਤੇ ਪਹੁੰਚੇ। ਭਾਜਪਾ ਦੇ ਹਲਕਾ ਜੰਡਿਆਲਾ ਗੁਰੂ ਦੇ ਇੰਚਾਰਜ ਹਰਦੀਪ ਸਿੰਘ ਗਿੱਲ ਜਨਰਲ ਸਕੱਤਰ ਭਾਜਪਾ ਐਸ.ਸੀ.ਮੋਰਚਾ ਪੰਜਾਬ ਦੀ ਅਗਵਾਈ ਹੇਠ ਹੋਈ ਮੀਟਿੰਗ ਵਿਚ ਹਲਕੇ ਵਿਚ ਲੱਗਣ ਵਾਲੇ ਕੈਂਪਾ ਦੀ ਰੂਪ -ਰੇਖਾ ਤਿਆਰ ਕੀਤੀ ਗਈ। ਪਿੰਡ ਵਡਾਲੀ ਡੋਗਰਾਂ ਵਿਖੇ ਹੋਈ ਮੀਟਿੰਗ ਵਿੱਚ ਬੋਲਦਿਆਂ ਮਨਜੀਤ ਸਿੰਘ ਮੰਨਾ ਨੇ ਕਿਹਾ ਕਿ ਭਾਜਪਾ ਹਰੇਕ ਗਰੀਬ ਨੂੰ ਘਰ ਬੈਠਿਆਂ ਹੀ ਸਹੂਲਤਾਂ ਦੇ ਰਹੀ ਹੈ। ਉਹਨਾਂ ਕਿਹਾ ਕਿ ਕੈਂਪਾਂ ਵਿੱਚ ਕੇਂਦਰ ਸਰਕਾਰ ਵੱਲੋਂ ਦਿੱਤੀਆਂ ਜਾਣ ਵਾਲੀਆਂ ਸਹੂਲਤਾਂ ਜਿਵੇਂ 5 ਲੱਖ ਤੱਕ ਮੁਫਤ ਸਿਹਤ ਦਾ ਇਲਾਜ ਵਾਲਾ ਆਯੂਸ਼ਮਾਨ ਕਾਰਡ , ਕਿਸਾਨ ਸਨਮਾਨ ਕਾਰਡ ਨਿਧੀ, ਕੱਚੇ ਮਕਾਨ ਪੱਕੇ ਕਰਨ ਤਹਿਤ ਆਵਾਸ ਯੋਜਨਾ ਕਾਰਡ, ਈ ਸ਼ਰਮ ਕਾਰਡ, ਵਿਸ਼ਕਰਮਾ ਯੋਜਨਾ ਐਨ,ਐਸ,ਏ,ਪੀ, ਤਹਿਤ ਪੈਨਸ਼ਨ ਕਾਰਡ, ਪ੍ਰਧਾਨ ਮੰਤਰੀ ਸੂਰਯਾ ਘਰ ਮੁਫ਼ਤ ਬਿਜਲੀ ਯੋਜਨਾ,ਟੂਲ ਕਿੱਟ ਪ੍ਰੋਗਰਾਮ ਕਾਰਡ ਆਦਿ ਬਣਾ ਕੇ ਦਿੱਤੇ ਜਾ ਰਹੇ ਹਨ। ਉਹਨਾਂ ਕਿਹਾ ਕਿ ਉਹ ਧੰਨਵਾਦੀ ਹਨ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ, ਜੋ ਗਰੀਬ ਵਰਗ ਨੂੰ ਗਰੀਬੀ ਤੋਂ ਮੁਕਤ ਕਰਨ ਲਈ ਹਰ ਸੰਭਵ ਕੋਸ਼ਿਸ਼ ਕਰ ਰਹੇ ਹਨ। ਇਸ ਮੌਕੇ ਹਰਦੀਪ ਸਿੰਘ ਗਿੱਲ ਨੇ ਕਿ.ਹਾ ਕਿ ਲੋਕ ਸਰਕਾਰੀ ਦਫਤਰਾਂ ਦੇ ਚੱਕਰ ਮਾਰ- ਮਾਰ ਗਏ ਥੱਕ ਜਾਂਦੇ ਹਨ ਪਰ ਉਹਨਾਂ ਨੂੰ ਸਰਕਾਰੀ ਅਧਿਕਾਰੀ ਜਾਂ ਕਰਮਚਾਰੀ ਕੋਈ ਨਿਆਂ ਨਹੀਂ ਦਿੰਦੇ। ਇਸ ਲਈ ਭਾਰਤੀ ਜਨਤਾ ਪਾਰਟੀ ਨੇ ਗਰੀਬ ਲੋਕਾਂ ਨੂੰ ਮੋਦੀ ਸਰਕਾਰ ਦੀਆਂ ਸੁਵਿਧਾਵਾਂ ਦੇਣ ਲਈ "ਮੋਦੀ ਦੇ ਸੇਵਾਦਾਰ ਤੁਹਾਡੇ ਦੁਆਰ " ਪ੍ਰੋਗਰਾਮ ਸ਼ੁਰੂ ਕੀਤਾ ਹੈ ਜਿਸ ਤਹਿਤ ਹਰ ਪਿੰਡ ਪਿੰਡ ਵਿੱਚ ਕੈਂਪ ਲਗਾ ਕੇ ਲੋਕਾਂ ਨੂੰ ਸੁਖ ਸਹੂਲਤਾਂ ਮੁਹਈਆ ਕਰਵਾਈਆਂ ਜਾਣਗੀਆਂ। ਉਹਨਾਂ ਕਿਹਾ ਕਿ ਆਮ ਆਦਮੀ ਪਾਰਟੀ ਤੇ ਕਾਂਗਰਸ ਨੇ ਗਰੀਬ ਵਰਗ ਨੂੰ ਸਿਰਫ ਝੂਠੇ ਲਾਰਿਆਂ ਤੇ ਵਾਅਦਿਆਂ ਵਿੱਚ ਰੱਖਿਆ ਅਤੇ ਅੱਜ ਵੀ ਕਾਂਗਰਸ ਪੰਜਾਬ ਦੇ ਲੋਕਾਂ ਨੂੰ ਤਰ੍ਹਾਂ ਤਰ੍ਹਾਂ ਦੇ ਲਾਲਚ ਦੇ ਕੇ ਭਰਮਾਉਣ ਦੀ ਕੋਸ਼ਿਸ਼ ਕਰ ਰਹੀ ਹੈ।ਮੀਟਿੰਗ ਦੌਰਾਨ ਸਾਬਕਾ ਏ.ਡੀ.ਸੀ.ਰਣਬੀਰ ਸਿੰਘ ਮੂਧਲ ਨੇ ਕੈਂਪਾਂ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ ਅਤੇ ਵਰਕਰਾਂ ਨੂੰ ਪਿੰਡ ਪਿੰਡ ਵਿੱਚ ਆਪਣੇ ਆਪਣੇ ਆਧਾਰ ਕਾਰਡਾਂ ਨੂੰ ਮੋਬਾਈਲਾਂ ਨਾਲ ਲਿੰਕ ਕਰਵਾਉਣ ਲਈ ਵੀ ਆਖਿਆ। ਇਸ ਮੌਕੇ ਮਨਜੀਤ ਸਿੰਘ ਸੰਧੂ, ਕੇਵਲ ਸਿੰਘ, ਨਰਿੰਦਰ ਸਿੰਘ ਫੌਜੀ ਸੁਖਵਿੰਦਰ ਕੌਰ (ਸਾਰੇ ਸਰਕਲ ਪ੍ਰਧਾਨ) , ਸਤਵੀਰ ਸਿੰਘ ਫੌਜੀ, ਬਿਕਰਮਜੀਤ ਸਿੰਘ ਫੌਜੀ, ਮਨਦੀਪ ਕੌਰ, ਸ਼ੇਰ ਸਿੰਘ, ਇੰਦਰ ਸਿੰਘ ਫੌਜੀ,ਗੁਰਬਖਸ਼ ਸਿੰਘ ਗੋਪੀ, ਬਲਦੇਵ ਸਿੰਘ, ਪਰਮਜੀਤ ਸਿੰਘ, ਨਾਨਕ ਸਿੰਘ, ਹਰਜੋਤ ਸਿੰਘ, ਬਲਕਾਰ ਸਿੰਘ ਬੱਬੂ, ਹੀਰਾ ਸਿੰਘ, ਜਗਤਾਰ ਸਿੰਘ, ਰਵੇਲ ਸਿੰਘ, ਗੁਲਜਾਰ ਸਿੰਘ, ਸੁਰਜੀਤ ਸਿੰਘ, ਗੁਰਪ੍ਰੀਤ ਸਿੰਘ ਗੋਪੀ, ਸੁਖਦੇਵ ਸਿੰਘ ਫੌਜੀ , ਕਰਨ ਛਾਪਾ, ਸਰਵਣ ਸਿੰਘ, ਸ਼ੇਰ ਸਿੰਘ, ਮੋਹਨ ਰਾਮ, ਨਿਰਵੈਲ ਸਿੰਘ ਵਡਾਲੀ, ਬਲਵੰਤ ਸਿੰਘ, ਸਰਬਜੀਤ ਸਿੰਘ ਫੌਜੀ, ਪ੍ਰਕਾਸ਼ ਸਿੰਘ, ਭੁਪਿੰਦਰ ਸਿੰਘ , ਐਡਵੋਕੇਟ ਸੁਰਿੰਦਰ ਪਾਲ ਸਿੰਘ, ਸਰਬਜੀਤ ਕੌਰ ਤੋਂ ਇਲਾਵਾ ਹੋਰ ਵੀ ਭਾਜਪਾ ਵਰਕਰ ਹਾਜ਼ਰ ਸਨ !

# ਪਿੰਡ ਰਾਏਪੁਰ ਖੁਰਦ ਚ ਰਵਾਇਤੀ ਪਾਰਟੀਆਂ ਨੂੰ ਛੱਡ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਕੈਬਨਿਟ ਮੰਤਰੀ ਸ੍ਰ ਈ.ਟੀ.ਓ ਨੇ ਕੀਤਾ ਸਵਾਗਤ



ਜੰਡਿਆਲਾ ਗੁਰੂ, 20 ਜੁਲਾਈ ( ਕੁਲਵੰਤ ਸਿੰਘ ਵਿਰਦੀ ) ਹਲਕਾ ਜੰਡਿਆਲਾ ਗੁਰੂ ਤੋਂ ਆਮ ਆਦਮੀ ਪਾਰਟੀ ਨੂੰ ਉਸ ਵੇਲੇ ਵੱਡੀ ਤਾਕਤ ਮਿਲੀ ਜਦੋਂ ਹਲਕੇ ਦੇ ਪ੍ਰਸਿੱਧ ਰਾਏਪੁਰ ਖੁਰਦ ਤੋਂ ਸਰਪੰਚ ਮਨਜੀਤ ਕੌਰ, ਪੰਚ ਮਾਨ ਸਿੰਘ, ਸਰਬਜੀਤ ਕੌਰ, ਸਤਿੰਦਰ ਕੌਰ, ਹਰਪ੍ਰੀਤ ਸਿੰਘ ਅਤੇ ਨੰਬਰਦਾਰ ਗੁਰਭਾਗ ਸਿੰਘ ਵੱਲੋਂ ਕੀਤੇ ਜਾ ਰਹੇ ਕੰਮਾਂ ਨੂੰ ਵੇਖਦੇ ਹੋਏ 15 ਤੋਂ ਵੱਧ ਪਰਿਵਾਰ ਰਿਵਾਇਤੀ ਪਾਰਟੀਆਂ ਛੱਡ ਕੇ ਆਮ ਆਦਮੀ ਪਾਰਟੀ ਵਿਚ ਸ਼ਾਮਿਲ ਹੋ ਗਏ। ਦੱਸਣਯੋਗ ਹੈ ਕਿ ਇਸ ਪਿੰਡ ਵਿੱਚ ਪੰਚਾਇਤ ਸਰਬ ਸੰਮਤੀ ਨਾਲ ਆਮ ਆਦਮੀ ਪਾਰਟੀ ਦੀ ਹੀ ਚੁਣੀ ਗਈ ਸੀ। ਕੈਬਨਿਟ ਮੰਤਰੀ ਸ ਹਰਭਜਨ ਸਿੰਘ ਈਟੀਓ ਨੇ ਪੰਚਾਇਤ ਵੱਲੋਂ ਕੀਤੇ ਕੰਮਾਂ ਦੀ ਸਰਾਹਨਾ ਕਰਦੇ ਕਿਹਾ ਕਿ ਅੱਜ ਤੁਹਾਡੇ ਕੰਮਾਂ ਉਤੇ ਮੋਹਰ ਲੱਗੀ ਹੈ। ਉਹਨਾਂ ਪਿੰਡ ਵਾਸੀਆਂ ਨੂੰ ਪਾਰਟੀ ਵਿੱਚ ਸ਼ਾਮਿਲ ਕਰਨ ਉੱਤੇ ਜੀ ਆਇਆ ਕਹਿੰਦੇ ਕਿਹਾ ਕਿ ਤੁਹਾਡੀ ਸ਼ਮੂਲੀਅਤ ਨਾਲ ਮੈਨੂੰ ਵੱਡਾ ਬਲ ਮਿਲਿਆ ਹੈ। ਉਹਨਾਂ ਕਿਹਾ ਕਿ ਮੈਂ ਹਲਕੇ ਦੇ ਲੋਕਾਂ ਦੀ ਸੇਵਾ ਲਈ ਨਿਰੰਤਰ ਯਤਨਸ਼ੀਲ ਹਾਂ, ਲਗਾਤਾਰ ਆਪਣੇ ਹਲਕੇ ਦੇ ਪਿੰਡਾਂ ਅਤੇ ਸ਼ਹਿਰਾਂ ਵਿੱਚ ਵਿਕਾਸ ਦੇ ਕੰਮ ਕਰਵਾਏ ਜਾ ਰਹੇ ਹਨ ਪਰ ਇਹ ਖੁਸ਼ੀ ਉਦੋਂ ਹੀ ਮਿਲਦੀ ਹੈ ਜਦੋਂ ਤੁਹਾਡੇ ਵਰਗੇ ਭਰਾਵਾਂ ਦਾ ਸਾਥ ਮਿਲੇ। ਉਹਨਾਂ ਕਿਹਾ ਕਿ ਆਮ ਆਦਮੀ ਪਾਰਟੀ ਦੀਆਂ ਲੋਕ ਪੱਖੀ ਨੀਤੀਆਂ ਅਤੇ ਮੁੱਖ ਮੰਤਰੀ ਸ ਭਗਵੰਤ ਸਿੰਘ ਮਾਨ ਵੱਲੋਂ ਦਿੱਤੀ ਜਾ ਰਹੀ ਸੁਚੱਜੀ ਅਗਵਾਈ ਅਤੇ ਨੇਕ ਨੀਅਤ ਨੂੰ ਤੁਸੀਂ ਸਾਥ ਦਿੰਦੇ ਹੋਏ ਹੋਰ ਵੱਡੀ ਤਾਕਤ ਬਖਸ਼ ਦਿੱਤੀ ਹੈ ਅਤੇ ਹੁਣ ਮੈਂ ਬਤੌਰ ਮੰਤਰੀ ਹੋਰ ਵੀ ਮਿਹਨਤ ਅਤੇ ਤਾਕਤ ਦੇ ਨਾਲ ਹਲਕੇ ਦੇ ਕੰਮ ਕਰਵਾਉਣ ਲਈ ਤਤਪਰ ਰਹਾਂਗਾ। ਕੈਬਨਿਟ ਮੰਤਰੀ ਨੇ ਕਿਹਾ ਕਿ ਇਹ ਤੁਹਾਡਾ ਸਾਥ ਹੀ ਹੈ ਜਿਸ ਨੇ ਪਹਿਲਾਂ ਵੀ ਵੱਡੇ ਫਰਕ ਨਾਲ ਜਿੱਤ ਦਿਵਾਈ ਸੀ ਅਤੇ ਤਾਕਤ ਬਖਸ਼ੀ ਸੀ। ਉਨਾਂ ਇਸ ਮੌਕੇ ਪਾਰਟੀ ਵਿੱਚ ਸ਼ਾਮਿਲ ਹੋਏ ਪਰਿਵਾਰਾਂ ਅਤੇ ਸਾਥੀਆਂ ਨੂੰ ਸਿਰੋਪੇ ਦੇ ਕੇ ਸਨਮਾਨਿਤ ਕੀਤਾ। ਇਸ ਉਪਰੰਤ ਸ ਹਰਭਜਨ ਸਿੰਘ ਈਟੀਓ ਨੇ ਪਿੰਡ ਚੌਹਾਨ ਵਿਖੇ ਦਰਬਾਰ ਪੀਰ ਹਸਨ ਸ਼ਾਹ ਕਾਦਰੀ ਜੀ ਦੇ ਸਥਾਨ ਉੱਤੇ ਹਾਜ਼ਰੀ ਭਰੀ। ਇਸ ਦੌਰਾਨ ਜਨਾਬ ਪੀਰ ਦਿਲਦਾਰ ਸ਼ਾਹ ਕਾਦਰੀ ਦੇ ਦਰਸ਼ਨ ਕਰਨ ਦਾ ਸੁਭਾਗ ਮਿਲਿਆ ਅਤੇ ਉਨਾਂ ਦਾ ਆਸ਼ੀਰਵਾਦ ਲਿਆ ਤੇ ਸੰਗਤ ਦਰਸ਼ਨ ਕੀਤੇ।

### ਮੁੱਖ ਮੰਤਰੀ ਦਾ ਮਿਸ਼ਨ ਗਿਆਨ ਜਾਰੀ; ਪੰਜਾਬ ਵਾਸੀਆਂ ਨੂੰ ਨਵੀਂ ਲਾਇਬ੍ਰੇਰੀ ਸਮਰਪਿਤ

# ਜਨਤਕ ਲਾਇਬ੍ਰੇਰੀਆਂ ਗਿਆਨ ਦੇ ਕੇਂਦਰ ਵਜੋਂ ਕੰਮ ਕਰ ਰਹੀਆਂ ਹਨ





**ਧੂਰੀ /ਸੰਗਰੂਰ (ਰਣਜੀਤ ਸਿੰਘ ਪੇਧਨੀ** )-ਨੌਜਵਾਨਾਂ ਵਿੱਚ ਪੜ੍ਹਨ ਦੀਆਂ ਰੁਚੀਆਂ ਪੈਦਾ ਕਰਨ ਲਈ ਮਿਸ਼ਨ ਗਿਆਨ ਜਾਰੀ ਰੱਖਦੇ ਹੋਏ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਇੱਥੇ ਨਵੀਂ ਬਣੀ ਜਨਤਕ ਲਾਇਬ੍ਰੇਰੀ ਸ਼ਹਿਰ ਵਾਸੀਆਂ ਨੂੰ ਸਮਰਪਿਤ ਕੀਤੀ। ਮੁੱਖ ਮੰਤਰੀ ਨੇ ਕਿਹਾ ਕਿ ਉਹ ਅੱਜ ਇੱਥੇ 1.59 ਕਰੋੜ ਰੁਪਏ ਦੀ ਲਾਗਤ ਨਾਲ ਬਣੀ ਇਸ ਨਵੀਂ ਜਨਤਕ ਲਾਇਬ੍ਰੇਰੀ ਦਾ ਉਦਘਾਟਨ ਕਰਨ ਲਈ ਆ ਕੇ ਬਹੁਤ ਮਾਣ ਮਹਿਸੂਸ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਇਸ ਦੋ ਮੰਜ਼ਿਲਾ ਇਮਾਰਤ ਦਾ ਖੇਤਰ 3,710 ਵਰਗ ਫੁੱਟ ਹੈ ਅਤੇ ਇਹ ਵਾਈ-ਫਾਈ, ਸੂਰਜੀ ਊਰਜਾ ਡਿਜੀਟਲ ਐਨਾਲਾਗ ਅਤੇ ਹੋਰ ਉੱਚ ਪੱਧਰੀ ਸਹੂਲਤਾਂ ਨਾਲ ਲੈਸ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਲਾਇਬ੍ਰੇਰੀ ਵਿੱਚ ਸਮਕਾਲੀ ਸਾਹਿਤ ਅਤੇ ਪਾਠਕ੍ਰਮ ਦੀਆਂ ਕਿਤਾਬਾਂ ਤੇ ਵਿਸ਼ਵ ਪੱਧਰੀ ਪੁਸਤਕਾਂ ਹਨ, ਜੋ ਸਿੱਖਣ ਦਾ ਅਮੀਰ ਤਜਰਬਾ ਮੁਹੱਈਆ ਕਰਦੀਆਂ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਅਜਿਹੀਆਂ ਲਾਇਬ੍ਰੇਰੀਆਂ ਗਿਆਨ ਅਤੇ ਸਾਹਿਤ ਦਾ ਅਸਲ ਭੰਡਾਰ ਹਨ ਅਤੇ ਇਹ ਸਾਡੇ ਸਾਰਿਆਂ ਲਈ ਬਹੁਤ ਮਾਣ ਵਾਲੀ ਗੱਲ ਹੈ ਕਿ ਇਨ੍ਹਾਂ ਅਤਿ-ਆਧੁਨਿਕ ਲਾਇਬ੍ਰੇਰੀਆਂ ਵਿੱਚ ਵੱਖ-ਵੱਖ ਵਿਸ਼ਿਆਂ 'ਤੇ ਕੀਮਤੀ ਕਿਤਾਬਾਂ ਹਨ, ਜੋ ਪੁਸਤਕ ਪ੍ਰੇਮੀਆਂ ਨੂੰ ਆਕਰਸ਼ਿਤ ਕਰਦੀਆਂ ਹਨ। ਉਨ੍ਹਾਂ ਕਿਹਾ ਕਿ ਇਹ ਪਹਿਲਕਦਮੀ ਪੇਂਡੂ ਖੇਤਰਾਂ ਵਿੱਚ ਸਿੱਖਿਆ, ਸਾਖਰਤਾ ਅਤੇ ਭਾਈਚਾਰਕ ਸਾਂਝ ਨੂੰ ਉਤਸ਼ਾਹਿਤ ਕਰਨ ਵੱਲ ਵੱਡਾ ਕਦਮ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੇਂਡੂ ਖੇਤਰਾਂ ਵਿੱਚ ਜਨਤਕ ਲਾਇਬ੍ਰੇਰੀਆਂ ਗਿਆਨ ਦੇ ਚਾਨਣ ਮੁਨਾਰੇ ਸਾਬਤ ਹੋ ਰਹੀਆਂ ਹਨ ਅਤੇ ਸਾਡਾ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਪੰਜਾਬ ਦਾ ਹਰ ਨਾਗਰਿਕ ਇਨ੍ਹਾਂ ਤੋਂ ਲਾਭ ਉਠਾ ਸਕੇ। ਮੁੱਖ ਮੰਤਰੀ ਨੇ ਕਿਹਾ ਕਿ ਇਹ ਲਾਇਬ੍ਰੇਰੀਆਂ ਨੌਜਵਾਨਾਂ ਵਿੱਚ ਪੜ੍ਹਨ ਦੀਆਂ ਰੁਚੀਆਂ ਨੂੰ ਉਤਸ਼ਾਹਿਤ ਕਰਨ ਅਤੇ ਉਨ੍ਹਾਂ ਦੇ ਅਕਾਦਮਿਕ ਅਤੇ ਨਿੱਜੀ ਵਿਕਾਸ ਵਿੱਚ ਯੋਗਦਾਨ ਪਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਇਹ ਲਾਇਬ੍ਰੇਰੀਆਂ ਕਮਿਊਨਿਟੀ ਹੱਬ ਵਜੋਂ ਕੰਮ ਕਰਦੀਆਂ ਹਨ, ਜਿੱਥੇ ਸਿੱਖਣ, ਸੰਵਾਦ ਅਤੇ ਸੱਭਿਆਚਾਰਕ ਆਦਾਨ-ਪ੍ਰਦਾਨ ਲਈ ਅਨੁਕੂਲ ਵਾਤਾਵਰਣ ਮੁਹੱਈਆ ਕੀਤਾ ਜਾਂਦਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੇਂਡੂ ਖੇਤਰਾਂ ਵਿੱਚ ਇਹ ਲਾਇਬ੍ਰੇਰੀਆਂ, ਵਿਦਿਅਕ ਸਰੋਤਾਂ ਤੱਕ ਪਹੁੰਚ ਵਿਚਲੇ ਪਾੜੇ ਨੂੰ ਦੂਰ ਕਰਦੀਆਂ ਹਨ ਅਤੇ ਇਹ ਯਕੀਨੀ ਬਣਾਉਂਦੀਆਂ ਹਨ ਕਿ ਹਰ ਕਿਸੇ ਨੂੰ ਸਿੱਖਣ ਤੇ ਅੱਗੇ ਵਧਣ ਦਾ ਮੌਕਾ ਮਿਲੇ। ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਪਹਿਲਾਂ ਹੀ ਹਰੇਕ ਵਿਧਾਨ ਸਭਾ ਹਲਕੇ ਵਿੱਚ ਆਧੁਨਿਕ ਲਾਇਬ੍ਰੇਰੀਆਂ ਸਥਾਪਤ ਕਰਨ ਦੀ ਯੋਜਨਾ ਲਾਗੂ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਇਹ ਲਾਇਬ੍ਰੇਰੀਆਂ ਡਿਜੀਟਲ ਤੌਰ 'ਤੇ ਆਪਸ ਵਿੱਚ ਜੁੜੀਆਂ ਹੋਈਆਂ ਹਨ ਅਤੇ ਹਾਈ-ਸਪੀਡ ਇੰਟਰਨੈੱਟ ਨਾਲ ਲੈਸ ਹਨ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਉਨ੍ਹਾਂ ਦੇ ਅਕਾਦਮਿਕ ਅਤੇ ਕਰੀਅਰ ਵਿੱਚ ਸਹਾਇਤਾ ਕਰਨ ਲਈ ਇਨ੍ਹਾਂ ਲਾਇਬ੍ਰੇਰੀਆਂ ਵਿੱਚ ਸਿਖਲਾਈ ਪ੍ਰਾਪਤ ਲਾਇਬ੍ਰੇਰੀਅਨ ਉਪਲਬਧ ਹਨ। ਭਗਵੰਤ ਸਿੰਘ ਮਾਨ ਨੇ ਵਿਦਿਆਰਥੀਆਂ, ਮਾਪਿਆਂ ਅਤੇ ਭਾਈਚਾਰੇ ਦੇ ਮੈਂਬਰਾਂ ਨੂੰ ਸਿੱਖਣ, ਖੋਜ ਅਤੇ ਸਵੈ-ਵਿਕਾਸ ਲਈ ਲਾਇਬ੍ਰੇਰੀਆਂ ਦੀ ਸਰਗਰਮੀ ਨਾਲ ਵਰਤੋਂ ਕਰਨ ਦੀ ਅਪੀਲ ਵੀ ਕੀਤੀ।ਇਸ ਮੌਕੇ ਚੇਅਰਮੈਨ ਦਲਵੀਰ ਸਿੰਘ ਢਿੱਲੋ,ਚੇਅਰਮੈਨ ਸ੍ਰੀ ਅਸ਼ੋਕ ਕੁਮਾਰ ਲੱਖਾ,ਸ,ਜਸਵੀਰ ਸਿੰਘ ਜੱਸੀ ਸੇਖੋਂ ਮੈਂਬਰ ਫੂਡ ਕਮਿਸ਼ਨ ਪੰਜਾਬ, ਡਾਕਟਰ ਅਨਵਰ ਭਸੌੜ ਮੈਂਬਰ ਵਕਫ ਬੋਰਡ ਪੰਜਾਬ, ਗੁਰਮੇਲ ਸਿੰਘ ਘਰਾਚੋਂ, ਸਾਮ ਸਿੰਗਲਾ ਜਿਲ੍ਹਾ ਪ੍ਰਧਾਨ, ਪੁਸ਼ਪਾ ਰਾਣੀ, ਅਵਤਾਰ ਸਿੰਘ ਈਲਵਾਲ, ਸੰਦੀਪ ਤਾਇਲ ਪੱਪੂ, ਭਿੰਦਾ ਵਿਰਕ, ਰਾਜੂ ਲੱਡਾ,ਤਰਸੇਮ ਕਲਸੀ,ਜਿਉਣ ਸਿੰਘ ਪਤੀ ਬਲਜੀਤ ਕੌਰ ਐਮ,ਸੀ, ਲਾਭ ਸਿੰਘ, ਦਰਸਨ ਸਿੰਘ ਪਾਠਕ, ਗੁਰਪ੍ਰੀਤ ਸਿੰਘ ਦੋਹਲਾ, ਗੁਰਪ੍ਰੀਤ ਸਿੰਘ ਰਣੀਕੇ, ਮਣੀ ਐਮ,ਸੀ, ਤਰਸੇਮ ਸਿੰਘ ਬੀ,ਓ ,ਸੁਖਪਾਲ ਸਿੰਘ ਪਾਲਾ,ਰੂਬਲ ਬਾਜਵਾ, ਗੁਰਵਿੰਦਰ ਸਿੰਘ ਸੋਹੀ,ਚੇਅਰਮੈਨ ਅਮਰੀਕ ਸਿੰਘ ਸੋਹੀ ਭੋਜੋਵਾਲੀ, ਨਰੇਸ ਸਿੰਗਲਾ, ਤੇਜੀ ਕੱਕੜਵਾਲ, ਜਸਵਿੰਦਰ ਸਿੰਘ ਘਨੌਰ, ਸੁਰਜੀਤ ਸਿੰਘ ਰਾਜੋਮਾਜਰਾ, ,ਮਿਲਖ ਰਾਜ,ਮਨਪ੍ਰੀਤ ਸਿੰਘ ਸਲੇਮਪੁਰ, ਜਗਤਾਰ ਸਿੰਘ ਬਾਗੜੀ, ਗਿੰਨੀ ਸਲੇਮਪੁਰ,ਡਾ ਅਸ਼ੋਕ ਕੁਮਾਰ ਐਸ ਆਈ, ਅਮਰੀਕ ਸਿੰਘ ਸਿੱਧੂ, ਹਰਜੀਤ ਸਿੰਘ ਹਾਜਰ ਸਨ।

### ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਨੂੰ ਈ ਮੇਲ ਰਾਹੀਂ ਵਾਰ ਵਾਰ

# ਧਮਕੀਆਂ ਦੇਣ ਵਾਲਿਆਂ ਨੂੰ ਤੁਰੰਤ ਭਾਲ ਕਰਕੇ ਗ੍ਰਿਫਤਾਰ ਕੀਤਾ ਜਾਵੇ—ਭੁੱਲਰ



ਫ਼ਿਰੋਜ਼ਪੁਰ, 20 ਜੁਲਾਈ (ਮਨੋਹਰ ਲਾਲ) :— ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਜਿਲ੍ਹਾ ਫਿਰੋਜ਼ਪੁਰ ਦੀ ਹੰਗਾਮੀ ਮੀਟਿੰਗ ਪਰਗਟ ਸਿੰਘ ਵਾਹਕੇ ਮੁੱਖ ਬੁਲਾਰਾ ਦੇ ਗ੍ਰਹਿ ਵਿਖੇ ਹੋਈ। ਇਸ ਮੀਟਿੰਗ ਵਿੱਚ ਗੁਰਚਰਨ ਸਿੰਘ ਭੁੱਲਰ ਜ਼ਿਲ੍ਹਾ ਪ੍ਰਧਾਨ ਫਿਰੋਜ਼ਪੁਰ ਅਤੇ ਪਰਗਟ ਸਿੰਘ ਵਾਹਕੇ ਨੇ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਸ਼੍ਰੋਮਣੀ ਕਮੇਟੀ ਦੇ ਦਫਤਰ ਨੂੰ ਕਈ ਦਿਨ ਤੋਂ ਈ ਮੇਲ ਰਾਹੀਂ ਧਮਕੀਆਂ ਆਉਣ ਅਤੇ ਭਗਤੀ ਦੇ ਸਾਗਰ ਇਸ ਸਿਫਤੀ ਦੇ ਸਥਾਨ ਨੂੰ ਬੰਬਾਂ ਨਾਲ ਉਡਾ ਦੇਣ ਦੀਆਂ ਧਮਕੀਆਂ ਦੇਣ ਦੀ ਸਖ਼ਤ ਸਬਦਾਂ ਵਿਚ ਨਿਖੇਧੀ ਕੀਤੀ।ਗੱਲਬਾਤ ਕਰਦਿਆਂ ਆਗੂਆਂ ਨੇ ਸਰਕਾਰ ਦੀ ਅੱਜ ਤੱਕ ਦੀ ਢਿੱਲੀ ਕਾਰਗੁਜਾਰੀ ਤੇ ਸਵਾਲ ਉਠਾਉਂਦਿਆਂ ਕਿਹਾ ਕਿ ਜਿਸ ਤਰ੍ਹਾਂ ਵਾਰ—ਵਾਰ ਧਮਕੀਆਂ ਆ ਰਹੀਆਂ ਇਹ ਵੀ ਰਾਜਨੀਤਕ ਸਾਜਿਸ਼ ਦਾ ਹਿਸਾ ਲੱਗਦਾ ਹੈ ਕਿਉਂਕਿ ਲੰਮੇ ਸਮੇਂ ਤੋਂ ਸਿੱਖ ਧਰਮ ਤੇ ਹਮਲੇ ਕੀਤੇ ਜਾ ਰਹੇ ਹਨ ਅਤੇ ਬਹੁਤ ਜਗ੍ਹਾ ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਬੇਅਦਬੀਆਂ ਕੀਤੀਆਂ ਗਈਆਂ ਪਰ ਦੋਸ਼ੀਆਂ ਨੂੰ ਸਜ਼ਾਵਾਂ ਦੇਣ ਦੀ ਜਗ੍ਹਾ ਉਨ੍ਹਾਂ ਦੀ ਪੁਸਤਪਨਾਹੀ ਕੀਤੀ ਗਈ। ਜਿਸ ਕਾਰਨ ਸਾਜਿਸ਼ ਕਰਤਾਵਾਂ ਦੇ ਹੌਸਲੇ ਇਤਨੇ ਵੱਧ ਗਏ ਕਿ ਅੱਜ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਦੇ ਦਫਤਰਾਂ ਵਿੱਚ ਧਮਕੀਆਂ ਦੇਣ ਲੱਗ ਪਏ। ਉਨ੍ਹਾਂ ਕਿਹਾ ਕਿ ਕਈ ਵਾਰ ਤਾਂ ਸ਼ੱਕ ਪੈਦਾ ਹੁੰਦਾ ਹੈ ਕਿ ਦੁਨੀਆਂ ਦਾ ਸਭ ਤੋਂ ਜਿਆਦਾ ਪਸੰਦੀਦਾ ਸਥਾਨ ਤੇ ਆਉਦੀ ਸੰਗਤ ਦੇ ਮਨਾਂ ਵਿੱਚ ਡਰ ਦਾ ਮਾਹੌਲ ਪੈਦਾ ਕਰਕੇ ਸੰਗਤ ਨੂੰ ਇਸ ਸਥਾਨ ਤੇ ਆਉਣ ਤੋਂ ਹਟਾਉਣ ਲਈ ਸਾਜਿਸ਼ ਕੀਤੀ ਜਾ ਰਹੀ ਹੈ। ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਆਗੂਆਂ ਨੇ ਕਿਹਾ ਕਿ ਅਸੀਂ ਇਥੇ ਦੱਸਣਾ ਚਾਹੁੰਦੇ ਹਾਂ ਕਿ ਪੁਰਾਣਾ ਇਤਿਹਾਸ ਫਰੋਲ ਕੇ ਵੇਖ ਲਵੋ ਬੜੀਆਂ ਹਕੂਮਤ ਆਈਆਂ ਜਿੰਨਾਂ ਨੇ ਇਸ ਭਗਤੀ ਤੇ ਸ਼ਕਤੀ ਦੇ ਸਥਾਨ ਨੂੰ ਖਤਮ ਕਰਨ ਦੀ ਕੋਸ਼ਿਸ ਕੀਤੀ ਪਰ ਉਹ ਇਸ ਨੂੰ ਖ਼ਤਮ ਕਰਦੇ—ਕਰਦੇ ਖੁਦ ਖ਼ਤਮ ਹੋ ਗਏ ਪਰ ਇਸ ਜਗ੍ਹਾ ਨੂੰ ਕੋਈ ਖਤਮ ਨਹੀਂ ਕਰ ਸਕਿਆ। ਉਨ੍ਹਾਂ ਕਿਹਾ ਕਿ ਜਿਸ ਜਗ੍ਹਾ ਸਾਰੀ ਮੁਨੱਖਤਾ ਦੇ ਭਲੇ ਦੀ ਨਿੱਤ ਅਰਦਾਸ ਹੁੰਦੀ ਹੋਵੇ ਉਸ ਨੂੰ ਧਮਕੀਆਂ ਦੇਣ ਵਾਲਿਆਂ ਦਾ ਕੱਖ ਨਹੀਂ ਰਹਿਣਾ। ਉਨ੍ਹਾਂ ਕਿਹਾ ਕਿ ਸਰਕਾਰ ਨੂੰ ਬੇਨਤੀ ਹੈ ਕਿ ਇਸ ਪਿਛੇ ਕਿਸ ਦੀ ਸਾਜਿਸ਼ ਹੈ ਅਤੇ ਕੌਣ—ਕੌਣ ਇਸ ਵਿੱਚ ਸ਼ਾਮਿਲ ਹੈ ਉਨ੍ਹਾਂ ਦੇ ਚੇਹਰੇ ਦਾ ਨਕਾਬ ਉਤਾਰ ਕੇ ਲੋਕਾਂ ਦੇ ਸਾਹਮਣੇ ਲਿਆਂਦਾ ਜਾਵੇ ਅਤੇ ਫਾਂਸੀ ਦੀ ਸਜਾ ਦਿੱਤੀ ਜਾਵੇ ਤਾਂ ਕਿ ਅਗਾਂਹ ਤੋਂ ਕੋਈ ਇਹ ਜਿਹਾ ਕੰਮ ਕਰਨ ਦੀ ਜੁਰਤ ਨਾ ਕਰੇ। ਇਸ ਸਮੇਂ ਹਾਜਰ ਸੁੱਚਾ ਸਿੰਘ ਭਾਨੇ ਵਾਲੀ ਪ੍ਰਚਾਰ ਸਕੱਤਰ ਫਿਰੋਜ਼ਪੁਰ, ਸੁੱਚਾ ਸਿੰਘ ਮੁਹਾਲਮ ਸੀਨੀਅਰ ਆਗੂ, ਹਜ਼ਾਰਾ ਸਿੰਘ ਦੌਲਤਪੁਰਾ ਪ੍ਰਧਾਨ ਕਿਸਾਨ ਵਿੰਗ ਪ੍ਰਧਾਨ ਫਿਰੋਜ਼ਪੁਰ ਸ਼ਹਿਰੀ, ਕੰਵਰਸਮਸ਼ੇਰ ਸਿੰਘ ਯੂਥ ਪ੍ਰਧਾਨ ਸਰਕਲ ਆਰਫ ਕੇ, ਸੁਖਮੰਦਰ ਸਿੰਘ ਬਾਘੇ ਵਾਲਾ, ਰਾਜਬੀਰ ਸਿੰਘ ਵਾਹਕੇ, ਬਲਵਿੰਦਰ ਸਿੰਘ ਬਸਤੀ ਰਾਮਲਾਲ, ਰਛਪਾਲ ਸਿੰਘ ਵਾਹਕੇ, ਗਗਨਦੀਪ ਸਿੰਘ ਨਿਜਾਮ ਵਾਲਾ ਨੇ ਵੀ ਨਿਖੇਧੀ ਕੀਤੀ ਅਤੇ ਦੋਸ਼ੀਆਂ ਨੂੰ ਫੜ ਕੇ ਤੁਰੰਤ ਕਾਰਵਾਈ ਕਰਨ ਦੀ ਮੰਗ ਕੀਤੀ।

# ਸ੍ਰੀ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਵਿਖੇ ਵਿਸ਼ੇਸ਼ ਸੈਮੀਨਾਰ ਤੇ ਇਜਲਾਸ ਕਰਵਾਇਆ ਗਿਆ

## ਓ.ਟੀ.ਟੀ. ਐਪਸ 'ਤੇ ਰਿਲੀਜ਼ ਹੁੰਦੀਆਂ ਪੰਜਾਬੀ ਫਿਲਮਾਂ ਵਿੱਚ ਵਰਤੀ ਜਾਂਦੀ ਗੰਦੀ ਸ਼ਬਦਾਵਲੀ ਤੇ ਗਾਲਾਂ ਦਾ ਉੱਠਿਆ ਮੁੱਦਾ

ਜੰਡਿਆਲਾ ਗੁਰੂ, 20 ਜੁਲਾਈ (ਕੁਲਵੰਤ ਸਿੰਘ ਵਿਰਦੀ )- ਕੇਦਰੀ ਪੰਜਾਬੀ ਲੇਖਕ ਸਭਾ (ਰਜਿ.) ਵੱਲੋਂ



ਪੰਜਾਬੀ ਭਾਸ਼ਾ ਸੰਬੰਧੀ ਸ਼੍ਰੀ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਵਿਖੇ ਵਿਸ਼ੇਸ਼ ਸੈਮੀਨਾਰ ਤੇ ਇਜਲਾਸ ਕਰਵਾਇਆ ਗਿਆ ਜਿਸ ਦੀ ਸਮਾਪਤੀ ਉਪਰੰਤ ਸਭਾ ਦੇ ਦਫ਼ਤਰੀ ਸਕੱਤਰ ਤੇ ਸਮਾਗਮ ਦੇ ਕਨਵੀਨਰ ਕਹਾਣੀਕਾਰ ਦੀਪ ਦਵਿੰਦਰ ਜੰਡਿਆਲਾ ਗੁਰੂ ਦੇ ਸਾਹਿਤਕਾਰਾਂ ਸਮੇਤ ਸਥਾਨਕ ਕਸਬੇ ਪਹੁੰਚੇ ਜਿਥੇ ਓਹਨਾਂ ਸੈਮੀਨਾਰ ਦੀ ਸਫਲਤਾ ਸੰਬੰਧੀ ਜਾਣਕਾਰੀ ਸਾਂਝੀ ਕੀਤੀ ਤੇ ਸਥਾਨਕ ਕਸਬੇ ਦੇ ਸਾਹਿਤਕਾਰਾਂ ਦਾ ਸੈਮੀਨਾਰ ਵਿੱਚ ਸ਼ਮੂਲੀਅਤ ਕਰਨ ਲਈ ਧੰਨਵਾਦ ਕੀਤਾ। ਸਭਾ ਦੇ ਪ੍ਰਧਾਨ ਡਾਕਟਰ ਦਰਸ਼ਨ ਬੁੱਟਰ, ਜਨਰਲ ਸਕੱਤਰ ਸੁਸ਼ੀਲ ਦੁਸਾਂਜ, ਸੀਨੀਅਰ ਮੀਤ ਪ੍ਰਧਾਨ ਮੱਖਣ ਕੁਹਾੜ, ਕੋ-ਕਨਵੀਨਰ ਸ਼ਿਲੰਦਰਜੀਤ ਸਿੰਘ ਰਾਜਨ, ਮਨਮੋਹਨ ਸਿੰਘ ਢਿੱਲੋਂ ਅਤੇ ਕਨਵੀਨਰ ਦੀਪ ਦਵਿੰਦਰ ਦੀ ਰਹਿਨੁਮਾਈ ਹੇਠ ਹੋਏ ਇਸ ਸੈਮੀਨਾਰ ਦੇ ਦੋ ਸੈਸ਼ਨ ਉਲੀਕੇ ਗਏ, ਜਿਸ ਤਹਿਤ ਪਹਿਲੇ ਸੈਸ਼ਨ ਵਿੱਚ "ਪੰਜਾਬੀ ਬੋਲੀ- ਕੱਲ, ਅੱਜ ਅਤੇ ਭਲਕ" ਦੇ ਵਿਸ਼ੇ ਸਮੇਤ ਲਾਇਬ੍ਰੇਰੀ ਐਕਟ, ਭਾਸ਼ਾ ਐਕਟ ਦੇ ਉੱਤੇ ਗੱਲਬਾਤ ਹੋਈ ਅਤੇ ਦੂਜੇ ਸੈਸ਼ਨ ਦੌਰਾਨ ਸਭਾ ਦੇ ਬਜਟ ਨੂੰ ਵੀ ਪੇਸ਼ ਕੀਤਾ ਗਿਆ ।ਉਕਤ ਸੈਮੀਨਾਰ ਅਤੇ ਇਜਲਾਸ ਵਿੱਚ ਸ਼ਮੂਲੀਅਤ ਕਰ ਰਹੇ ਬਹੁਤ ਸਾਰੇ ਸਾਹਿਤਕਾਰਾਂ ਨੇ ਬੱਚਿਆਂ, ਵਿਦਿਆਰਥੀਆਂ, ਨੌਜਵਾਨਾਂ ਵੱਲੋਂ ਰੋਜ਼ਾਨਾ ਦੀ ਬੋਲ-ਚਾਲ ਭਾਸ਼ਾ ਵਿੱਚ ਬਿਨਾਂ ਸੋਚੇ ਸਮਝੇ ਕੀਤੀ ਜਾ ਰਹੀ ਸ਼ਬਦਾਂ ਦੀ ਵਰਤੋਂ 'ਤੇ ਦੁੱਖ ਜ਼ਾਹਿਰ ਕੀਤਾ ਤੇ ਆਨਲਾਈਨ ਐਪਸ ਉੱਤੇ ਰਲੀਜ਼ ਹੋ ਰਹੀਆਂ ਪੰਜਾਬੀ ਫਿਲਮਾਂ ਵਿੱਚ ਲਗਾਤਾਰ ਵਰਤੀ ਜਾ ਰਹੀ ਗੰਦੀ ਸ਼ਬਦਾਵਲੀ , ਗਾਲਾਂ , ਸਾਈਨ ਭਾਸ਼ਾ ਦੇ ਸਬੰਧ ਵਿੱਚ ਵੀ ਚਿੰਤਾ ਜ਼ਾਹਿਰ ਕੀਤੀ ਅਤੇ ਪੰਜਾਬ ਰਾਜ ਦੇ ਸੈਂਸਰ ਬੋਰਡ ਦੇ ਅਧਿਕਾਰੀਆਂ ਦੇ ਅਧਿਕਾਰ ਖੇਤਰ ਅਤੇ ਕੀਤੇ ਜਾ ਰਹੇ ਕੰਮਾਂਕਾਰਾਂ 'ਤੇ ਰੋਸ ਤੇ ਅਸਤੁਸ਼ਟੀ ਵੀ ਪ੍ਰਗਟ ਕੀਤੀ। ਉਕਤ ਸਮਾਗਮ ਵਿੱਚ ਹਰਭਜਨ ਸਿੰਘ ਹੁੰਦਲ ਕਾਵਿ ਪੁਰਸਕਾਰ ਸਾਹਿਤਕਾਰ ਜਸਵਿੰਦਰ ਨੂੰ, ਡਾਕਟਰ ਐਸ. ਤਰਸੇਮ ਸਾਹਿਤ ਸਾਧਨਾ ਪੁਰਸਕਾਰ ਸਾਹਿਤਕਾਰ ਬਲਬੀਰ ਪਰਵਾਨਾ ਨੂੰ, ਡਾਕਟਰ ਰਵਿੰਦਰ ਰਵੀ ਆਲੋਚਨਾ ਪੁਰਸਕਾਰ ਡਾ. ਮਨਜਿੰਦਰ ਸਿੰਘ ਨੂੰ, ਗਿਆਨੀ ਹੀਰਾ ਸਿੰਘ ਦਰਦ ਜਥੇਬੰਦੀ ਪੁਰਸਕਾਰ ਸਾਹਿਤਕਾਰ ਕਰਮ ਸਿੰਘ ਵਕੀਲ ਨੂੰ ਦਿੱਤਾ ਗਿਆ।

## ਸਰਕਾਰੀ ਸਕੂਲ ਵਿਚ ਲਾਇਆ ਡੈਂਟਲ ਚੈਕਅਪ ਕੈਂਪ



ਫ਼ਿਰੋਜ਼ਪੁਰ, 20 ਜੁਲਾਈ (ਮਨੋਹਰ ਲਾਲ) :— ਸਮਾਜ ਸੇਵੀ ਕਾਰਜ ਕਰਦੀ ਆ ਰਹੀ ਰੋਟਰੀ ਕਲੱਬ ਫ਼ਿਰੋਜ਼ਪੁਰ ਨੇ ਪੀ.ਐਮ. ਗੌਰਮਿੰਟ ਸੀਨੀਅਰ ਸੈਕੰਡਰੀ ਸਕੂਲ ਫ਼ਿਰੋਜ਼ਪੁਰ ਸ਼ਹਿਰ ਵਿਖੇ ਲਾਇਆ ਡੈਂਟਲ ਚੈਕਅਪ ਕੈਂਪ।ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਰੋਟਰੀ ਕਲੱਬ ਦੇ ਆਗੂਆਂ ਨੇ ਦੱਸਿਆ ਕਿ ਰੋਟਰੀ ਕਲੱਬ ਫ਼ਿਰੋਜ਼ਪੁਰ ਨੇ ਆਪਣੇ ਸਮਾਜਿਕ ਕੰਮਾਂ ਨੂੰ ਅੱਗੇ ਵਧਾਉਂਦੇ ਹੋਏ ਪ੍ਰਧਾਨ ਕਿਰਪਾਲ ਸਿੰਘ ਮੱਕੜ ਦੀ ਅਗਵਾਈ ਹੇਠ ਇਹ ਡੈਂਟਲ ਚੈਕਅਪ ਕੈਂਪ ਲਾਇਆ ਗਿਆ, ਜਿਸ ਵਿਚ ਮਾਹਿਰ ਡਾਕਟਰਾਂ ਨੇ ਸ਼ਿਰਕਤ ਕਰਕੇ ਮਰੀਜਾਂ ਦਾ ਚੈਕਅਪ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਇਸ ਕੈਂਪ ਵਿਚ ਡਾਕਟਰ ਸਾਖਸ਼ੀ, ਡਾ: ਸਮੀਰ, ਡਾ: ਸੁਪਰਿਆ, ਡਾ: ਸ਼ਾਵੀ ਹਾਜ਼ਰ. ਸਨ, ਜਿਨ੍ਹਾਂ ਨੇ ਹਾਜ਼ਰੀਨ ਨੂੰ ਦੰਦਾਂ ਦੀ ਸਾਂਭ—ਸੰਭਾਲ ਤੋਂ ਜਾਣੂ ਕਰਵਾਉਂਦੇ ਹੋਏ ਉਨ੍ਹਾਂ ਦੇ ਦੰਦਾਂ ਦਾ ਚੈਕਅਪ ਕੀਤਾ।

ਇਸ ਮੌਕੇ ਹਾਜ਼ਰ ਹਸਪਤਾਲ ਦੇ ਪੀ.ਆਰ.ਓ ਰਣਜੀਤ ਸਿੰਘ ਨੇ ਲਗਭਗ 200 ਵਿਦਿਆਰਥੀਆਂ ਜਿਨ੍ਹਾਂ ਦਾ ਮਾਹਿਰ ਡਾਕਟਰਾਂ ਵੱਲੋਂ ਚੈਕਅਪ ਕੀਤਾ ਗਿਆ, ਨੂੰ ਸਵੇਰੇ—ਸ਼ਾਮ ਬੁਰਸ਼ ਕਰਨ ਦੀ ਅਪੀਲ ਕੀਤੀ। ਇਸ ਮੌਕੇ ਪ੍ਰੋਜੈਕਟ ਚੇਅਰਮੈਨ ਰੋਟੇਰੀਅਨ ਕਮਲ ਅਰੋੜਾ ਤੇ ਰਾਜੀਵ ਹਾਂਡਾ ਨੇ ਆਈ ਟੀਮ ਦਾ ਸਵਾਗਤ ਕਰਦੇ ਹੋਏ ਉਨ੍ਹਾਂ ਦੇ ਕਾਰਜ ਦੀ ਭਰਪੂਰ ਸ਼ਲਾਘਾ ਕੀਤੀ, ਜਦੋਂ ਕਿ ਰੋਟਰੀ ਕਲੱਬ ਦੀ ਟੀਮ ਨੇ ਪ੍ਰਿੰਸੀਪਲ ਮੈਡਮ ਨਿਤਿਨਾ ਸ਼ਰਮਾ ਅਤੇ ਸਮੂਹ ਸਟਾਫ ਦਾ ਕਲੱਬ ਨੂੰ ਸਹਿਯੋਗ ਦੇਣ ਤੇ ਧੰਨਵਾਦ ਕੀਤਾ। ਇਸ ਕੈਂਪ ਵਿਚ ਸਕੱਤਰ ਰੋਟੇਰੀਅਨ ਸੰਦੀਪ ਸਿੰਗਲਾ, ਪ੍ਰਦੀਪ ਬਿੰਦਰਾ, ਰਾਕੇਸ਼ ਚਾਵਲਾ, ਦਿਨੇਸ਼ ਕਟਾਰੀਆ, ਸੁਰਿੰਦਰ ਸਿੰਘ ਕਪੂਰ ਅਤੇ ਅਜੇ ਬਜਾਜ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਰਾਣੀਆਂ ਮੰਡੀ ਕੱਚਾ ਆੜਤੀ ਐਸੋਸੀਏਸ਼ਨ ਵੱਲੋਂ

# ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਨਾਲ ਵਿਸ਼ੇਸ਼ ਮੁਲਾਕਾਤ









ਅੱਜ ਰਾਣੀਆਂ ਮੰਡੀ ਕੱਚਾ ਆੜਤੀ ਐਸੋਸੀਏਸ਼ਨ ਦੇ ਪ੍ਰਧਾਨ ਸ੍ਰੀ ਸੋਮ ਪ੍ਰਕਾਸ਼ ਜੈਨ,ਵਾਈਸ ਪ੍ਰਧਾਨ ਮੁਖਤਿਆਰ ਸਿੰਘ,ਸੈਕਟਰੀ ਅਸ਼ੋਕ ਕੁਮਾਰ,ਜਗਵਿੰਦਰ ਸਿੰਘ ਬਰਾੜ,ਜਸਨੂਰ ਸਿੰਘ,ਅਭਿਸ਼ੇਕ ਵਿਸ਼ੂ ਜੈਨ ਅਤੇ ਸ੍ਰੀ ਪ੍ਰਦੀਪ ਜੈਨ ਪ੍ਰਧਾਨ ਕੱਚਾ ਆੜਤੀ ਅਸ਼ੋਸੀਏਸ਼ਨ ਜ਼ਿਲਾ ਸਿਰਸਾ ਨੇ ਗੁਰਦੁਆਰਾ ਗੁਰੂ ਗ੍ਰੰਥਸਰ ਦਾਦੂ ਸਾਹਿਬ ਵਿਖੇ ਮੱਥਾ ਟੇਕਿਆ ਅਤੇ ਮੁੱਖ ਸੇਵਾਦਾਰ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਆਜ਼ਾਦ ਨਾਲ ਮੁਲਾਕਾਤ ਕੀਤੀ ਸਿਰਪਾਓ ਭੇਂਟ ਕਰਕੇ ਵਿਸ਼ੇਸ਼ ਸਨਮਾਨ ਕੀਤਾ ਅਤੇ ਸ਼ੁੱਧ ਦੇਸੀ ਘਿਓ ਦੀ ਗਾਗਰ ਭੇਂਟ ਕੀਤੀ। (ਫੋਟੋਆਂ ਤੇ ਵੇਰਵਾ : ਆਵਾਜ਼ਿ ਕੌਮ ਬਿਊਰੋ)

# ਸੰਤ ਕਰਤਾਰ ਸਿੰਘ ਮੈਮੋਰੀਅਲ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਵਿੱਚ ਸ੍ਰੀ ਗੁਰੂ ਹਰ ਕ੍ਰਿਸ਼ਨ ਸਾਹਿਬ ਜੀ ਦਾ ਪ੍ਰਕਾਸ਼ ਦਿਹਾੜਾ ਮਨਾਇਆ



ਫ਼ਿਰੋਜ਼ਪੁਰ, 20 ਜੁਲਾਈ (ਮਨੋਹਰ ਲਾਲ) :— ਸ੍ਰੀ ਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮੁਖੀ ਦਮਦਮੀ ਟਕਸਾਲ ਮਹਿਤਾ ਦੀ ਰਹਿਨੁਮਾਈ ਹੇਠ ਚੱਲ ਰਹੇ ਸੰਤ ਕਰਤਾਰ ਸਿੰਘ ਮੈਮੋਰੀਅਲ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਵਿੱਚ ਸਾਹਿਬ ਸ੍ਰੀ ਗੁਰੂ ਹਰ ਕ੍ਰਿਸ਼ਨ ਜੀ ਦਾ ਪ੍ਰਕਾਸ਼ ਦਿਹਾੜਾ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਵਿਦਿਆਰਥੀਆਂ ਵੱਲੋਂ ਕਵਿਤਾ ਕਵੀਸ਼ਰੀ ਗਾਇਨ ਕੀਤੀ ਗਈ।ਇਸ ਮੌਕੇ ਸਕੂਲ ਪ੍ਰਿੰਸੀਪਲ ਮੈਡਮ ਜਸਪ੍ਰੀਤ ਕੌਰ ਅਤੇ ਭਾਈ ਵੀਰਪਾਲ ਸਿੰਘ ਨੇ ਵਿਦਿਆਰਥੀਆਂ ਨੂੰ ਸਾਹਿਬ ਸ੍ਰੀ ਗੁਰੂ ਹਰਕ੍ਰਿਸ਼ਨ ਸਾਹਿਬ ਜੀ ਦੇ ਜੀਵਨ ਦੇ ਸੰਖੇਪ ਇਤਿਹਾਸ ਬਾਰੇ ਦੱਸਿਆ ਅਤੇ ਕਿਹਾ ਕਿ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਸਿੱਖ ਧਰਮ ਦੇ ਅੱਠਵੇਂ ਗੁਰੂ ਸਾਹਿਬ ਹੋਏ ਹਨ।ਆਪ ਜੀ ਦਾ ਜਨਮ ਸੰਨ 1656 ਈਸਵੀਂ ਨੂੰ ਕੀਰਤਪੁਰ ਸਾਹਿਬ ਦੀ ਪਵਿੱਤਰ ਨਗਰੀ, ਜੋ ਦਰਿਆਵਾਂ, ਜੰਗਲਾ ਤੇ ਪਹਾੜਾਂ ਦੇ ਅਨੋਖੇ ਸੰਗਮ ਦੀ ਧਰਤੀ ਹੈ ਵਿਖੇ ਹੋਇਆ।ਆਪ ਜੀ ਦੇ ਪਿਤਾ ਗੁਰੂ ਹਰਿਰਾਏ ਸਾਹਿਬ, ਜੋ ਬਾਬਾ ਗੁਰਦਿੱਤਾ ਜੀ ਦੇ ਬੇਟੇ ਅਤੇ ਸਿੱਖ ਧਰਮ ਦੇ ਸੱਤਵੇਂ ਗੁਰੂ ਸਾਹਿਬ ਸਨ, ਕਿਹਾ ਜਾਂਦਾ ਹੈ ਕਿ ਸਤਿਗੁਰਾਂ ਜੀ ਦੇ ਪਾਵਨ ਆਗਮਨ ਨੇ ਪੂਰੀ ਕਾਇਨਾਤ ਨੂੰ ਆਪਣੀਆਂ ਪਾਵਨ ਬਖਸ਼ਿਸ਼ਾਂ ਦੇ ਨਾਲ ਨਿਵਾਜਿਆ, ਸਭ ਦੀਆਂ ਖੁਸ਼ੀਆਂ ਝੋਲੀਆਂ ਨਾਲ ਭਰ ਦਿੱਤੀਆਂ। ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦਾ ਚਿਹਰਾ ਮਨਮੋਹਨਾ ਤੇ ਹਿਰਦਾ ਕੋਮਲ ਸੀ, ਹਰ ਵੇਖਣ ਵਾਲਾ ਉਨ੍ਹਾਂ ਵੱਲ ਖਿੱਚਿਆ ਜਾਂਦਾ ਸੀ, ਆਪ ਜੀ ਦਾ ਬਚਪਨ ਪਿਤਾ ਗੁਰੂ ਹਰਿਰਾਏ ਸਾਹਿਬ ਜੀ ਦੀ ਨਿਗਰਾਨੀ ਵਿੱਚ ਬੀਤਿਆ।ਆਪ ਜੀ ਦੀ ਸ਼ਖਸ਼ੀਅਤ ਤੇ ਆਪ ਜੀ ਦੇ ਪਿਤਾ ਜੀ ਦਾ ਪ੍ਰਭਾਵ ਬਹੁਤ ਜਿਆਦਾ ਸੀ।ਆਪ ਆਪਣੇ ਹੱਥੀ ਆਈ ਸੰਗਤ ਨੂੰ ਪ੍ਰਸ਼ਾਦਾ ਛਕਾਉਣ ਦੀ ਸੇਵਾ ਵਿੱਚ ਲੱਗੇ ਰਹਿੰਦੇ, ਗੁਰੂ ਹਰਿਰਾਇ ਸਾਹਿਬ ਜੀ ਦੇ ਰੱਬੀ ਸ਼ਖਸ਼ੀਅਤ ਵਾਲੇ ਗੁਣ ਹੌਲੀ ਹੌਲੀ ਆਪ ਜੀ ਦੀ ਸ਼ਖਸ਼ੀਅਤ ਦਾ ਹਿੱਸਾ ਬਣਦੇ ਜਾ ਰਹੇ ਸਨ। ਕੋਮਲ ਸੁਭਾਅ ਅਤੇ ਸੰਵੇਦਨਸ਼ੀਲਤਾ ਆਪ ਜੀ ਦੀ ਸ਼ਖਸ਼ੀਅਤ ਦਾ ਮੁੱਖ ਗੁਣ ਸੀ, ਆਪ ਜੀ ਦੀ ਅੱਖਰੀ ਵਿਦਿਆ ਆਪਣੇ ਪਿਤਾ ਜੀ ਦੀ ਨਿਗਰਾਨੀ ਹੇਠ ਪੂਰੀ ਹੋਈ। ਗੁਰੂ ਹਰਿਰਾਏ ਸਾਹਿਬ ਜਿੱਥੇ ਸੰਗਤਾਂ ਨੂੰ ਅਧਿਆਤਮਿਕ ਸ਼ਾਂਤੀ ਦਾ ਰਾਹ ਦਿਖਾ ਰਹੇ ਸਨ ਉਥੇ ਦੀਨ ਦੁਨੀਆ ਦੇ ਦੁੱਖ ਵੀ ਵੰਡਾਉਂਦੇ। ਇਸ ਮੌਕੇ ਵਿਦਿਆਰਥੀਆਂ ਅਤੇ ਅਧਿਆਪਕ ਸਹਿਬਾਨ ਨੇ ਹਾਜ਼ਰੀ ਭਰੀ।

# ਸਮੱਸਿਆਵਾਂ ਨੂੰ ਲੈ ਕੇ ਸੀਨੀਅਰ ਸਿਟੀਜਨ ਫੋਰਮ ਦੀ ਹੋਈ ਮੀਟਿੰਗ



ਫ਼ਿਰੋਜ਼ਪੁਰ, 20 ਜੁਲਾਈ (ਮਨੋਹਰ ਲਾਲ) :— ਸੀਨੀਅਰ ਸਿਟੀਜਨ ਫੋਰਮ ਫਿਰੋਜ਼ਪੁਰ ਦੀ ਕਾਰਜ ਕਾਰਨੀ ਦੀ ਮੀਟਿੰਗ ਸ਼੍ਰੀ ਪਰਦੀਪ ਧਵਨ ਦੀ ਅਗਵਾਈ ਵਿੱਚ ਕ੍ਰਿਸ਼ਨਾ ਹੋਟਲ ਅੰਦਰੂਨ ਦਿੱਲੀ ਗੇਟ ਫਿਰੋਜ਼ਪੁਰ ਸ਼ਹਿਰ ਵਿਖ਼ੇ ਹੋਈ। ਮੀਟਿੰਗ ਵਿੱਚ ਹਾਜ਼ਰ ਸਾਥੀਆਂ ਨੇ ਸ਼ਹਿਰ ਵਿੱਚ ਸੜਕਾਂ ਦੀ ਮੁਰੰਮਤ ਅਤੇ ਟੋਏ ਭਰਨ, ਸੀਵਰੇਜ ਸਿਸਟਮ ਠੀਕ ਕਰਨ, ਬੇਸਹਾਰਾ ਪਸ਼ੂਆਂ ਅਤੇ ਕੁੱਤਿਆਂ ਦੀ ਸੰਭਾਲ ਕਰਨ ਫ਼ਿਰੋਜ਼ਪੁਰ ਤੋਂ ਹਰਿਦੁਆਰ ਅਤੇ ਸ਼੍ਰੀ ਹਜੂਰ ਸਾਹਿਬ ਨੰਦੇੜ ਮਹਾਰਾਸ਼ਟਰਾ ਨੂੰ ਜਾਂਦੀਆਂ ਹਫਤਾਵਾਰੀ ਰੇਲ ਗੱਡੀਆਂ ਨੂੰ ਹਫਤੇ ਵਿੱਚ ਦੋ ਵਾਰ ਸ਼ੁਰੂ ਕਰਨ, ਨਵੀਂ ਦਿੱਲੀ ਤੋਂ ਮੋਗਾ ਇੰਟਰਸਿਟੀ ਅਤੇ ਨਵੀਂ ਦਿੱਲੀ ਤੋਂ ਬਠਿੰਡਾ ਤੱਕ ਦੀਆਂ ਰੇਲ ਗੱਡੀਆਂ ਨੂੰ ਫ਼ਿਰੋਜ਼ਪੁਰ ਛਾਉਣੀ ਤੱਕ ਚਲਾਉਣ ਸੰਬੰਧੀ ਜਲਦੀ ਹੀ ਫੋਰਮ ਦਾ ਡੈਪੂਟੇਸ਼ਨ ਰੇਲਵੇ ਅਧਿਕਾਰੀਆਂ ਨੂੰ ਮਿਲੇਗਾ। ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ ਸੀਵਰੇਜ਼ ਸਿਸਟਮ ਨੂੰ ਠੀਕ ਕਰਨ ਸੰਬੰਧੀ ਉੱਚ ਅਧਿਕਾਰੀਆਂ ਨੂੰ ਮਿਲਿਆ ਜਾਵੇਗਾ ਅਤੇ ਇਹ ਵੀ ਫੈਸਲਾ ਕੀਤਾ ਕਿ ਅਗਲੀ ਮੀਟਿੰਗ ਰਾਮ ਬਾਗ਼ ਫ਼ਿਰੋਜ਼ਪੁਰ ਛਾਉਣੀ ਵਿਖੇ 27 ਜੁਲਾਈ ਨੂੰ ਕੀਤੀ ਜਾਵੇਗੀ ਜਿਸ ਵਿੱਚ ਹਾਜਰ ਸਾਥੀਆਂ ਨੂੰ ਸਮੇਂ ਸਿਰ ਹਾਜਰ ਹੋਣ ਦੀ ਅਪੀਲ ਕੀਤੀ ਗਈ ਇਸ ਮੌਕੇ ਦੇਸ਼ ਦੇ ਮਹਾਨ ਦਰਗਾ ਅਤੇ ਉਲੰਪਿਕ ਖੇਡਾਂ ਵਿੱਚ ਦੇਸ਼ ਦੀ ਅਗਵਾਈ ਕਰਨ ਵਾਲੇ ਸ਼੍ਰੀ ਫੌਜਾ ਸਿੰਘ ਦੀ 114 ਸਾਲ ਦੀ ਉਮਰ ਵਿੱਚ ਸੜਕ ਹਾਦਸੇ ਵਿੱਚ ਹੋਈ ਮੌਤ ਤੇ ਸਮੂਹ ਹਾਜਰ ਸਾਥੀਆਂ ਨੇ ਅਫਸੋਸ ਜ਼ਾਹਰ ਕੀਤਾ ਅਤੇ ਸ਼ਰਧਾਂਜਲੀ ਭੇਂਟ ਕੀਤੀ। ਇਸ ਮੌਕੇ ਪਰਦੀਪ ਧਵਨ, ਸਤੀਸ਼ ਪੂਰੀ, ਮੁਹਿੰਦਰ ਸਿੰਘ ਧਾਲੀਵਾਲ, ਰਾਕੇਸ਼ ਸ਼ਰਮਾ, ਸੁਰਿੰਦਰ ਬੇਰੀ, ਡਾਕਟਰ ਸੁਰਿੰਦਰ ਸਿੰਘ, ਡਾਕਟਰ ਗੁਰਦੇਵ ਸਿੰਘ ਮਿੱਤਲ, ਤਿਲਕ ਰਾਜ ਏਰੀ, ਅਵਤਾਰ ਸਿੰਘ ਭੋਲਾ, ਪ੍ਰੇਮ ਚੰਦ, ਬਲਦੇਵ ਸਚਦੇਵਾ, ਚਰਨਜੀਤ ਮਹਾਜਨ, ਸ਼ਾਮ ਲਾਲ ਗੱਖੜ, ਹਰੀਸ਼ ਮੌਂਗਾ ਯੋਗਿੰਦਰ ਕਾਕੜ, ਪਰਵੇਸ਼ ਕੁਮਾਰ ਗੱਤਿੰਦਰ ਕਮਲ ਆਦਿ ਨੇ ਸੰਬੋਧਨ ਕੀਤਾ।

# ਨਰੇਗਾ ਰੁਜ਼ਗਾਰ ਪ੍ਰਾਪਤ ਮੁਜਦੂਰ ਯੂਨੀਅਨ ਪੰਜਾਬ ਦੇ ਸੱਦੇ ਤੇ ਡੀ.ਸੀ ਦਫਤਰ ਤਰਨ ਤਾਰਨ ਵਿਖੇ 25 ਜੁਲਾਈ ਨੂੰ ਰੋਸ ਪ੍ਰਦਰਸ਼ਨ

**ਤਰਨ ਤਾਰਨ, 20 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਨਰੇਗਾ ਰੁਜ਼ਗਾਰ ਪ੍ਰਾਪਤ ਮੁਜਦੂਰ ਯੂਨੀਅਨ ਪੰਜਾਬ ਦੇ ਸੱਦੇ ਡੀ.ਸੀ ਦਫਤਰ ਤਰਨ ਤਾਰਨ ਵਿਖੇ 25 ਜੁਲਾਈ ਨੂੰ ਰੋਹ ਭਰਪੂਰ ਰੋਸ ਪ੍ਰਦਰਸ਼ਨ ਕੀਤਾ ਜਾ ਰਿਹਾ ਹੈ ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕਰਦਿਆ ਨਰੇਗਾ ਰੁਜ਼ਗਾਰ ਪ੍ਰਾਪਤ ਮੁਜਦੂਰ ਯੂਨੀਅਨ ਦੇ ਜਿਲ੍ਹਾ ਸਕੱਤਰ ਗੁਰਦਿਆਲ ਸਿੰਘ ਖਡੂਰ ਸਾਹਿਬ ਤੇ ਚਰਨ ਸਿੰਘ ਤਰਨ ਤਾਰਨ ,ਘਕ ਸਿੰਘ ਵੇਈ ਪੂੰਈ ਨੇ ਜਿਲ੍ਹੇ ਦੇ ਵੱਖ ਵੱਖ ਪਿੰਡਾ ਜਿੰਨਾ 'ਚ ਢੋਟੀਆਂ, ਜਾਉਣੇਕੇ,ਦਦਹੇਰ ਸਾਹਿਬ,ਚੋਹਲਾ ਸਾਹਿਬ ਆਦਿ ਪਿੰਡਾਂ ਦਾ ਦੋਰਾ ਕਰਦਿਆ ਕਿਹਾ ਕੇਂਦਰ ਤੇ ਪੰਜਾਬ ਦੀ ਸਰਕਾਰ ਨਰੇਗਾ ਕਾਨੂੰਨ ਤਹਿਤ 100 ਦਿਨ ਕੰਮ ਦੀ ਗਰੰਟੀ ਕਰਦਾ ਪਾਸ ਹੋਇਆ ਹੈ ਪਰ ਉਪਰੋਕਤ ਸਰਕਾਰਾ ਇਸ ਕਾਨੂੰਨ ਦੀਆ ਧੱਜਈਆ ਉਡਾ ਰਹੀਆ ਹਨ ਨਰੇਗਾ ਰੁਜ਼ਗਾਰ ਬੰਦ ਕਰਨਾ ਚੁਹਦਿਆ ਹਨ ਪਰ ਨਰੇਗਾ ਕਾਮੇ ਇਹਨਾ ਸਰਕਾਰਾ ਮਨਸੂਬੇ ਕਾਮਯਾਬ ਨਹੀ ਹੋਣ ਦੇਣਗੇ ਉਨ੍ਹਾਂ ਕਿਹਾ ਕੰਮ ਅਰਜੀ ਦੀ ਰਸੀਦ ਨਾ ਦੇਣ ਵਾਲੇ ਅਧਿਕਾਰੀ ਤੇ ਕਾਨੂੰਨੀ ਕਾਰਵਾਈ ਕੀਤੀ ਜਾਵੇ ਅਤੇ ਕੰਮ ਅਰਜੀ ਰਸੀਦ ਯਕੀਨੀ ਬਣਾਈ ਜਾਵੇ ਮੰਗੇ ਕੰਮ ਨੂੰ ਸਮੇ ਸਿਰ ਤੇ ਮੰਗ ਮੁਤਾਬਿਕ ਪੂਰਾ ਕੰਮ ਦਿਓ ਆਦਿ ਮੰਗਾ ਨੂੰ ਲੈ ਕੇ ਜਿਲ੍ਹਾ ਭਰ ਦੇ ਨਰੇਗਾ ਮਜ਼ਦੂਰ ਨੇ ਅਪੀਲ ਕਰਦਿਆ ਦੱਸਿਆ ਕਿ ਰੋਸ ਪ੍ਰਦਰਸ਼ਨ ਵਿਚ ਵੱਡੀ ਗਣਤੀ ਵਿਚ ਨਰੇਗਾ ਕਾਮੇ ਪੁਹੰਚਣਗੇ।